ਮੰਗਲਵਾਰ, 31 ਮਾਰਚ, 2026
18 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 299

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 31 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12

# ਸਪੇਨ ਵੱਲੋਂ ਅਮਰੀਕੀ ਜੰਗੀ ਜਹਾਜ਼ਾਂ ਲਈ ਏਅਰਸਪੇਸ ਬੰਦ

## ਟਰੰਪ ਵੱਲੋਂ ਖਰਗ ਟਾਪੂ 'ਤੇ ਕਬਜ਼ਾ ਕਰਨ ਦੀ ਮੁੜ ਧਮਕੀ

**ਮੈਡਰਿਡ** : ਸਪੇਨ ਨੇ ਈਰਾਨ ਖਿਲਾਫ ਜੰਗ ਵਿੱਚ ਸ਼ਾਮਲ ਅਮਰੀਕੀ ਫੌਜੀ ਜਹਾਜ਼ਾਂ ਲਈ ਆਪਣੀ ਏਅਰਸਪੇਸ ਬੰਦ ਕਰ ਦਿੱਤੀ ਹੈ ਅਤੇ ਫੌਜੀ ਅੱਡੇ ਦੀ ਵਰਤੋਂ ਵੀ ਰੋਕ ਦਿੱਤੀ ਹੈ। ਸਪੇਨ ਦੀ ਰੱਖਿਆ ਮੰਤਰੀ ਮਾਰਗਾਰੀਟਾ ਰੋਬਲੇਸ ਨੇ ਕਿਹਾ ਕਿ ਦੇਸ਼ ਆਪਣੇ ਏਅਰਸਪੇਸ ਤੇ ਫੌਜੀ ਅੱਡਿਆਂ ਦੀ ਵਰਤੋਂ ਈਰਾਨ ਨਾਲ ਜੁੜੇ ਕਿਸੇ ਵੀ ਫੌਜੀ ਅਪ੍ਰੇਸ਼ਨ ਲਈ ਨਹੀਂ ਕਰਨ ਦੇਵੇਗਾ। ਇਸ ਫੈਸਲੇ ਦੇ ਬਾਅਦ ਅਮਰੀਕੀ ਜਹਾਜ਼ਾਂ ਨੂੰ ਰੂਟ ਬਦਲਣੇ ਪੈਣਗੇ। ਹਾਲਾਂਕਿ ਸਪੇਨ ਨੇ ਮਾਨਵੀ ਤੇ ਹੰਗਾਮੀ ਉਡਾਣਾਂ ਨੂੰ ਛੋਟ ਦਿੱਤੀ ਹੈ। ਸਪੇਨ ਦੇ ਅਰਥ ਵਿਵਸਥਾ ਮੰਤਰੀ ਕਾਰਲੋਸ ਕੁਏਪ੍ਰੋ ਨੇ ਕਿਹਾ ਕਿ ਇਹ ਫੈਸਲਾ ਇਕਤਰਫਾ ਤੇ ਕੌਮਾਂਤਰੀ ਕਾਨੂੰਨ ਖਿਲਾਫ ਜੰਗ ਦੀ ਹਮਾਇਤ ਨਾ ਕਰਨ ਦੇ ਆਧਾਰ 'ਤੇ ਲਿਆ ਗਿਆ ਹੈ। ਸਪੇਨ ਦੇ ਪ੍ਰਧਾਨ ਮੰਤਰੀ ਪੈਡਰੋ ਸਾਂਚੇਜ਼ ਪਹਿਲਾਂ ਹੀ ਅਮਰੀਕੀ-ਇਜ਼ਰਾਈਲੀ ਹਮਲਿਆਂ ਦੀ ਅਲੋਚਨਾ ਕਰ ਚੁੱਕੇ ਹਨ। ਅਮਰੀਕੀ ਰਾਸ਼ਟਰਪਤੀ ਟਰੰਪ ਨੇ ਸਪੇਨ ਖਿਲਾਫ ਵਪਾਰਕ ਕਾਰਵਾਈ ਕਰਨ ਦੀ ਧਮਕੀ ਦਿੱਤੀ ਹੈ।

ਟਰੰਪ ਨੇ ਈਰਾਨ ਦੇ ਮੁੱਖ ਤੇਲ ਟਰਮੀਨਲ 'ਖਰਗ ਟਾਪੂ' ਉੱਤੇ ਅਮਰੀਕੀ ਫੌਜ ਦੇ ਕਬਜ਼ੇ ਦੀ ਸੰਭਾਵਨਾ ਜਤਾ ਕੇ ਦੁਨੀਆ-ਭਰ ਵਿੱਚ ਹਲਚਲ ਮਚਾ ਦਿੱਤੀ ਹੈ। 'ਦਿ ਫਾਈਨੈਂਸ਼ੀਅਲ ਟਾਈਮਜ਼' ਨਾਲ ਗੱਲਬਾਤ ਕਰਦਿਆਂ ਟਰੰਪ ਨੇ ਕਿਹਾ ਕਿ ਅਮਰੀਕਾ ਕੋਲ ਕਈ ਵਿਕਲਪ ਮੌਜੂਦ ਹਨ ਅਤੇ ਉਹ ਬਹੁਤ ਆਸਾਨੀ ਨਾਲ ਇਸ ਟਾਪੂ ਨੂੰ ਆਪਣੇ ਕੰਟਰੋਲ ਵਿੱਚ ਲੈ ਸਕਦਾ ਹੈ।

ਉਨ੍ਹਾ ਈਰਾਨੀ ਸੁਰੱਖਿਆ ਨੂੰ ਨਕਾਰਦਿਆਂ ਕਿਹਾ ਕਿ ਜੇ ਲੋੜ ਪਈ ਤਾਂ ਅਮਰੀਕੀ ਫੌਜ ਉੱਥੇ ਲੰਬੇ ਸਮੇਂ ਤੱਕ ਰੁਕ ਵੀ ਸਕਦੀ ਹੈ। ਦੂਜੇ ਪਾਸੇ, ਈਰਾਨ ਨੇ ਸਖਤ ਰੁਖ ਅਖਤਿਆਰ ਕਰਦਿਆਂ ਧਮਕੀ ਦਿੱਤੀ ਹੈ ਕਿ ਜੇ ਅਮਰੀਕੀ ਫੌਜ ਨੇ ਉਨ੍ਹਾਂ ਦੀ ਧਰਤੀ 'ਤੇ ਕਦਮ ਰੱਖਿਆ, ਤਾਂ ਉਹ ਖਾੜੀ ਦੇ ਅਰਬ ਦੇਸ਼ਾਂ 'ਤੇ ਜ਼ਮੀਨੀ ਹਮਲਾ ਅਤੇ ਨਵੇਂ ਸਿਰਿਓਂ ਜੰਗੀ ਕਾਰਵਾਈਆਂ ਸ਼ੁਰੂ ਕਰ ਦੇਣਗੇ। ਇਸੇ ਦੌਰਾਨ, ਟਰੰਪ ਨੇ ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਘੇਰ ਕਾਲੀਬਾਫ ਦੀ ਭੂਮਿਕਾ ਨੂੰ ਅਹਿਮ ਦੱਸਦਿਆਂ ਖੁਲਾਸਾ ਕੀਤਾ ਕਿ ਹਾਰਮੁਜ਼ ਜਲਮਾਰਗ ਰਾਹੀਂ ਤੇਲ ਟੈਂਕਰ ਲੰਘਾਉਣ ਦੀ ਇਜਾਜ਼ਤ ਉਨ੍ਹਾ ਵੱਲੋਂ ਹੀ ਦਿੱਤੀ ਗਈ ਹੈ। ਟਰੰਪ ਨੇ ਦੱਸਿਆ ਕਿ ਪਹਿਲਾਂ ਪਾਕਿਸਤਾਨੀ ਝੰਡੇ ਵਾਲੇ 10 ਟੈਂਕਰਾਂ ਨੂੰ ਰਾਹ ਦਿੱਤਾ ਗਿਆ ਸੀ, ਜਿਨ੍ਹਾਂ ਦੀ ਗਿਣਤੀ ਹੁਣ ਵਧ ਕੇ 20 ਹੋ ਗਈ ਹੈ। ਰਾਸ਼ਟਰਪਤੀ ਨੇ ਇਸ ਨੂੰ ਇੱਕ 'ਤੋਹਫੇ' ਵਜੋਂ ਪੇਸ਼ ਕਰਦਿਆਂ ਕਿਹਾ ਕਿ ਈਰਾਨ ਨਾਲ ਗੱਲਬਾਤ ਬਹੁਤ ਵਧੀਆ ਦਿਸ਼ਾ ਵਿੱਚ ਜਾ ਰਹੀ ਹੈ। ਈਰਾਨੀ ਸਪੀਕਰ ਕਾਲੀਬਾਫ ਨੇ ਅਮਰੀਕਾ 'ਤੇ ਦੋਸ਼ ਲਗਾਇਆ ਹੈ ਕਿ ਉਹ ਇੱਕ ਪਾਸੇ ਗੱਲਬਾਤ ਲਈ ਸੁਨੇਹੇ ਭੇਜ ਰਿਹਾ ਹੈ ਅਤੇ ਦੂਜੇ ਪਾਸੇ ਜ਼ਮੀਨੀ ਹਮਲੇ ਦੀ ਯੋਜਨਾ ਬਣਾ ਰਿਹਾ ਹੈ। ਜੇ ਅਮਰੀਕੀ ਫੌਜ ਨੇ ਕੋਈ ਕਾਰਵਾਈ ਕੀਤੀ ਤਾਂ ਈਰਾਨ ਮੂੰਹ-ਤੋੜ ਜਵਾਬ ਦੇਵੇਗਾ। ਉਨ੍ਹਾ ਰਾਸ਼ਟਰ ਦੇ ਨਾਂਅ ਆਪਣੇ ਸੰਦੇਸ਼ ਵਿੱਚ ਕਿਹਾ, "ਜਦੋਂ ਤੱਕ ਅਮਰੀਕਾ ਈਰਾਨ ਦਾ ਆਤਮ-ਸਮਰਪਣ ਚਾਹੁੰਦਾ ਹੈ, ਸਾਡਾ ਜਵਾਬ ਇਹ ਹੈ ਕਿ ਅਸੀਂ ਕਦੇ ਵੀ ਅਜਿਹੀ ਜ਼ਲਾਲਤ ਸਵੀਕਾਰ ਨਹੀਂ ਕਰਾਂਗੇ।"

# ਮਾਨ ਵੱਲੋਂ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਲੈਣ ਦਾ ਸੱਦਾ

## ਮੈਂ ਵੀ ਮੁੱਖ ਮੰਤਰੀ ਬਣਨ ਦਾ ਸੁਪਨਾ ਲਿਆ ਸੀ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਬਣਨ ਤੋਂ ਕਈ ਸਾਲ ਪਹਿਲਾਂ ਜਦੋਂ ਵੀ ਚੰਡੀਗੜ੍ਹ ਹੁੰਦੇ ਸਨ ਤਾਂ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਖੜ੍ਹ ਕੇ ਆਪਣੇ ਮਨ 'ਚ ਧਿਆਉਂਦੇ ਸਨ ਕਿ ਇੱਕ ਦਿਨ ਉਹ ਸੂਬੇ ਦੇ ਸਿਖਰਲੇ ਆਗੂ ਬਣਨਗੇ ਅਤੇ ਇਸ ਘਰ ਵਿੱਚ ਰਹਿਣਗੇ।

ਨੌਜਵਾਨਾਂ ਨੂੰ ਆਪਣੇ ਟੀਚੇ ਪ੍ਰਾਪਤ ਕਰਨ ਲਈ ਸੁਪਨੇ ਦੇਖਣ ਅਤੇ ਉਨ੍ਹਾਂ ਨੂੰ ਸਾਕਾਰ ਕਰਨ ਲਈ ਮਿਹਨਤ ਕਰਨ ਦਾ ਸੰਦੇਸ਼ ਦਿੰਦਿਆਂ ਮਾਨ ਨੇ ਕਿਹਾ ਕਿ ਉਹ ਕਦੇ ਦੁਪਹਿਰ ਵੇਲੇ ਅਤੇ ਕਦੇ ਦੇਰ ਰਾਤ ਬਾਹਰ ਖੜ੍ਹੇ ਹੋ ਕੇ ਮੁੱਖ ਮੰਤਰੀ ਦੇ ਸੁਰੱਖਿਆ ਕਰਮੀਆਂ ਨਾਲ ਗੱਲਾਂ ਕਰਦੇ ਸਨ। ਉਨ੍ਹਾ ਕਿਹਾ, "ਮੈਂ ਉਨ੍ਹਾਂ ਨੂੰ ਕਹਿੰਦਾ ਸੀ ਕਿ ਘਰ ਨੂੰ ਸਾਫ-ਸੁਥਰਾ ਰੱਖੋ... ਮੈਂ ਜਲਦੀ ਹੀ ਇਸ ਘਰ ਅਤੇ ਮੁੱਖ ਮੰਤਰੀ ਦੀ ਕੁਰਸੀ 'ਤੇ ਕਾਬਜ਼ ਹੋਣ ਲਈ ਆਵਾਂਗਾ। ਅਖੀਰ ਇਹ ਸੱਚ ਹੋ ਗਿਆ।"

ਮਾਨ ਨੇ ਦੱਸਿਆ ਕਿ ਇੱਕ ਵਿਦਿਆਰਥੀ ਦੇ ਤੌਰ 'ਤੇ ਉਨ੍ਹਾ ਨੇ ਇੱਕ ਵਾਰ ਆਈ ਪੀ ਐੱਸ ਅਧਿਕਾਰੀ ਐੱਮ ਐੱਫ ਫਾਰੂਕੀ ਦਾ ਭਾਸ਼ਣ ਸੁਣਿਆ ਸੀ। ਉਨ੍ਹਾ ਕਿਹਾ, "ਉਸ ਅਧਿਕਾਰੀ ਨੇ ਸਾਨੂੰ ਦੱਸਿਆ ਸੀ ਕਿ ਕਿਵੇਂ ਉਸ ਨੇ ਆਪਣੇ ਸਾਈਕਲ ਤੋਂ ਅਧਿਕਾਰੀ ਦੀ ਕਾਰ ਤੱਕ ਪਹੁੰਚਣ ਦਾ ਸੁਪਨਾ ਦੇਖਿਆ ਸੀ। ਮੈਂ ਇਸ ਗੱਲ ਨੂੰ ਆਪਣੇ ਮਨ ਵਿੱਚ ਵਸਾ ਲਿਆ ਸੀ।"

ਮੁੱਖ ਮੰਤਰੀ ਨੇ ਕਿਹਾ ਕਿ ਉਹ ਇਹੀ ਗੱਲ 11ਵੀਂ-12ਵੀਂ ਦੇ ਵਿਦਿਆਰਥੀਆਂ ਅਤੇ ਕਾਲਜਾਂ, ਯੂਨੀਵਰਸਿਟੀਆਂ ਤੇ ਆਈ ਆਈ ਟੀ ਦੇ ਉਨ੍ਹਾਂ ਨੌਜਵਾਨਾਂ ਨੂੰ ਵੀ ਸਮਝਾਉਂਦੇ ਹਨ, ਜੋ ਸਰਕਾਰ ਦੇ 'ਬਿਜ਼ਨਸ ਬਲਾਸਟਰ' ਪ੍ਰੋਗਰਾਮ ਦਾ ਹਿੱਸਾ ਹਨ। ਉਨ੍ਹਾ ਦੱਸਿਆ ਕਿ ਵਿਦਿਆਰਥੀਆਂ ਨੂੰ ਨਵੀਆਂ ਚੀਜ਼ਾਂ ਬਣਾਉਣ ਅਤੇ ਡਿਜ਼ਾਈਨ ਕਰਨ ਲਈ 2000 ਰੁਪਏ ਦੀ ਮਦਦ (ਸੀਡ ਮਨੀ) ਦਿੱਤੀ ਜਾਂਦੀ ਹੈ, ਤਾਂ ਜੋ ਉਹ ਖੁਦ ਦਾ ਕਾਰੋਬਾਰ ਸ਼ੁਰੂ ਕਰਕੇ ਉੱਦਮੀ ਬਣ ਸਕਣ। ਉਨ੍ਹਾ ਇਹ ਵੀ ਕਿਹਾ ਕਿ ਇਹ ਪ੍ਰੋਗਰਾਮ ਬਹੁਤ ਕਾਮਯਾਬੀ ਨਾਲ ਚੱਲ ਰਿਹਾ ਹੈ।

ਮੁੱਖ ਮੰਤਰੀ ਦੇ ਨਾਲ ਹਾਜ਼ਰ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਦੱਸਿਆ ਕਿ ਇਸ ਪ੍ਰੋਗਰਾਮ ਸਦਕਾ ਸੈਂਕੜੇ ਵਿਦਿਆਰਥੀਆਂ ਨੇ ਅਜਿਹੇ ਉਤਪਾਦਾਂ ਦੇ ਮਾਡਲ ਬਣਾਏ ਹਨ, ਜਿਨ੍ਹਾਂ ਦੀ ਹੁਣ ਉਦਯੋਗਪਤੀਆਂ ਵੱਲੋਂ ਮੰਗ ਕੀਤੀ ਜਾ ਰਹੀ ਹੈ। ਬੈਂਸ ਨੇ ਕਿਹਾ, "ਇਨ੍ਹਾਂ ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਰਾਹੀਂ 70 ਕਰੋੜ ਰੁਪਏ ਕਮਾਏ ਹਨ। ਕੁਝ ਨੇ ਡਰੋਨ, ਐਂਟੀ-ਡਰੋਨ ਅਤੇ ਈ-ਬਾਈਕ ਦੇ ਨਮੂਨੇ ਤਿਆਰ ਕੀਤੇ ਹਨ ਅਤੇ ਮੋਗਾ ਦੀ ਇੱਕ ਕੁੜੀ ਨੇ ਤਾਂ ਪਰਾਲੀ ਪ੍ਰਬੰਧਨ ਪ੍ਰਣਾਲੀ ਦਾ ਨਮੂਨਾ ਵੀ ਤਿਆਰ ਕੀਤਾ ਹੈ।" ਉਨ੍ਹਾ ਕਿਹਾ ਕਿ 11ਵੀਂ ਜਮਾਤ ਅਤੇ ਉਸ ਤੋਂ ਉੱਪਰ ਦੇ ਸਾਰੇ ਵਿਦਿਆਰਥੀਆਂ ਲਈ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣਾ ਅਤੇ ਉੱਦਮਤਾ ਦੀ ਸਿਖਲਾਈ ਲੈਣਾ ਲਾਜ਼ਮੀ ਹੈ ਤਾਂ ਜੋ ਉਹ ਨੌਕਰੀ ਮੰਗਣ ਵਾਲੇ ਨਹੀਂ, ਸਗੋਂ ਨੌਕਰੀ ਦੇਣ ਵਾਲੇ ਬਣ ਸਕਣ।

## ਸਿੱਖਿਆ ਖੇਤਰ 'ਚ ਪ੍ਰਾਪਤੀਆਂ ਮਿਸਾਲੀ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ, ਜਿਸ ਸਦਕਾ ਸੂਬੇ ਦੇ ਸਰਕਾਰੀ ਸਕੂਲਾਂ ਦਾ ਮਿਆਰ ਹੁਣ ਨਿੱਜੀ (ਪ੍ਰਾਈਵੇਟ) ਸਕੂਲਾਂ ਦੇ ਬਰਾਬਰ ਹੋ ਗਿਆ ਹੈ।

ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਦੇ ਖੇਤਰ ਵੱਲ ਕਦੇ ਲੋੜੀਂਦਾ ਧਿਆਨ ਨਹੀਂ ਦਿੱਤਾ, ਜਦੋਂਕਿ ਮੌਜੂਦਾ ਸਰਕਾਰ ਨੇ ਇਸ ਨੂੰ ਆਪਣੀ ਮੁੱਖ ਤਰਜੀਹ ਬਣਾਇਆ ਹੈ। ਉਨ੍ਹਾ ਦੱਸਿਆ ਕਿ ਸਰਕਾਰ ਨੇ ਸਿੱਖਿਆ ਦਾ ਬਜਟ ਵਧਾ ਕੇ 19,279 ਕਰੋੜ ਰੁਪਏ ਕਰ ਦਿੱਤਾ ਹੈ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ 'ਨੈਸ਼ਨਲ ਅਚੀਵਮੈਂਟ ਸਰਵੇ' ਵਿੱਚ ਪੰਜਾਬ ਦੇਸ਼ ਭਰ ਵਿੱਚੋਂ ਪਹਿਲੇ ਸਥਾਨ 'ਤੇ ਰਿਹਾ ਹੈ ਅਤੇ ਕੇਰਲਾ, ਗੁਜਰਾਤ ਤੇ ਹਰਿਆਣਾ ਵਰਗੇ ਸੂਬਿਆਂ ਨੂੰ ਪਿੱਛੇ ਛੱਡ ਦਿੱਤਾ ਹੈ। ਉਨ੍ਹਾ ਕਿਹਾ ਕਿ ਹੁਣ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਜੇ ਈ ਈ (ਮੇਨ) ਅਤੇ ਨੀਟ ਵਰਗੀਆਂ ਮੁਕਾਬਲਾ ਪ੍ਰੀਖਿਆਵਾਂ ਵਿੱਚ ਸਫਲਤਾ ਹਾਸਲ ਕਰ ਰਹੇ ਹਨ। ਪੇਂਡੂ ਖੇਤਰਾਂ ਦੇ ਵਿਦਿਆਰਥੀਆਂ ਨੂੰ ਸਕੂਲਾਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਬੱਸ ਸੇਵਾ ਦਾ ਹੁਣ ਤੱਕ 15,500 ਵਿਦਿਆਰਥੀ ਲਾਭ ਲੈ ਰਹੇ ਹਨ। ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਪੰਜਾਬ ਦੇ ਸਕੂਲਾਂ ਵਿੱਚ 'ਹਾਈ ਸਪੀਡ ਇੰਟਰਨੈੱਟ' ਸੇਵਾ ਸ਼ੁਰੂ ਕੀਤੀ ਗਈ ਹੈ, ਜੋ ਦੇਸ਼ ਦੇ ਸਿਰਫ ਤਿੰਨ ਸੂਬਿਆਂ ਵਿੱਚ ਹੀ ਉਪਲੱਬਧ ਹੈ। ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ 14,525 ਅਧਿਆਪਕਾਂ ਸਮੇਤ 1,932 ਕੈਂਪਸ ਮੈਨੇਜਰ, 1,323 ਸੁਰੱਖਿਆ ਗਾਰਡ, 7,876 ਸਫਾਈ ਸੇਵਕ ਅਤੇ 1,792 ਚੌਕੀਦਾਰਾਂ ਦੀ ਭਰਤੀ ਕੀਤੀ ਹੈ। ਉਨ੍ਹਾ 'ਬਿਜ਼ਨਸ ਬਲਾਸਟਰ' ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਵਿੱਚ ਉੱਦਮੀ ਸੋਚ ਪੈਦਾ ਹੋ ਰਹੀ ਹੈ, ਜਿਸ ਨਾਲ ਉਹ ਭਵਿੱਖ ਵਿੱਚ ਨੌਕਰੀਆਂ ਲੈਣ ਵਾਲੇ ਨਹੀਂ, ਸਗੋਂ ਨੌਕਰੀਆਂ ਦੇਣ ਵਾਲੇ ਬਣਨਗੇ।

## ਏਟਕ ਦੀਆਂ ਜਥੇਬੰਦੀਆਂ ਪਹਿਲੀ ਦੇ ਐਕਸ਼ਨ ਨੂੰ ਸਫਲ ਬਣਾਉਣ : ਬਰਾੜ, ਧਾਲੀਵਾਲ

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਦੇਸ਼ ਭਰ ਵਿੱਚ ਮਜ਼ਦੂਰਾਂ, ਮੁਲਾਜ਼ਮਾਂ, ਸਕੀਮ ਵਰਕਰਾਂ, ਠੇਕਾ ਪ੍ਰਣਾਲੀ ਵਰਕਰਾਂ ਆਦਿ ਦੀਆਂ ਪ੍ਰਮੁੱਖ ਨੁਮਾਇੰਦਾ ਜਥੇਬੰਦੀਆਂ ਏਟਕ, ਇੰਟਕ, ਐੱਚ ਐੱਮ ਐੱਸ, ਸੀਟੂ, ਏਕਟੂ, ਫੈਡਰੇਸ਼ਨਾਂ ਅਤੇ ਅਜਾਦ ਜਥੇਬੰਦੀਆਂ ਵੱਲੋਂ ਪਹਿਲੀ ਅਪ੍ਰੈਲ ਨੂੰ ਜ਼ੋਰਦਾਰ ਤਰੀਕੇ ਨਾਲ ਕਾਲਾ ਦਿਵਸ ਜਲਸੇ, ਮੁਜ਼ਾਹਰੇ, ਰੋਸ ਰੈਲੀਆਂ ਆਦਿ ਕਰਕੇ ਮਨਾਇਆ ਜਾਵੇਗਾ, ਕਿਉਂਕਿ ਮੋਦੀ ਸਰਕਾਰ ਵੱਲੋਂ 29 ਕੇਂਦਰੀ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਜੋ ਚਾਰ ਲੇਬਰ ਕੋਡਜ਼ ਬਣਾਏ ਗਏ ਹਨ, ਉਹਨਾਂ ਸੰਬੰਧੀ ਰੂਲ ਬਣਾ ਕੇ ਪਹਿਲੀ ਅਪ੍ਰੈਲ ਨੂੰ ਪੁਰਾਣੇ ਲੇਬਰ ਕਾਨੂੰਨਾਂ ਦੀ ਥਾਂ ਚਾਰ ਲੇਬਰ ਕੋਡਜ਼ ਲਾਗੂ ਕਰ ਦਿੱਤੇ ਜਾਣਗੇ। ਕਾਰਪੋਰੇਟਾਂ ਦੀ ਕੱਠਪੁਤਲੀ ਸਰਕਾਰ ਵੱਲੋਂ ਮਜ਼ਦੂਰ ਜਮਾਤ ਵਿਰੁੱਧ ਜੋ ਲਗਾਤਾਰ ਮਾੜੇ ਫੈਸਲੇ ਲਏ ਜਾ ਰਹੇ ਹਨ ਅਤੇ ਜ਼ੋਰ-ਜਬਰ ਦੇ ਤਰੀਕੇ ਨਾਲ ਲਾਗੂ ਕਰਕੇ ਮਜ਼ਦੂਰਾਂ ਦੇ ਅਧਿਕਾਰ ਖੋਹਣ ਦਾ ਅਤੇ ਸੀਮਤ ਕਰਨ ਦਾ ਜੋ ਅਮਲ ਤੇਜ਼ੀ ਨਾਲ ਚੱਲ ਰਿਹਾ ਹੈ, ਉਹ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਸਗੋਂ ਅਜਿਹੇ ਹਰ ਫੈਸਲੇ ਜਾਂ ਸੋਧਾਂ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ।

ਬਰਾੜ ਅਤੇ ਧਾਲੀਵਾਲ ਨੇ ਕਿਹਾ ਕਿ ਚਾਰੇ ਲੇਬਰ ਕੋਡਜ਼ ਲਾਗੂ ਕਰਨ ਨਾਲ ਮਜ਼ਦੂਰਾਂ ਦੇ ਅਧਿਕਾਰਾਂ ਨੂੰ ਖਤਮ ਕਰਨ ਦੀ ਦਿਸ਼ਾ ਵਿੱਚ ਕਾਰਪੋਰੇਟਾਂ ਨੂੰ ਮਜ਼ਦੂਰਾਂ ਦੇ ਹੱਕ ਵਿੱਚ ਬਣੇ ਲੇਬਰ ਕਾਨੂੰਨਾਂ ਤੋਂ ਮੁਕਤੀ ਦੇ ਦਿੱਤੀ ਗਈ ਹੈ। ਨਾਲ ਹੀ ਟਰੇਡ ਯੂਨੀਅਨਾਂ ਦੀਆਂ ਗਤੀਵਿਧੀਆਂ ਤੋਂ ਵੀ ਮੁਕਤੀ ਦੇਣ ਦਾ ਜਤਨ ਕੀਤਾ ਗਿਆ ਹੈ। ਨਵੇਂ ਲੇਬਰ ਕੋਡਜ਼ ਹੜਤਾਲ ਦੇ ਹੱਕ 'ਤੇ ਪਾਬੰਦੀ ਲਾਉਂਦੇ ਹਨ, ਘੱਟੋ-ਘੱਟ ਉਜਰਤਾਂ ਦੀ ਬਜਾਏ • ਬਾਕੀ ਸਫਾ 2 'ਤੇ

## ਗੁਜਰਾਤ ਦੀ ਪੇਟ ਪੂਜਾ ਐਪ ਖਿਲਾਫ ਫੌਜਦਾਰੀ ਕਾਰਵਾਈ ਕਰਾਂਗੇ : ਚੀਮਾ

**ਚੰਡੀਗੜ੍ਹ** : ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਪੇਟ ਪੂਜਾ ਐਪ ਰਾਹੀਂ ਟੈਕਸ ਚੋਰੀ ਕਰਨ ਦੇ ਮਾਮਲੇ ਦਾ ਸਖਤ ਨੋਟਿਸ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਜਰਾਤ ਦੀ ਪੇਟ ਪੂਜਾ ਐਪ ਵਿਰੁੱਧ ਫੌਜਦਾਰੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਇਸ ਐਪ ਦੀ ਵਰਤੋਂ ਕਰਕੇ ਪੰਜਾਬ ਦੇ ਹੋਟਲਾਂ ਤੇ ਰੈਸਟੋਰੈਂਟਾਂ ਵਾਲਿਆਂ ਨੇ ਜੀ ਐੱਸ ਟੀ ਦੀ ਚੋਰੀ ਕੀਤੀ ਹੈ। ਹੁਣ ਤੱਕ 500 ਕਰੋੜ ਦੀ ਟਰਨਓਵਰ ਛੁਪਾਉਣ ਦਾ ਮਾਮਲਾ ਸਾਹਮਣੇ ਆਇਆ ਹੈ । ਉਨ੍ਹਾ ਦੱਸਿਆ ਕਿ ਹੁਣ ਤੱਕ 239 ਕੇਸਾਂ ਦੀ ਜਾਂਚ ਦੌਰਾਨ 2.54 ਕਰੋੜ ਦੀ ਚੋਰੀ ਫੜੀ ਗਈ ਹੈ, ਜਿਸ ਵਿੱਚੋਂ 2.02 ਕਰੋੜ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਚੀਮਾ ਨੇ ਕਿਹਾ ਕਿ ਪੰਜਾਬ 'ਚ 882 ਅਦਾਰੇ ਪੇਟ ਪੂਜਾ ਐਪ ਦੀ ਵਰਤੋਂ ਕਰ ਰਹੇ ਸਨ। ਦੇਸ਼ ਵਿੱਚ ਕਰੀਬ 70 ਹਜ਼ਾਰ ਕਰੋੜ ਰੁਪਏ ਦੇ ਹੋਏ 'ਪੇਟ ਪੂਜਾ ਜੀ ਐੱਸ ਟੀ' ਘੁਟਾਲੇ ਦਾ ਸੇਕ ਪੰਜਾਬ ਨੂੰ ਵੀ ਲੱਗਿਆ ਹੈ। ਵੇਰਵਿਆਂ ਮੁਤਾਬਕ ਮੁੱਢਲੇ ਪੜਾਅ 'ਤੇ 'ਪੇਟ ਪੂਜਾ' ਐਪ ਜ਼ਰੀਏ ਕਰੋੜਾਂ ਰੁਪਏ ਜੀ ਐੱਸ ਟੀ ਚੋਰੀ ਦੀ ਪੁਸ਼ਟੀ ਹੋਈ ਹੈ।

## ਭਿੰਡੀ ਸੈਦਾਂ ਥਾਣੇ 'ਚ ਧਮਾਕਾ

**ਅੰਮ੍ਰਿਤਸਰ** : ਦਿਹਾਤੀ ਪੁਲਸ ਅਧੀਨ ਆਉਂਦੇ ਭਿੰਡੀ ਸੈਦਾਂ ਥਾਣੇ ਦੇ ਕੰਪਲੈਕਸ ਅੰਦਰ ਸੋਮਵਾਰ ਤੜਕਸਾਰ ਧਮਾਕਾ ਹੋਣ ਤੋਂ ਬਾਅਦ ਇਲਾਕੇ ਵਿੱਚ ਡਰ ਦਾ ਮਾਹੌਲ ਬਣ ਗਿਆ। ਘਟਨਾ ਦਾ ਪਤਾ ਸਵੇਰੇ ਉਦੋਂ ਲੱਗਿਆ, ਜਦੋਂ ਪੁਲਸ ਮੁਲਾਜ਼ਮ ਥਾਣੇ ਪਹੁੰਚੇ ਅਤੇ ਉਨ੍ਹਾਂ ਨੇ ਇਮਾਰਤ ਦੇ ਅੰਦਰ ਹੋਇਆ ਨੁਕਸਾਨ ਦੇਖਿਆ। ਇਲਾਕੇ ਦੇ ਵਸਨੀਕਾਂ ਨੇ ਦੱਸਿਆ ਕਿ ਉਨ੍ਹਾਂ ਨੇ ਰਾਤ ਵੇਲੇ ਜ਼ੋਰਦਾਰ ਧਮਾਕੇ ਦੀ ਆਵਾਜ਼ ਸੁਣੀ ਸੀ। ਹਾਲਾਂਕਿ ਕਿਸੇ ਜਾਨੀ ਨੁਕਸਾਨ ਦੀ ਖਬਰ ਨਹੀਂ ਹੈ ਪਰ ਸੂਤਰਾਂ ਅਨੁਸਾਰ ਥਾਣੇ ਦੇ ਅੰਦਰ ਖੜ੍ਹੇ ਵਾਹਨਾਂ ਨੂੰ ਧਮਾਕੇ • ਬਾਕੀ ਸਫਾ 2 'ਤੇ

## ਕਾਮਰੇਡ ਜੁਗਿੰਦਰ ਸਿੰਘ ਨਾਹਰ ਵਿਚਾਰਧਾਰਕ ਤੌਰ 'ਤੇ ਪਰਪੱਕ ਸੀ : ਗੋਰੀਆ

☛ ਨਾਹਰ ਪੂਰੀ ਜ਼ਿੰਦਗੀ ਖੰਡੇ ਦੀ ਧਾਰ 'ਤੇ ਜੀਵਿਆ : ਭੋਲਾ ☛ ਵਿਧਾਇਕ ਸੁੱਖਾਨੰਦ ਵੱਲੋਂ ਨਾਹਰ ਦੇ ਨਾਂਅ ਲਾਇਬਰੇਰੀ ਸਥਾਪਤ ਕਰਨ ਦਾ ਐਲਾਨ



**ਨੱਥੂਵਾਲਾ, ਬਾਘਾ ਪੁਰਾਣਾ (ਗਿਆਨ ਸੈਦਪੁਰੀ)**- ਉੱਘੇ ਰੰਗ ਕਰਮੀ, ਲੇਖਕ ਤੇ ਕਮਿਊਨਿਸਟ ਆਗੂ ਕਾਮਰੇਡ ਜੋਗਿੰਦਰ ਸਿੰਘ ਨਾਹਰ ਨੂੰ ਵੱਖ-ਵੱਖ ਆਗੂਆਂ ਨੇ ਇਨਕਲਾਬੀ ਸ਼ਰਧਾਂਜਲੀਆਂ ਭੇਟ ਕੀਤੀਆ। ਕਾਮਰੇਡ ਨਾਹਰ ਸੰਘਰਸ਼ਮਈ ਜੀਵਨ ਜਿਉਂਦਿਆਂ ਪਿਛਲੇ ਦਿਨੀਂ ਵਿਛੋੜਾ ਦੇ ਗਏ ਸਨ। ਉਨ੍ਹਾ ਦੇ ਸ਼ਰਧਾਂਜਲੀ ਸਮਾਗਮ ਵਿੱਚ ਲੋਕਾਂ ਦੀ ਵੱਡੀ ਸ਼ਮੂਲੀਅਤ ਇਸ ਗੱਲ ਦੀ ਗਵਾਹੀ ਭਰਦੀ ਸੀ ਕਿ ਉਹ ਲੋਕਾਂ ਦਾ ਜਾਇਆ ਰੰਗ ਕਰਮੀ ਸੀ।

ਸੀ ਪੀ ਆਈ ਜ਼ਿਲ੍ਹਾ ਮੋਗਾ ਦੇ ਸਕੱਤਰ ਕੁਲਦੀਪ ਭੋਲਾ ਨੇ ਕਾਮਰੇਡ ਨਾਹਰ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ 'ਸੂਰਾ ਸੋ ਪਹਿਚਾਨੀਐ ਜੋ ਲਰੇ ਦੀਨ ਕੇ ਹੇਤ॥ ਪੁਰਜਾ ਪੁਰਜਾ ਕਟਿ ਮਰੇ ਕਬਹੂ ਨ ਛਾਡੇ ਖੇਤ॥' ਮਹਾਨ ਤੁਕਾਂ ਕਾਮਰੇਡ ਜੋਗਿੰਦਰ ਸਿੰਘ ਨਾਹਰ ਦੀ ਜ਼ਿੰਦਗੀ 'ਤੇ ਪੂਰੀ ਤਰ੍ਹਾਂ ਢੁਕਦੀਆਂ ਹਨ। ਉਹ ਲੋਕ ਹਿੱਤਾਂ ਲਈ ਪੂਰੀ ਹਯਾਤੀ ਖੰਡੇ ਦੀ ਧਾਰ 'ਤੇ ਜੀਵਿਆ। ਉਹਨਾ ਕਿਹਾ ਕਿ ਉਹ ਆਪਣੇ ਗੀਤਾਂ ਤੇ ਕਵਿਤਾਵਾਂ ਰਾਹੀਂ ਲੋਕਾਂ ਨੂੰ ਇਨਕਲਾਬੀ ਸੁਨੇਹਾ • ਬਾਕੀ ਸਫਾ 2 'ਤੇ

## ਅੱਜ-ਨਾਮਾ

ਚੰਦਰੀ ਏਦਾਂ ਦੀ ਖਬਰ ਹੈ ਨਿੱਤ ਮਿਲਦੀ,
ਪੁੱਤਰਾਂ ਹੱਥੋਂ ਬਜ਼ੁਰਗ ਕਈ ਤੰਗ ਮੀਆਂ।
ਛੱਲੀ-ਪੂਣੀ ਵੀ ਖੋਹੀ ਗਈ ਮਾਪਿਆਂ ਦੀ,
ਹੋਵੇ ਪੂਰੀ ਨਹੀਂ ਰੋਟੀ ਲਈ ਮੰਗ ਮੀਆਂ।
ਮਸਲੇ ਪਰੇ-ਪੰਚਾਇਤ ਆ ਕਈ ਪਹੁੰਚੇ,
ਕਰਦੇ ਸ਼ੋਹਦੇ ਆ ਕੋਈ ਨਾ ਸੰਗ ਮੀਆਂ।
ਕਰਨ ਜਦ ਕੇਸ ਫਿਰ ਜੱਜ ਹੈਰਾਨ ਹੁੰਦੇ,
ਚੜ੍ਹਿਆ ਕਿਹੜਾ ਸਮਾਜ ਨੂੰ ਰੰਗ ਮੀਆਂ।
ਆਂਧਰਾ ਸਰਕਾਰ ਨੇ ਫੈਸਲਾ ਨਵਾਂ ਕੀਤਾ,
ਲੱਗੀ ਆ ਮਾਰਨ ਵਦਾਣ ਦੀ ਸੱਟ ਮੀਆਂ।
ਕੀਤੀ ਜੀਹਨਾਂ ਪ੍ਰਵਾਹ ਨਹੀਂ ਮਾਪਿਆਂ ਦੀ,
ਲਊ ਦਸਵੰਧ ਤਨਖਾਹਾਂ ਤੋਂ ਕੱਟ ਮੀਆਂ।

-ਤੀਸ ਮਾਰ ਖਾਂ

## ਫੜਿਆ ਗਿਆ ਧਮਕੀ ਵਾਲੀਆਂ ਈ-ਮੇਲਾਂ ਕਰਨ ਵਾਲਾ

**ਨਵੀਂ ਦਿੱਲੀ** : ਸਕੂਲਾਂ, ਹਾਈ ਕੋਰਟਾਂ ਅਤੇ ਸਰਕਾਰੀ ਦਫਤਰਾਂ ਨੂੰ 1,100 ਤੋਂ ਵੱਧ ਬੰਬ ਦੀਆਂ ਝੂਠੀਆਂ ਧਮਕੀਆਂ ਭੇਜਣ ਦੇ ਦੋਸ਼ ਵਿੱਚ ਦਿੱਲੀ ਪੁਲਸ ਨੇ ਕਰਨਾਟਕ ਦੇ ਮੈਸੂਰ ਤੋਂ 47 ਸਾਲਾ ਸ੍ਰੀਨਿਵਾਸ ਲੂਈਸ ਨੂੰ ਸਨਿੱਚਰਵਾਰ ਨੂੰ ਉਸ ਦੇ ਕਿਰਾਏ ਦੇ ਮਕਾਨ ਤੋਂ ਕਾਬੂ ਕੀਤਾ ਪੁਲਸ ਨੇ ਦੱਸਿਆ ਕਿ ਲੂਈਸ ਪੋਸਟ ਗ੍ਰੈਜੂਏਟ ਹੈ ਅਤੇ ਬੈਂਗਲੁਰੂ ਦਾ ਰਹਿਣ ਵਾਲਾ ਹੈ। ਉਹ ਇਸ ਸਮੇਂ ਬੇਰੁਜ਼ਗਾਰ ਹੈ ਅਤੇ ਆਪਣੀ ਮਾਂ ਦੇ ਨਾਲ ਰਹਿੰਦਾ ਹੈ, ਜੋ ਕਿ ਇੱਕ ਸੇਵਾਮੁਕਤ ਸਰਕਾਰੀ ਕਰਮਚਾਰੀ ਹੈ। ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਦਾ ਹੈ ਕਿ ਉਹ ਮਾਨਸਕ ਤਣਾਅ ਵਿੱਚ ਹੋ ਸਕਦਾ ਹੈ। ਸ਼ੁਰੂਆਤੀ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਈਮੇਲ ਅਤੇ ਹੋਰ ਸੰਚਾਰ ਸਾਧਨਾਂ ਰਾਹੀਂ ਦੇਸ਼ ਭਰ ਵਿੱਚ 1,100 ਤੋਂ ਵੱਧ ਧਮਕੀ ਭਰੇ ਸੰਦੇਸ਼ ਭੇਜਣ ਦੀ ਗੱਲ ਕਬੂਲ ਕੀਤੀ ਹੈ।




# ਯੂ ਪੀ 'ਚ ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਦੀ ਏ ਆਈ ਕੇ ਐੱਸ ਵੱਲੋਂ ਕਰੜੀ ਆਲੋਚਨਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਆਲ ਇੰਡੀਆ ਕਿਸਾਨ ਸਭਾ (ਏ ਆਈ ਕੇ ਐੱਸ) ਦੇ ਪ੍ਰਧਾਨ ਰਾਜਨ ਕਸ਼ੀਰਸਾਗਰ ਅਤੇ ਜਨਰਲ ਸਕੱਤਰ ਰਵੂਲਾ ਵੈਂਕਈਆ ਨੇ ਜੌਨਪੁਰ, ਸੁਲਤਾਨਪੁਰ, ਮਊ ਅਤੇ ਯੂਪੀ ਦੇ ਹੋਰ ਸਥਾਨਾਂ 'ਤੇ ਗੈਰ-ਕਾਨੂੰਨੀ ਪੁਲਸ ਛਾਪਿਆਂ 'ਚ ਆਗੂਆਂ ਰਾਜੇਂਦਰ ਯਾਦਵ, ਜਨਾਰਦਨ ਰਾਮ, ਰਾਮ ਕੁਮਾਰ ਭਾਰਤੀ ਦੀ ਗੈਰ-ਕਾਨੂੰਨੀ ਗ੍ਰਿਫਤਾਰੀ ਦੀ ਨਿੰਦਾ ਕੀਤੀ ਹੈ। ਉਹਨਾਂ ਕਿਹਾ ਕਿ ਯੋਗੀ ਸਰਕਾਰ ਸ੍ਰੀ ਕਾਸ਼ੀ ਧਾਮ ਕੋਰੀਡੋਰ ਅਤੇ ਹੋਰ ਪ੍ਰੋਜੈਕਟਾਂ ਨੂੰ ਸੱਤਾ ਦੀ ਤਾਕਤ ਦੀ ਵਰਤੋਂ ਕਰਕੇ ਅਤੇ ਕਾਰਪੋਰੇਟ ਮੁਨਾਫ਼ੇ ਲਈ ਅੱਗੇ ਵਧਾ ਰਹੀ ਹੈ। ਮੋਦੀ ਸਰਕਾਰ 1.3 ਲੱਖ ਕਰੋੜ ਦੀ ਰੀਅਲ ਅਸਟੇਟ ਕਾਰੋਬਾਰੀ ਯੋਜਨਾ ਨੂੰ ਅੱਗੇ ਵਧਾ ਰਹੀ ਹੈ।ਸ੍ਰੀ ਕਾਸ਼ੀ ਧਾਮ ਕੋਰੀਡੋਰ ਦਾ ਪ੍ਰੋਜੈਕਟ ਇੱਕ ਗੁਜਰਾਤੀ ਕੰਪਨੀ ਐੱਚ ਸੀ ਪੀ ਡਿਜ਼ਾਈਨ ਅਤੇ ਪ੍ਰਬੰਧਨ ਦੁਆਰਾ ਡਿਜ਼ਾਈਨ ਕੀਤਾ ਗਿਆ ਹੈ। ਇਸ ਰੀਅਲ ਅਸਟੇਟ ਕੋਰੀਡੋਰ ਲਈ ਯੋਗੀ ਦੀ ਅਗਵਾਈ ਵਾਲੀ ਯੂ ਪੀ ਸਰਕਾਰ ਵਾਰਾਨਸੀ ਦੇ 29 ਪਿੰਡਾਂ ਦੀ ਹਜ਼ਾਰਾਂ ਹੈਕਟੇਅਰ ਜ਼ਮੀਨ ਐਕੁਆਇਰ ਕਰ ਰਹੀ ਹੈ।ਏ ਆਈ ਕੇ ਐੱਸ ਸ੍ਰੀ ਕਾਸ਼ੀ ਧਾਮ ਕੋਰੀਡੋਰ ਅਤੇ ਹੋਰ ਪ੍ਰੋਜੈਕਟਾਂ ਦੇ ਨਾਂਅ ਹੇਠ ਰੀਅਲ ਅਸਟੇਟ ਕਾਰੋਬਾਰ ਲਈ ਗੈਰ-ਕਾਨੂੰਨੀ ਜ਼ਮੀਨ ਐਕੁਆਇਰ ਕਰਨ ਦੇ ਇਸ ਮੁੱਦੇ ਨੂੰ ਲਗਾਤਾਰ ਉਠਾ ਰਹੀ ਹੈ। ਕਿਸਾਨ ਸਭਾ 2019 ਵਿੱਚ ਮੋਦੀ ਦੁਆਰਾ ਐਲਾਨ ਕੀਤੇ ਜਾਣ ਤੋਂ ਬਾਅਦ ਤੋਂ ਹੀ ਇਸ ਮੁੱਦੇ 'ਤੇ ਲੜ ਰਹੀ ਹੈ। ਏ ਆਈ ਕੇ ਐੱਸ ਅਤੇ ਕਿਸਾਨਾਂ ਨੇ ਐਲਾਨ ਕੀਤਾ ਹੈ ਕਿ ਇੱਕ ਵੀ ਇੰਚ ਜ਼ਮੀਨ ਐਕੁਆਇਰ ਨਹੀਂ ਹੋਣ ਦਿੱਤੀ ਜਾਵੇਗੀ।ਏ ਆਈ ਕੇ ਐੱਸ ਨੇ 26 ਮਾਰਚ ਨੂੰ ਵਾਰਾਨਸੀ ਦੇ ਪਿੰਡਾਰੀ ਪਿੰਡ ਵਿਖੇ ਕਿਸਾਨ ਮਹਾਂ ਪੰਚਾਇਤ ਦਾ ਆਯੋਜਨ ਕੀਤਾ ਸੀ। ਕਿਸਾਨ ਅਤੇ ਪ੍ਰਭਾਵਿਤ ਲੋਕ ਏ ਆਈ ਕੇ ਐੱਸ ਨਾਲ ਵੱਡੇ ਪੱਧਰ 'ਤੇ ਲਾਮਬੰਦ ਹੋ ਰਹੇ ਸਨ। ਵਧਦੇ ਵਿਰੋਧ ਦੇ ਡਰੋਂ ਉੱਤਰ ਪ੍ਰਦੇਸ਼ ਪੁਲਸ ਨੇ ਵਾਧੂ ਨਿਆਂਇਕ ਭੂਮਿਕਾ ਦੀ ਵਰਤੋਂ ਕਰਦੇ ਹੋਏ ਸੁਲਤਾਨਪੁਰ, ਮਊ, ਜੌਨਪੁਰ, ਗਾਜ਼ੀਪੁਰ ਅਤੇ ਪੂਰਵਾਂਚਲ ਦੇ ਹੋਰ ਸਥਾਨਾਂ 'ਤੇ ਕਈ ਏ ਆਈ ਕੇ ਐੱਸ ਆਗੂਆਂ ਨੂੰ ਗੈਰ-ਕਾਨੂੰਨੀ ਤੌਰ 'ਤੇ ਗ੍ਰਿਫਤਾਰ ਕੀਤਾ। ਏ ਆਈ ਕੇ ਐੱਸ ਦੇ ਉਪ-ਪ੍ਰਧਾਨ ਅਤੇ ਯੂ ਪੀ ਦੇ ਸਾਬਕਾ ਅਸੈਂਬਲੀ ਮੈਂਬਰ ਰਾਜੇਂਦਰ ਨੂੰ ਜੌਨਪੁਰ ਵਿਖੇ ਗ੍ਰਿਫਤਾਰ ਕੀਤਾ ਗਿਆ। ਜਨਾਰਦਨ ਰਾਮ ਦੇ ਨਾਲ ਮਊ ਤੋਂ ਰਾਮ ਕੁਮਾਰ ਭਾਰਤੀ ਨੂੰ ਦੇਰ ਰਾਤ ਉਨ੍ਹਾਂ ਦੇ ਘਰ 'ਤੇ ਗੈਰ-ਕਾਨੂੰਨੀ ਪੁਲਸ ਛਾਪੇਮਾਰੀ ਨਾਲ ਗ੍ਰਿਫਤਾਰ ਕੀਤਾ ਗਿਆ। ਗਾਜ਼ੀਪੁਰ, ਸੁਲਤਾਨਪੁਰ ਅਤੇ ਪੂਰਵਾਂਚਲ ਦੇ ਹੋਰ ਜ਼ਿਲ੍ਹਿਆਂ ਦੇ ਹੋਰ ਏ ਆਈ ਕੇ ਐੱਸ ਆਗੂਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ। ਇਸ ਦਮਨ ਦੇ ਬਾਵਜੂਦ ਏ ਆਈ ਕੇ ਐੱਸ ਲੋਕਾਂ ਦੇ ਵਿਸ਼ਵਾਸ ਦੀ ਵਰਤੋਂ ਕਰਦੇ ਹੋਏ ਭਾਜਪਾ ਸਰਕਾਰ ਦੀ ਵਪਾਰਕ ਯੋਜਨਾ ਨਾਲ ਲੜਨ ਲਈ ਦ੍ਰਿੜ੍ਹ ਹੈ। ਆਲ ਇੰਡੀਆ ਕਿਸਾਨ ਸਭਾ ਕਿਸਾਨਾਂ 'ਤੇ ਕੀਤੇ ਗਏ ਘਿਨਾਉਣੇ ਦਮਨ ਦੀ ਸਖ਼ਤ ਨਿੰਦਾ ਕਰਦੀ ਹੈ। ਉੱਤਰ ਪ੍ਰਦੇਸ਼ ਪੁਲਸ ਦੇ ਦਮਨਕਾਰੀ ਕਾਰੇ ਦੀ ਨਿਆਂਇਕ ਜਾਂਚ ਦੀ ਮੰਗ ਕਰਦੀ ਹੈ।ਏ ਆਈ ਕੇ ਐੱਸ ਮੰਗ ਕਰਦੀ ਹੈ ਕਿ ਅਖੌਤੀ ਕਾਸ਼ੀ ਧਾਮ ਕੋਰੀਡੋਰ ਅਤੇ ਹੋਰ ਵਿਕਾਸ ਪ੍ਰੋਜੈਕਟਾਂ ਨੂੰ ਤੁਰੰਤ ਵਾਪਸ ਲਿਆ ਜਾਵੇ, ਜੋ ਅਸਲ ਵਿੱਚ ਇੱਕ ਰੀਅਲ ਅਸਟੇਟ ਕਾਰੋਬਾਰ ਹਨ।ਭੂ-ਮਾਫੀਆ ਦੇ ਮੁਨਾਫ਼ੇ ਲਈ ਕਿਸਾਨ ਜ਼ਮੀਨ ਅਤੇ ਘਰਾਂ ਨੂੰ ਹਥਿਆਉਣ ਦੀ ਇਜਾਜ਼ਤ ਨਹੀਂ ਦੇਣਗੇ।

# ਗ਼ਦਰੀ ਬਾਬਾ ਭਗਤ ਸਿੰਘ ਬਿਲਗਾ ਦਾ ਜਨਮ ਦਿਨ 2 ਨੂੰ

**ਜਲੰਧਰ (ਕੇਸਰ)**- ਉੱਘੇ ਦੇਸ਼ ਭਗਤ ਗ਼ਦਰੀ ਬਾਬਾ ਕਾਮਰੇਡ ਭਗਤ ਸਿੰਘ ਬਿਲਗਾ ਦੇ ਜਨਮ ਦਿਨ ਸੰਬੰਧੀ ਸਮਾਗਮ 2 ਅਪ੍ਰੈਲ ਨੂੰ ਪਿੰਡ ਬਿਲਗਾ ਵਿਖੇ ਉਹਨਾ ਦੀ ਯਾਦ ਨੂੰ ਸਮਰਪਤ ਹਾਲ ਵਿਚ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਸਮੂਹ ਲੋਕ ਹਿਤੈਸ਼ੀ ਜਥੇਬੰਦੀਆਂ ਦੇ ਆਗੂ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਬਾਬਾ ਬਿਲਗਾ ਜੀ ਨੂੰ ਯਾਦ ਕਰਦੇ ਹੋਏ ਉਹਨਾਂ ਦੀ ਵਿਚਾਰਧਾਰਾ ਦੀ ਅੱਜ ਦੇ ਦੌਰ ਵਿੱਚ ਪ੍ਰਸੰਗਤਾ ਬਾਰੇ ਵਿਚਾਰ-ਚਰਚਾ ਕਰਨਗੇ।

ਗ਼ਦਰੀ ਬਾਬਾ ਭਗਤ ਸਿੰਘ ਬਿਲਗਾ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਬੀਰ ਸਿੰਘ ਸੰਘੇੜਾ ਅਤੇ ਮੀਤ ਪ੍ਰਧਾਨ ਪ੍ਰੋਫੈਸਰ ਡਾ. ਗੋਪਾਲ ਸਿੰਘ ਬੁੱਟਰ ਨੇ ਦੱਸਿਆ ਕਿ ਇਸ ਸਮੇਂ ਸਮਾਗਮ ਦੀ ਪ੍ਰਸੰਗਿਕਤਾ ਇਸ ਕਰਕੇ ਹੋਰ ਵੀ ਵਧ ਜਾਂਦੀ ਹੈ, ਕਿਉਂਕਿ ਬਾਬਾ ਜੀ ਦੀ ਲੋਕ ਹਿਤੈਸ਼ੀ ਵਿਚਾਰਧਾਰਾ ਖਿਲਾਫ ਲੋਕ ਵਿਰੋਧੀ ਸ਼ਕਤੀਆਂ ਅਤੇ ਫਾਸ਼ੀਵਾਦੀ ਤਾਕਤਾਂ ਲੋਕ ਸ਼ਕਤੀ ਨੂੰ ਢਾਹ ਲਾਉਣ ਦਾ ਹਰ ਹਰਬਾ ਵਰਤ ਰਹੀਆਂ ਹਨ।ਉਹਨਾਂ ਸਮੂਹ ਲੋਕ ਹਿਤੈਸ਼ੀ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਮਾਗਮ ਵਿੱਚ ਸ਼ਿਰਕਤ ਕਰਕੇ ਦੇਸ਼ ਨੂੰ ਦਰਪੇਸ਼ ਮਸਲਿਆਂ ਬਾਰੇ ਵਿਚਾਰ-ਚਰਚਾ ਵਿੱਚ ਸ਼ਾਮਲ ਹੋਣ।

# ਕਾਂਗਰਸ, ਅਕਾਲੀ ਦਲ ਤੇ ਭਾਜਪਾ ਆਗੂ 'ਆਪ' 'ਚ ਸ਼ਾਮਲ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਕਾਂਗਰਸ, ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਭਾਰਤੀ ਜਨਤਾ ਪਾਰਟੀ ਦੇ ਵੱਡੀ ਗਿਣਤੀ ਵਿੱਚ ਆਗੂ ਆਪਣੀਆਂ ਪਾਰਟੀਆਂ ਨੂੰ ਵੱਡਾ ਝਟਕਾ ਦਿੰਦਿਆਂ 'ਆਪ' ਵਿੱਚ ਸ਼ਾਮਲ ਹੋ ਗਏ ਹਨ।ਇਹਨਾਂ ਆਗੂਆਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਨੇ ਪੰਜਾਬ ਖਾਦੀ ਵੈੱਲਫੇਅਰ ਬੋਰਡ ਦੇ ਚੇਅਰਮੈਨ ਗਗਨਦੀਪ ਸਿੰਘ ਅਹੂਜਾ ਦੀ ਵਿਸ਼ੇਸ਼ ਮੌਜੂਦਗੀ ਵਿੱਚ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ ਸਵਾਗਤ ਕੀਤਾ।'ਆਪ' ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਆਗੂਆਂ ਵਿੱਚ ਸਾਹਿਬ ਸਿੰਘ ਛੱਜਲਵੱਡੀ (ਵਾਈਸ ਚੇਅਰਮੈਨ, ਐੱਸ ਸੀ ਵਿੰਗ ਬਾਬਾ ਬਕਾਲਾ, ਪੰਜਾਬ ਕਾਂਗਰਸ), ਸਰਬਜੀਤ ਕੌਰ ਧਾਲੀਵਾਲ (ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਅੰਮ੍ਰਿਤਸਰ ਦਿਹਾਤੀ, ਕਾਂਗਰਸ) ਸਮੇਤ ਕਈ ਹੋਰ ਸੀਨੀਅਰ ਕਾਂਗਰਸੀ ਅਹੁਦੇਦਾਰ ਅਤੇ ਜ਼ਮੀਨੀ ਪੱਧਰ ਦੇ ਨੁਮਾਇੰਦੇ ਸ਼ਾਮਲ ਹਨ। ਸ਼ਾਮਲ ਹੋਣ ਵਾਲੇ ਆਗੂਆਂ ਦੀ ਸੂਚੀ ਵਿੱਚ ਸਾਬਕਾ ਸਰਪੰਚ, ਪੰਚ, ਬਲਾਕ ਪੱਧਰੀ ਅਹੁਦੇਦਾਰ ਅਤੇ ਸੀਨੀਅਰ ਆਗੂ ਸਤਜੀਤ ਸਿੰਘ (ਜ਼ਿਲ੍ਹਾ ਜਨਰਲ ਸਕੱਤਰ, ਕਾਂਗਰਸ ਅੰਮ੍ਰਿਤਸਰ ਦਿਹਾਤੀ), ਕੁਲਦੀਪ ਕੌਰ (ਜ਼ਿਲ੍ਹਾ ਜਨਰਲ ਸਕੱਤਰ ਕਾਂਗਰਸ), ਜਸਕਰਨ ਸਿੰਘ (ਜਨਰਲ ਸਕੱਤਰ ਕਾਂਗਰਸ), ਡਾ. ਚਰਨਜੀਤ ਸਿੰਘ (ਸਾਬਕਾ ਸਿਵਲ ਸਰਜਨ ਬਟਾਲਾ), ਨਰਿੰਦਰ ਸ਼ਰਮਾ (ਬਲਾਕ ਕਾਂਗਰਸ ਪ੍ਰਧਾਨ, ਅਟਾਰੀ), ਜੋਗਿੰਦਰ ਸਿੰਘ (ਸਾਬਕਾ ਪੰਚ ਅਤੇ ਭਾਜਪਾ ਮੰਡਲ ਪ੍ਰਧਾਨ), ਗੁਰਪ੍ਰੀਤ ਸਿੰਘ (ਮੈਂਬਰ ਬਲਾਕ ਸੰਮਤੀ) ਅਤੇ ਕਈ ਮੌਜੂਦਾ ਤੇ ਸਾਬਕਾ ਸਰਪੰਚ, ਜਿਨ੍ਹਾਂ ਵਿੱਚ ਕਾਰਜ ਸਿੰਘ (ਝੀਤਾ ਕਲਾਂ), ਕੈਪਟਨ (ਪਿੰਡ ਬੋਹੜ), ਗੁਰਜੋਬਨ ਸਿੰਘ (ਜਹਾਂਗੀਰ), ਕੇਵਲ ਸਿੰਘ (ਫਤਿਹਗੜ੍ਹ ਸ਼ੁਕਰਚੱਕ), ਅਤੇ ਤਰਸੇਮ ਸਿੰਘ (ਜੇਠੂਵਾਲ) ਦੇ ਨਾਂਅ ਸ਼ਾਮਲ ਹਨ।ਇਸ ਤੋਂ ਇਲਾਵਾ ਸੰਤੋਖ ਸਿੰਘ, ਦਿਲਬਾਗ ਸਿੰਘ (ਨੰਬਰਦਾਰ), ਦਰਸ਼ਨ ਸਿੰਘ (ਮਹਿਣੀਆਂ), ਸੇਠੂ (ਮਾਲੇਵਾਲ), ਨਵਜੋਤ ਸਿੰਘ, ਗੁਰਪ੍ਰੀਤ ਸਿੰਘ (ਸੋਹੀਆਂ), ਹਰਦੇਵ ਸਿੰਘ (ਸਾਬਕਾ ਬਲਾਕ ਸੰਮਤੀ ਮੈਂਬਰ), ਸੁਰਜੀਤ ਸਿੰਘ, ਬਲਜਿੰਦਰ ਸਿੰਘ ਵਰਗੇ ਵੱਡੀ ਗਿਣਤੀ ਵਿੱਚ ਪੰਚਾਂ ਅਤੇ ਜ਼ਮੀਨੀ ਪੱਧਰ ਦੇ ਨੁਮਾਇੰਦਿਆਂ ਅਤੇ ਪਿੰਡ ਮਹਿਣੀਆਂ ਤੇ ਆਸ-ਪਾਸ ਦੇ ਇਲਾਕਿਆਂ ਦੇ ਹੋਰਨਾਂ ਆਗੂਆਂ ਨੇ ਵੀ 'ਆਪ' ਦਾ ਪੱਲਾ ਫੜਿਆ।ਹੋਰਨਾਂ ਪਾਰਟੀਆਂ ਦੇ ਆਗੂਆਂ, ਜਿਨ੍ਹਾਂ ਵਿੱਚ ਦਲਜੀਤ ਸਿੰਘ (ਬੀ ਸੀ ਪ੍ਰਧਾਨ ਅਟਾਰੀ), ਬਲਹਾਰ ਸਿੰਘ (ਬਲਾਕ ਪ੍ਰਧਾਨ ਮੀਰਾਂਕੋਟ), ਸਾਹਿਬ ਸਿੰਘ (ਵਾਈਸ ਚੇਅਰਮੈਨ ਐੱਸ ਸੀ ਵਿੰਗ, ਬਾਬਾ ਬਕਾਲਾ) ਅਤੇ ਗੁਰਵਿੰਦਰ ਸਿੰਘ (ਕਾਰਜਕਾਰੀ ਪ੍ਰਧਾਨ ਯੂਥ ਅਕਾਲੀ ਦਲ, ਅੰਮ੍ਰਿਤਸਰ) ਨੇ ਵੀ 'ਆਪ' ਨੂੰ ਆਪਣਾ ਸਮਰਥਨ ਦਿੱਤਾ।

# ਦੇਸ਼ ਭਗਤ ਯਾਦਗਾਰ ਹਾਲ ਤੋਂ ਮਾਰਚ ਕਰਨਗੇ ਮਜ਼ਦੂਰ



**ਜਲੰਧਰ** : ਪੰਜਾਬ ਭਰ 'ਚ 'ਸੰਘਰਸ਼ ਦਿਵਸ' ਮਨਾਉਣ ਦੇ ਫ਼ੈਸਲੇ ਤਹਿਤ ਪਹਿਲੀ ਅਪਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇਕੱਠੇ ਹੋ ਕੇ ਮਜ਼ਦੂਰਾਂ ਵੱਲੋਂ ਸ਼ਹਿਰ ਵਿੱਚ ਮੁਜ਼ਾਹਰਾ ਕੀਤਾ ਜਾਵੇਗਾ। ਟਰੇਡ ਯੂਨੀਅਨਾਂ ਦੀ ਇਸ ਸੰਬੰਧੀ ਹੋਈ ਮੀਟਿੰਗ ਵਿੱਚ ਸੀ ਟੀ ਯੂ ਦੇ ਹਰੀਮੁਨੀ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ, ਏਟਕ ਆਗੂ ਰਣਜੀਤ ਸਿੰਘ ਔਲਖ ਅਤੇ ਰਛਪਾਲ ਕੈਲੇ ਆਦਿ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸੀ-ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਵੱਡੀਆਂ ਕੁਰਬਾਨੀ ਦੇ ਕੇ ਪ੍ਰਾਪਤ ਕੀਤੇ ਅਧਿਕਾਰਾਂ ਅਤੇ ਮਜ਼ਦੂਰਾਂ ਵਿਰੋਧੀ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ ਮਜ਼ਦੂਰ ਲਹਿਰ ਖੜ੍ਹੀ ਕਰਦਿਆਂ ਸੰਘਰਸ਼ਾਂ ਦੇ ਮੈਦਾਨ ਵਿੱਚ ਕੁੱਦਣਾ ਹੋਵੇਗਾ।

# ਸਬ-ਡਵੀਜ਼ਨ ਧੂਰੀ ਪੁਲਸ ਵੱਲੋਂ ਇੱਕ ਹ਼ਫਤੇ 'ਚ 19 ਮੁਕੱਦਮੇ ਦਰਜ, 10 ਗ੍ਰਿਫ਼ਤਾਰ : ਚਹਿਲ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸ੍ਰੀ ਸਰਤਾਜ ਸਿੰਘ ਚਹਿਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਬ-ਡਵੀਜ਼ਨ ਧੂਰੀ ਪੁਲਸ ਵੱਲੋਂ ਚਲਾਈਆਂ ਗਈਆਂ ਮੁਹਿੰਮਾਂ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਨੂੰ ਵੱਡੀ ਸਫਲਤਾ ਮਿਲੀ ਹੈ।23 ਮਾਰਚ ਤੋਂ 29 ਮਾਰਚ ਤੱਕ ਚਲਾਈ ਗਈ ਇਸ ਵਿਸ਼ੇਸ਼ ਮੁਹਿੰਮ ਦੌਰਾਨ ਪੁਲਸ ਨੇ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਦਿਆਂ ਕਈ ਅਹਿਮ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਸਰਤਾਜ ਸਿੰਘ ਚਹਿਲ ਨੇ ਦੱਸਿਆ ਕਿ ਪਿਛਲੇ ਇੱਕ ਹਫ਼ਤੇ ਦੌਰਾਨ ਵੱਖ-ਵੱਖ ਥਾਣਿਆਂ ਵਿੱਚ 19 ਮੁਕੱਦਮੇ ਦਰਜ ਕਰਕੇ 10 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਪੁਲਸ ਵੱਲੋਂ ਇਨ੍ਹਾਂ ਕੋਲੋਂ 70 ਨਸ਼ੀਲੀਆਂ ਗੋਲੀਆਂ ਤੇ 128 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਹੈ।ਇਸ ਤੋਂ ਇਲਾਵਾ ਪੁਲਸ ਨੇ ਪੁਰਾਣੇ ਮਾਮਲਿਆਂ ਵਿੱਚ ਲੋੜੀਂਦੇ ਇੱਕ ਭਗੌੜੇ ਨੂੰ ਵੀ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਕਾਨੂੰਨੀ ਪ੍ਰਕਿਰਿਆ ਨੂੰ ਤੇਜ਼ ਕਰਦਿਆਂ 9 ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਦੋਸ਼ੀਆਂ ਖਿਲਾਫ਼ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਗਏ ਹਨ। ਸਿਰਫ਼ ਸਖ਼ਤੀ ਹੀ ਨਹੀਂ, ਸਗੋਂ ਪੁਲਸ ਨੇ ਮਾਨਵੀ ਪਹੁੰਚ ਅਪਣਾਉਂਦਿਆਂ ਨਸ਼ੇ ਦੇ ਆਦੀ 8 ਵਿਅਕਤੀਆਂ ਨੂੰ ਇਲਾਜ ਲਈ ਓਟ ਸੈਂਟਰਾਂ ਵਿੱਚ ਦਾਖਲ ਕਰਵਾਇਆ ਹੈ। ਜਨਤਕ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਪਹਿਲ ਦਿੰਦਿਆਂ ਪੁਲਸ ਨੇ 130 ਦਰਖ਼ਾਸਤਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ।



ਸਰਤਾਜ ਸਿੰਘ ਚਹਿਲ ਜਾਣਕਾਰੀ ਦਿੰਦੇ ਹੋਏ

ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਗਈ, ਜਿਸ ਤਹਿਤ 188 ਵਾਹਨਾਂ ਦੇ ਚਲਾਨ ਕੀਤੇ ਗਏ ਤੇ ਸ਼ੱਕੀ ਗਤੀਵਿਧੀਆਂ ਦੇ ਆਧਾਰ 'ਤੇ 54 ਵਿਅਕਤੀਆਂ ਵਿਰੁੱਧ ਕਾਰਵਾਈ ਕੀਤੀ ਗਈ।ਸ੍ਰੀ ਚਹਿਲ ਨੇ ਅਪੀਲ ਕੀਤੀ ਕਿ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰਨ ਲਈ ਜਨਤਾ ਦਾ ਸਹਿਯੋਗ ਲਾਜ਼ਮੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ਿਆਂ ਖਿਲਾਫ਼ ਇਹ ਜੰਗ ਨਿਰੰਤਰ ਜਾਰੀ ਰਹੇਗੀ।

## ਖੰਨਾ ਪੁਲਸ ਵੱਲੋਂ ਸਪੈਸ਼ਲ ਕਾਸਕੋ ਅਪ੍ਰੇਸ਼ਨ

**ਦੋਰਾਹਾ (ਹਰਮਿੰਦਰ ਸੇਠ)** 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਖੰਨਾ ਪੁਲਸ ਵੱਲੋਂ ਜ਼ਿਲ੍ਹੇ ਵਿੱਚ ਕਾਨੂੰਨ ਵਿਵਸਥਾ ਕਾਇਮ ਰੱਖਣ ਲਈ ਸਪੈਸ਼ਲ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ (ਕਾਸਕੋ) ਚਲਾਈ ਗਈ।ਇਸ ਆਪ੍ਰੇਸ਼ਨ ਦੌਰਾਨ ਪੁਲਸ ਟੀਮਾਂ ਵੱਲੋਂ ਵੱਖ-ਵੱਖ ਸੰਵੇਦਨਸ਼ੀਲ ਥਾਵਾਂ 'ਤੇ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।ਮੁਹਿੰਮ ਦਾ ਮੁੱਖ ਉਦੇਸ਼ ਅਪਰਾਧਿਕ ਅਨਸਰਾਂ ਦੀ ਪਛਾਣ ਕਰਨਾ ਤੇ ਨਸ਼ੀਲੇ ਪਦਾਰਥਾਂ ਨਾਲ ਸੰਬੰਧਤ ਗਤੀਵਿਧੀਆਂ ਸਮੇਤ ਹੋਰ ਗੈਰ-ਕਾਨੂੰਨੀ ਕਿਰਿਆਕਲਾਪਾਂ 'ਤੇ ਰੋਕ ਲਗਾਉਣਾ ਸੀ।ਡੀ.ਐੱਸ.ਪੀ. ਪ੍ਰਿਤਪਾਲ ਸਿੰਘ ਸੰਧੂ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਸਪੈਸ਼ਲ ਚੈਕਿੰਗ ਮੁਹਿੰਮਾਂ ਨਾਲ ਅਪਰਾਧਿਕ ਤੱਤਾਂ 'ਤੇ ਨਕੇਲ ਪਾਈ ਜਾ ਰਹੀ ਹੈ ਅਤੇ ਖ਼ਾਸ ਤੌਰ 'ਤੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਖੰਨਾ ਪੁਲਸ ਭਵਿੱਖ ਵਿੱਚ ਵੀ ਅਜਿਹੀਆਂ ਕਾਰਵਾਈਆਂ ਜਾਰੀ ਰੱਖੇਗੀ, ਤਾਂ ਜੋ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣੀ ਰਹੇ।ਖੰਨਾ ਪੁਲਸ ਇੱਕ ਸੁਰੱਖਿਅਤ ਤੇ ਸ਼ਾਂਤੀਪੂਰਨ ਸਮਾਜ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



## ਬੇਅੰਤ ਸਿੰਘ ਨੇ ਸਬ-ਤਹਿਸੀਲ ਨਥਾਣਾ ਦਾ ਕਾਰਜਭਾਰ ਸੰਭਾਲਿਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਜ਼ਿਲ੍ਹਾ ਬਠਿੰਡਾ ਦੀ ਸਬ-ਤਹਿਸੀਲ ਨਥਾਣਾ ਤੋਂ ਨਾਇਬ ਤਹਿਸੀਲਦਾਰ ਅਮਰਜੀਤ ਸਿੰਘ ਦਾ ਤਬਾਦਲਾ ਹੋਣ ਤੋਂ ਬਾਅਦ ਉਨ੍ਹਾਂ ਦੀ ਥਾਂ ਨਵੇਂ ਨਾਇਬ ਤਹਿਸੀਲਦਾਰ ਬੇਅੰਤ ਸਿੰਘ ਨੇ ਆਪਣਾ ਕਾਰਜਭਾਰ ਸੰਭਾਲ ਲਿਆ ਹੈ। ਪੰਜਾਬ ਨੰਬਰਦਾਰ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਮਾਲਵਾ, ਇਕਾਈ ਨਥਾਣਾ ਪ੍ਰਧਾਨ ਮੇਜਰ ਸਿੰਘ ਬੱਜੋਆਣਾ, ਗੁਰਸੇਵਕ ਸਿੰਘ ਮਾੜੀ, ਮਲਕੀਤ ਸਿੰਘ ਬੁਰਜ ਡੱਲਾ, ਗੁਰਪ੍ਰੀਤ ਸਿੰਘ ਲਹਿਰਾ ਮੁਹੱਬਤ, ਹਰਜਿੰਦਰ ਸਿੰਘ ਚੱਕ ਫ਼ਤਿਹ ਸਿੰਘ ਵਾਲਾ ਤੇ ਸੁਖਵਿੰਦਰ ਸਿੰਘ ਸਮੇਤ ਸਮੂਹ ਨੰਬਰਦਾਰਾਂ ਅਤੇ ਸਬ-ਤਹਿਸੀਲ ਦੇ ਮੁਲਾਜ਼ਮਾਂ ਨੇ ਚਾਰਜ ਸੰਭਾਲਣ ਮੌਕੇ ਨਾਇਬ ਤਹਿਸੀਲਦਾਰ ਬੇਅੰਤ ਸਿੰਘ ਦਾ ਨਿੱਘਾ ਸਵਾਗਤ ਕੀਤਾ।



# ਪ੍ਰਾਇਮਰੀ ਸਕੂਲ ਬਰਨ ਵਿਖੇ ਗ੍ਰੈਜੂਏਸ਼ਨ ਸੈਰੇਮਨੀ ਕਰਵਾਈ

**ਮਾਨਸਾ (ਆਤਮਾ ਸਿੰਘ ਪਮਾਰ)**- ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਮੈਗਾ ਮਾਪੇ-ਅਧਿਆਪਕ ਮਿਲਣੀ, ਗ੍ਰੈਜੂਏਸ਼ਨ ਸੈਰੇਮਨੀ ਤੇ ਸਲਾਨਾ ਨਤੀਜਿਆਂ ਦਾ ਐਲਾਨ ਕਰਨ ਸੰਬੰਧੀ ਪ੍ਰੋਗਰਾਮ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਮੁਖੀ ਜਗਸੀਰ ਸਿੰਘ ਆਦਮਕੇ ਵੱਲੋਂ ਮਾਪਿਆਂ ਤੇ ਮਹਿਮਾਨਾਂ ਨੂੰ ਜੀ ਆਇਆਂ ਕਹਿੰਦਿਆਂ ਸੰਬੋਧਨੀ ਸ਼ਬਦਾਂ ਨਾਲ ਹੋਈ।ਇਸ ਮੌਕੇ ਸਕੂਲ ਅਧਿਆਪਕਾਂ ਸੰਦੀਪ ਕੌਰ ਬਰਨ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ, ਦੇਖਭਾਲ, ਸਿਹਤ ਆਦਿ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ।ਇਸ ਤੋਂ ਇਲਾਵਾ ਸਕੂਲ ਅਧਿਆਪਕ ਹਰਦੀਪ ਸਿੰਘ ਧੰਨ ਸਿੰਘ ਖਾਨਾ ਵੱਲੋਂ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲਾਂ 'ਚ ਦਾਖ਼ਲ ਕਰਵਾਉਣ ਲਈ ਕਿਹਾ।ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਉਪਰੰਤ ਸਾਲਾਨਾ ਨਤੀਜੇ ਦਾ ਐਲਾਨ ਵੀ ਕੀਤਾ ਗਿਆ।ਪਹਿਲੇ, ਦੂਸਰੇ ਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੇ ਅਖੀਰ 'ਚ ਸਕੂਲ ਮੁਖੀ ਜਗਸੀਰ ਸਿੰਘ ਆਦਮਕੇ ਵੱਲੋਂ ਪ੍ਰੋਗਰਾਮ 'ਚ ਹਾਜ਼ਰ ਬੱਚਿਆਂ ਦੇ ਮਾਪੇ, ਗ੍ਰਾਮ ਪੰਚਾਇਤ ਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਪ੍ਰੋਗਰਾਮ ਦੌਰਾਨ ਐੱਸ ਐੱਮ ਸੀ ਦੇ ਚੇਅਰਮੈਨ ਗੁਰਵਿੰਦਰ ਸਿੰਘ, ਪੀ ਟੀ ਏ ਪ੍ਰਧਾਨ ਗੁਰਮੀਤ ਸਿੰਘ, ਸੇਵਕ ਸਿੰਘ, ਮਾਸਾ ਸਿੰਘ ਚੋਟੀਆਂ, ਆਂਗਣਵਾੜੀ ਵਰਕਰ ਗੋਲੋ ਕੌਰ, ਹੈਲਪਰ ਵੀਰਾਂ ਕੌਰ, ਬੱਚਿਆਂ ਦੇ ਮਾਪੇ ਤੇ ਮਿੱਡ-ਡੇ ਮੀਲ ਕੁੱਕ, ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



## ਰੇਲ ਗੱਡੀ 'ਚੋਂ ਮਿਲੇ ਲਾਵਾਰਿਸ ਬੱਚੇ ਨੂੰ ਸਟਾਫ਼ ਨੇ ਆਰ ਪੀ ਐੱਫ ਹਵਾਲੇ ਕੀਤਾ

**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)** : ਰੇਲਵੇ ਸਟਾਫ਼ ਦੀ ਮੁਸਤੈਦੀ ਤੇ ਮਨੁੱਖੀ ਸੰਵੇਦਨਾ ਦੀ ਇਕ ਮਿਸਾਲੀ ਉਦਾਹਰਣ ਸਾਹਮਣੇ ਆਈ ਹੈ, ਜਦੋਂ ਪੱਛਮ ਸੁਪਰਫਾਸਟ ਐਕਸਪ੍ਰੈੱਸ ਵਿੱਚ ਰਸਤਾ ਭਟਕ ਗਏ ਇੱਕ 13 ਸਾਲਾ ਬਾਲਕ ਨੂੰ ਸੁਰੱਖਿਅਤ ਉਸ ਦੇ ਪਰਿਵਾਰ ਤੱਕ ਪਹੁੰਚਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ।ਬੀਤੇ 29 ਮਾਰਚ ਨੂੰ ਰੇਲ ਗੱਡੀ ਨੰਬਰ 12925 ਪੱਛਮ ਐਕਸਪ੍ਰੈੱਸ ਦੇ ਕੋਚ ਨੰਬਰ ਐੱਸ-2 ਵਿੱਚ ਟਿਕਟ ਚੈਕਿੰਗ ਦੌਰਾਨ ਮੁਸਾਫਰਾਂ ਨੇ ਇੱਕ ਇਕੱਲੇ ਬੈਠੇ ਬੱਚੇ ਬਾਰੇ ਟਿਕਟ ਚੈਕਿੰਗ ਸਟਾਫ਼ ਸ਼ਿਆਮ ਸੁੰਦਰ ਨੂੰ ਜਾਣਕਾਰੀ ਦਿੱਤੀ।ਸੂਚਨਾ ਮਿਲਦੇ ਹੀ ਸ਼ਿਆਮ ਸੁੰਦਰ ਨੇ ਤੁਰੰਤ ਕਾਰਵਾਈ ਕਰਦੇ ਹੋਏ ਬੱਚੇ ਨੂੰ ਆਪਣੀ ਸੁਰੱਖਿਆ ਵਿੱਚ ਲੈ ਲਿਆ।ਜਦੋਂ ਬੱਚੇ ਕੋਲੋਂ ਪੁੱਛਗਿੱਛ ਕੀਤੀ ਗਈ ਤਾਂ ਪਤਾ ਲੱਗਾ ਕਿ ਉਸ ਦੀ ਉਮਰ ਲਗਭਗ 13 ਸਾਲ ਹੈ ਤੇ ਉਸ ਕੋਲ ਕੋਈ ਟਿਕਟ ਨਹੀਂ ਸੀ।ਬੱਚੇ ਨੇ ਦੱਸਿਆ ਕਿ ਉਹ ਆਪਣੀ ਭੈਣ ਨਾਲ ਸਫਰ ਕਰ ਰਿਹਾ ਸੀ, ਪਰ ਭੀੜ ਜਾਂ ਕਿਸੇ ਹੋਰ ਕਾਰਨ ਕਰਕੇ ਉਹ ਉਸ ਤੋਂ ਵਿੱਛੜ ਗਿਆ। ਬੱਚੇ ਨੇ ਇਹ ਵੀ ਦੱਸਿਆ ਕਿ ਉਸ ਨੇ ਪਾਣੀਪਤ ਰੇਲਵੇ ਸਟੇਸ਼ਨ 'ਤੇ ਉਤਰਨਾ ਸੀ।ਯਾਤਰੀਆਂ ਦੀ ਸੁਰੱਖਿਆ ਨੂੰ ਪਹਿਲ ਦਿੰਦੇ ਹੋਏ ਟਿਕਟ ਚੈਕਿੰਗ ਸਟਾਫ਼ ਨੇ ਬਿਨਾਂ ਦੇਰੀ ਕੀਤੇ ਬੱਚੇ ਨੂੰ ਕਰਨਾਲ ਰੇਲਵੇ ਸਟੇਸ਼ਨ 'ਤੇ ਉਤਾਰਿਆ, ਉੱਥੇ ਉਨ੍ਹਾਂ ਨੇ ਬੱਚੇ ਨੂੰ ਰੇਲਵੇ ਸੁਰੱਖਿਆ ਬਲ (ਆਰਪੀਐੱਫ) ਦੇ ਏਐੱਸਆਈ ਰਾਜੇਸ਼ ਕੁਮਾਰ ਤੇ ਕਾਂਸਟੇਬਲ ਰਾਕੇਸ਼ ਕੁਮਾਰ ਦੇ ਹਵਾਲੇ ਕਰ ਦਿੱਤਾ, ਤਾਂ ਜੋ ਉਸ ਨੂੰ ਸੁਰੱਖਿਅਤ ਉਸ ਦੇ ਮਾਪਿਆਂ ਤੱਕ ਪਹੁੰਚਾਇਆ ਜਾ ਸਕੇ।ਇਸ ਸੰਬੰਧੀ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਟਿਕਟ ਚੈਕਿੰਗ ਸਟਾਫ਼ ਨੇ ਆਪਣੀ ਡਿਊਟੀ ਨਿਭਾਉਂਦੇ ਹੋਏ ਬਹੁਤ ਹੀ ਜ਼ਿੰਮੇਵਾਰੀ ਤੇ ਚੌਕਸੀ ਦਾ ਸਬੂਤ ਦਿੱਤਾ ਹੈ।



## ਸਟੀਫਨ ਇੰਟਰਨੈਸ਼ਨਲ ਸਕੂਲ 'ਚ ਕੈਰੀਅਰ ਕਾਊਂਸਲਿੰਗ ਸੈਸ਼ਨ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸਟੀਫਨ ਇੰਟਰਨੈਸ਼ਨਲ ਸਕੂਲ ਵੱਲੋਂ ਕਲਾਸ 11ਵੀਂ ਦੇ ਵਿਦਿਆਰਥੀਆਂ ਲਈ ਕਰੀਅਰ ਕਾਊਂਸਲਿੰਗ ਸੈਸ਼ਨ ਦਾ ਸਫਲ ਆਯੋਜਨ ਆਰ. ਕੇ. ਗੁਪਤਾ ਆਡੀਟੋਰੀਅਮ ਕੈਂਪਸ ਵਿੱਚ ਕੀਤਾ ਗਿਆ।ਇਸ ਸੈਸ਼ਨ ਦਾ ਮਕਸਦ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਦੇ ਸ਼ੈਖਸਿਕ ਤੇ ਪੇਸ਼ੇਵਰ ਰਸਤੇ ਬਾਰੇ ਸਹੀ ਫੈਸਲੇ ਲੈਣ ਲਈ ਮਾਰਗਦਰਸ਼ਨ ਦੇਣਾ ਸੀ।ਇਹ ਸੈਸ਼ਨ ਪ੍ਰਸਿੱਧ ਕਰੀਅਰ ਵਿਸ਼ੇ ਦੇ ਮਾਹਰ ਵਰੁਣ ਲਾਂਬਾ ਵੱਲੋਂ ਲਿਆ ਗਿਆ, ਜਿਨ੍ਹਾਂ ਨੇ ਵੱਖ-ਵੱਖ ਅਕਾਦਮਿਕ ਖੇਤਰਾਂ ਤੇ ਕਰੀਅਰ ਵਿਕਲਪਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ।ਵਿਦਿਆਰਥੀਆਂ ਨੂੰ ਆਪਣੇ ਰੁਝਾਨਾਂ ਨੂੰ ਸਮਝਣ, ਆਪਣੀਆਂ ਯੋਗਤਾਵਾਂ ਨੂੰ ਪਛਾਣਨ ਤੇ ਆਪਣੇ ਭਵਿੱਖ ਦੀ ਯੋਜਨਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਇਸ ਪਹਿਲ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਜੀਵਨ ਦੇ ਇਸ ਮਹੱਤਵਪੂਰਨ ਮੋੜ 'ਤੇ ਸਹੀ ਰਹਿਨੁਮਾਈ ਬਹੁਤ ਜ਼ਰੂਰੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਲਕਸ਼ 'ਤੇ ਕੇਂਦਰਿਤ ਰਹਿਣ, ਆਪਣੀ ਸਮਰੱਥਾ ਨੂੰ ਸਮਝਣ ਤੇ ਸੋਚ-ਸਮਝ ਕੇ ਫੈਸਲੇ ਲੈਣ ਲਈ ਉਤਸ਼ਾਹਤ ਕੀਤਾ।ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ, ਸਵਾਲ ਪੁੱਛੇ ਤੇ ਆਪਣੇ ਸੁਪਨਿਆਂ ਅਤੇ ਲਕਸ਼ਾਂ ਬਾਰੇ ਗੱਲਬਾਤ ਕੀਤੀ।ਇਸ ਇੰਟਰੈਕਟਿਵ ਸੈਸ਼ਨ ਨੇ ਉਨ੍ਹਾਂ ਨੂੰ ਬਦਲਦੇ ਕਰੀਅਰ ਵਿਕਲਪਾਂ ਤੇ ਸਹੀ ਦਿਸ਼ਾ ਚੁਣਨ ਦੀ ਮਹੱਤਤਾ ਨੂੰ ਸਮਝਣ ਵਿੱਚ ਮਦਦ ਕੀਤੀ।ਇਸ ਪ੍ਰੋਗਰਾਮ ਵਿੱਚ ਮਾਪਿਆਂ ਨੂੰ ਵੀ ਸੱਦਾ ਦਿੱਤਾ ਗਿਆ, ਜਿਸ ਨਾਲ ਇਹ ਵਿਦਿਆਰਥੀਆਂ ਦੇ ਉੱਜਲੇ ਭਵਿੱਖ ਦੀ ਨਿਰਮਾਣ ਵੱਲ ਇੱਕ ਸਾਂਝੀ ਕੋਸ਼ਿਸ਼ ਬਣੀ।ਇਹ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਹੀ ਪ੍ਰੇਰਨਾਦਾਇਕ ਤੇ ਲਾਭਦਾਇਕ ਸਾਬਿਤ ਹੋਇਆ।



## ਗਲੋਬਲ ਡਿਸਕਵਰੀ ਸਕੂਲ 'ਚ ਮਾਪੇ-ਅਧਿਆਪਕ ਮੀਟਿੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਸਾਲਾਨਾ ਪ੍ਰੀਖਿਆਵਾਂ ਤੋਂ ਬਾਅਦ ਮਾਪੇ-ਅਧਿਆਪਕ ਮੀਟਿੰਗ (ਪੀਟੀਐੱਮ) ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਮਾਪੇ ਹਾਜ਼ਰ ਹੋਏ ਤੇ ਆਪਣੇ ਬੱਚਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਮੀਟਿੰਗ ਦੌਰਾਨ ਅਧਿਆਪਕਾਂ ਨੇ ਨਤੀਜੇ, ਵਿਹਾਰ, ਹਾਜ਼ਰੀ ਤੇ ਸਿੱਖਣ ਦੀ ਪ੍ਰਗਤੀ ਬਾਰੇ ਚਰਚਾ ਕੀਤੀ ਅਤੇ ਸਰਵ-ਪੱਖੀ ਵਿਕਾਸ ਲਈ ਘਰ-ਸਕੂਲ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਮਾਪਿਆਂ ਨੇ ਵੀ ਬੱਚਿਆਂ ਦੀ ਪੜ੍ਹਾਈ, ਰੁਚੀਆਂ ਤੇ ਭਵਿੱਖ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਚੰਗੇ ਨਤੀਜਿਆਂ ਤੇ ਨਵੀਂ ਕਲਾਸ ਵਿੱਚ ਪ੍ਰਵੇਸ਼ ਦੀ ਖੁਸ਼ੀ ਹਰ ਕਿਸੇ ਦੇ ਚਿਹਰੇ 'ਤੇ ਸਪੱਸ਼ਟ ਨਜ਼ਰ ਆਈ।ਇਸ ਮੌਕੇ ਉਪ-ਚੇਅਰਮੈਨ ਅਮਿਤ ਸਰਾਫ਼ ਨੇ ਕਿਹਾ ਕਿ ਬੱਚਿਆਂ ਦੀ ਸਫਲਤਾ ਵਿੱਚ ਮਾਪਿਆਂ ਤੇ ਅਧਿਆਪਕਾਂ ਦੀ ਸਾਂਝੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਮਾਪਿਆਂ ਨੇ ਸਕੂਲ ਦੀ ਸਿੱਖਿਆ ਪ੍ਰਣਾਲੀ ਤੇ ਅਨੁਸ਼ਾਸਨ ਦੀ ਪ੍ਰਸੰਸਾ ਕਰਦਿਆਂ ਪ੍ਰਬੰਧਕਾਂ ਦਾ ਧੰਨਵਾਦ ਕੀਤਾ।



# ਬਠਿੰਡਾ ਦੇ ਵਕੀਲ ਵੱਲੋਂ ਖ਼ੁਦਕੁਸ਼ੀ

**ਬਠਿੰਡਾ** : ਗਰੀਨ ਐਨਕਲੇਵ ਕਲੋਨੀ ਵਿੱਚ ਰਹਿਣ ਵਾਲੇ ਮਰਹੂਮ ਕਾਂਗਰਸੀ ਆਗੂ ਸੁਖਰਾਜ ਸਿੰਘ ਨੱਤ ਦੇ ਇਕਲੌਤੇ ਪੁੱਤਰ ਤੇ ਪੇਸ਼ੇ ਤੋਂ ਵਕੀਲ ਦਵਿੰਦਰਪਾਲ ਸਿੰਘ ਨੱਤ ਨੇ ਖ਼ੁਦਕੁਸ਼ੀ ਕਰ ਲਈ। ਮੌਤ ਤੋਂ ਪਹਿਲਾਂ ਬਣਾਈ ਵੀਡੀਓ ਵਿੱਚ ਨੱਤ ਨੇ ਚੰਡੀਗੜ੍ਹ ਦੇ ਪ੍ਰਸਿੱਧ ਕਾਲੋਨਾਈਜ਼ਰ ਬਿੰਦਰਪਾਲ ਮਿੱਤਲ ਅਤੇ ਉਸ ਦੇ ਪੁੱਤਰਾਂ ਭਰਤ ਮਿੱਤਲ ਤੇ ਪ੍ਰਤੀਕ ਮਿੱਤਲ ਨੂੰ ਆਪਣੀ ਮੌਤ ਦਾ ਜ਼ਿੰਮੇਵਾਰ ਠਹਿਰਾਇਆ ਹੈ। ਨੱਤ ਨੇ ਇਲਜ਼ਾਮ ਲਾਇਆ ਕਿ ਉਕਤ ਬਿਲਡਰਾਂ ਨੇ ਉਸ ਦੇ 5 ਕਰੋੜ ਰੁਪਏ ਦਬਾ ਲਏ ਅਤੇ ਉਸ ਰਾਹੀਂ ਹੋਰਨਾਂ ਦੋਸਤਾਂ ਵੱਲੋਂ ਨਿਵੇਸ਼ ਕੀਤੇ ਗਏ 6-7 ਕਰੋੜ ਰੁਪਏ ਵੀ ਵਾਪਸ ਨਹੀਂ ਕੀਤੇ ਜਾ ਰਹੇ ਸਨ, ਜਿਸ ਕਾਰਨ ਉਹ ਭਾਰੀ ਮਾਨਸਕ ਪਰੇਸ਼ਾਨੀ ਵਿੱਚ ਸੀ।

ਉਸ ਨੇ ਵੀਡੀਓ ਰਾਹੀਂ ਆਪਣੇ ਪਿਤਾ ਦੇ ਸ਼ੁਭਚਿੰਤਕਾਂ ਅਤੇ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਸ ਦੀ ਮੌਤ ਤੋਂ ਬਾਅਦ ਉਸ ਦੇ ਪਰਵਾਰ ਨੂੰ ਇਨਸਾਫ ਦਿਵਾਇਆ ਜਾਵੇ। ਸੁਖਰਾਜ ਸਿੰਘ ਨੱਤ, ਜੋ ਤਿੰਨ ਵਾਰ ਵਿਧਾਨ ਸਭਾ ਚੋਣ ਲੜ ਚੁੱਕੇ ਸਨ ਅਤੇ 'ਵੈਵਕੋ' ਦੇ ਚੇਅਰਮੈਨ ਵੀ ਰਹੇ ਸਨ, ਦੇ ਦੇਹਾਂਤ ਤੋਂ ਬਾਅਦ ਹੁਣ ਪਰਵਾਰ ਵਿੱਚ ਸਿਰਫ ਦਵਿੰਦਰਪਾਲ ਦੀ ਮਾਂ ਅਤੇ ਪਤਨੀ ਹੀ ਰਹਿ ਗਏ ਹਨ।

# ਮੁਫਤ ਹੋਮਿਓਪੈਥੀ ਕੈਂਪ 'ਚ 260 ਮਰੀਜ਼ਾਂ ਦੀ ਕੀਤੀ ਜਾਂਚ



**ਮਲੇਰਕੋਟਲਾ (ਅਸਗਰ ਪਰਿਹਾਰ)**- ਰਾਣੂ ਹੋਮਿਓਪੈਥੀ ਹੈਲਥ ਸੈਂਟਰ ਰਾਏਕੋਟ ਵੱਲੋਂ ਸਥਾਨਕ ਗੁਰਦੁਆਰਾ ਸਾਹਿਬ ਸ਼੍ਰੀ ਹਾਅ ਦਾ ਨਾਅਰਾ ਵਿਖੇ ਮੁਫਤ ਹੋਮਿਓਪੈਥੀ ਕੈਂਪ ਲਾਇਆ ਗਿਆ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਥਾਨਕ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਵੱਲੋਂ ਕੀਤਾ ਗਿਆ। ਕੈਂਪ ਵਿੱਚ ਗੁਰਦੁਆਰਾ ਟਰੱਸਟ ਦੇ ਚੇਅਰਮੈਨ ਅਜੀਤ ਸਿੰਘ ਚੰਦੂਰਾਈਆਂ, ਬਹਾਦਰ ਸਿੰਘ, ਕੌਂਸਲਰ ਮਹਿੰਦਰ ਸਿੰਘ ਪਰੂਥੀ, ਹੈੱਡ ਗ੍ਰੰਥੀ ਭਾਈ ਨਰਿੰਦਰ ਪਾਲ ਸਿੰਘ, ਚਰਨਜੀਤ ਸਿੰਘ ਚਹਿਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਡਾਕਟਰ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਰਾਣੂ ਪਰਿਵਾਰ ਸਮਾਜ ਸੇਵਾ ਤੇ ਮਾਨਵਤਾ ਦੀ ਭਲਾਈ ਲਈ ਬਹੁਤ ਵੱਡਾ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕੈਂਪ ਦੀ ਵਿਲੱਖਣਤਾ ਇਹ ਹੈ ਕਿ ਜੋ ਵੀ ਮਰੀਜ਼ ਇਸ ਕੈਂਪ ਦੌਰਾਨ ਦਵਾਈ ਲੈ ਕੇ ਜਾਵੇਗਾ, ਉਸ ਦੀ ਬਿਮਾਰੀ ਠੀਕ ਹੋਣ ਤੱਕ ਉਸ ਨੂੰ ਦਵਾਈ ਰਾਣੂ ਹੋਮਿਓਪੈਥੀ ਹੈਲਥ ਸੈਂਟਰ ਵੱਲੋਂ ਮੁਫ਼ਤ ਉਪਲਬਧ ਕਰਾਈ ਜਾਵੇਗੀ। ਡਾਕਟਰ ਪਰਮਜੀਤ ਸਿੰਘ ਰਾਣੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪੰਜਾਬ ਵਿੱਚ ਹਰ ਸਾਲ ਇਸ ਤਰ੍ਹਾਂ ਦੇ ਦੋ ਕੈਂਪ ਲਗਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਾਡੇ ਲਈ ਵੱਡੇ ਮਾਣ ਦੀ ਗੱਲ ਹੈ ਕਿ ਸਾਨੂੰ ਅੱਜ ਇਸ ਪਵਿੱਤਰ ਥਾਂ 'ਤੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਹੋਮਿਓਪੈਥੀ ਨੂੰ ਸਰਕਾਰੀ ਤੌਰ 'ਤੇ ਸਰਪ੍ਰਸਤੀ ਦਿਵਾਉਣ ਵਿੱਚ ਮਲੇਰਕੋਟਲਾ ਦੇ ਨਵਾਬ ਸਾਹਿਬ ਦਾ ਬਹੁਤ ਵੱਡਾ ਹੱਥ ਹੈ। ਇਸ ਲਈ ਮਾਲੇਰਕੋਟਲੇ ਦਾ ਹੋਮਿਓਪੈਥੀ ਪੱਧਤੀ ਨਾਲ ਬਹੁਤ ਪੁਰਾਣਾ ਤੇ ਮਜ਼ਬੂਤ ਰਿਸ਼ਤਾ ਹੈ। ਇਸ ਮੌਕੇ ਡਾਕਟਰ ਪਰਮਜੀਤ ਸਿੰਘ ਰਾਣੂ, ਡਾਕਟਰ ਇੰਦਰਜੀਤ ਕੌਰ ਰਾਣੂ ਤੇ ਡਾਕਟਰ ਨਵਜੋਤ ਸਿੰਘ ਰਾਣੂ ਵੱਲੋਂ ਆਪਣੀ ਟੀਮ ਸਮੇਤ 260 ਮਰੀਜ਼ਾਂ ਦੀ ਜਾਂਚ ਕਰਕੇ ਲੋੜੀਂਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਸਟੇਜ ਸਕੱਤਰ ਦੀ ਭੂਮਿਕਾ ਪ੍ਰਿੰਸੀਪਲ ਨਿਰਪਾਲ ਸਿੰਘ ਜਲਾਲਦੀਵਾਲ ਨੇ ਕੀਤੀ ਤੇ ਕੌਂਸਲਰ ਮਹਿੰਦਰ ਸਿੰਘ ਪਰੂਥੀ ਵੱਲੋਂ ਆਏ ਸਮੂਹ ਮਹਿਮਾਨਾਂ ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦਾ ਸਹਿਯੋਗ ਲਈ ਧੰਨਵਾਦ ਕੀਤਾ ਗਿਆ।

...ਸਫ਼ਾ 1 ਦੇ ਬਾਕੀ

## ਕਾਮਰੇਡ ਜੁਗਿੰਦਰ ਸਿੰਘ ਨਾਹਰ ਵਿਚਾਰਧਾਰਕ ...





ਦਿੰਦਾ ਸੀ। ਭੋਲਾ ਨੇ ਉਹਨਾ ਦੀ ਪਾਰਟੀ ਪ੍ਰਤੀ ਸਮਰਪਣ ਭਾਵਨਾ ਦਾ ਜ਼ਿਕਰ ਇੱਕ ਅਹਿਮ ਘਟਨਾ ਦੇ ਹਵਾਲੇ ਨਾਲ ਦਿੱਤਾ। ਉਹਨਾ ਦੱਸਿਆ ਕਿ ਉਸ ਦਿਨ ਪਾਰਟੀ ਦਾ ਇੱਕ ਸਮਾਗਮ ਰੱਖਿਆ ਹੋਇਆ ਸੀ, ਜਿਸ ਦਿਨ ਕਾਮਰੇਡ ਨਾਹਰ ਦੇ ਆਪਣੇ ਪਿਤਾ ਦਾ ਅੰਤਮ ਸੰਸਕਾਰ ਹੋਣਾ ਸੀ। ਨਾਹਰ ਨੇ ਪਾਰਟੀ ਦੇ ਸਮਾਗਮ ਵਿੱਚ ਸ਼ਾਮਲ ਹੋਣ ਨੂੰ ਤਰਜੀਹ ਦਿੱਤੀ। ਸੀ ਪੀ ਆਈ ਦੀ ਕੌਮੀ ਕਾਰਜਕਰਨੀ ਦੇ ਮੈਂਬਰ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸਾਥੀ ਨਾਹਰ ਜਿੱਥੇ ਵੱਡਾ ਰੰਗਕਰਮੀ ਸੀ, ਉੱਥੇ ਮਿਹਨਤੀ, ਸਿਰੜੀ, ਹਿੰਮਤੀ ਤੇ ਵਿਚਾਰਧਾਰਕ ਤੌਰ 'ਤੇ ਪਰਪੱਕ ਵਿਅਕਤੀ ਸੀ। ਉਸ ਨੇ ਆਪਣੇ ਰੰਗ ਕਰਮੀ ਮੰਚ ਤੋਂ ਮਿਹਨਤੀ ਲੋਕਾਂ ਨੂੰ ਸੰਘਰਸ਼ਾਂ ਦੇ ਰਾਹ ਪਾਇਆ। ਆਪ ਤੰਗੀਆਂ-ਤੁਰਸ਼ੀਆਂ ਨਾਲ ਦੋ-ਚਾਰ ਹੁੰਦਿਆਂ ਆਪਣੀ ਸਾਰੀ ਜ਼ਿੰਦਗੀ ਲੋਕਾਂ ਦੇ ਲੇਖੇ ਲਾ ਗਿਆ ਗੋਰੀਆ ਨੇ ਕਿਹਾ ਕਿ ਟੁੱਟ ਰਹੇ ਸਮਾਜ ਨੂੰ ਜੋੜਨਾ ਤੇ ਇਸ ਦੀ ਬਿਹਤਰੀ ਲਈ ਹੀਲੇ ਵਸੀਲੇ ਪੈਦਾ ਕਰਨ ਦਾ ਪ੍ਰਣ ਕਰਨਾ ਸਾਥੀ ਨਾਹਰ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁੱਖਾਨੰਦ ਨੇ ਭਾਵਪੂਰਤ ਸ਼ਬਦਾਂ ਰਾਹੀਂ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਕਾਮਰੇਡ ਨਾਹਰ ਆਮ ਆਦਮੀ ਨਹੀਂ ਸੀ, ਉਹ ਸਧਾਰਨ ਕਾਇਆ ਵਿੱਚ ਅਸਮਾਨ ਛੂੰਹਦੀ ਪ੍ਰਤਿਭਾ ਦਾ ਮਾਲਕ ਸੀ। ਉਹਨਾ ਕਮਿਊਨਿਸਟਾਂ ਨੂੰ ਰਾਹ-ਦਸੇਰਾ ਦੱਸਦਿਆਂ ਕਿਹਾ ਕਿ ਉਹਨਾ ਦਾ ਆਮ ਲੋਕਾਂ ਦੀ ਬਿਹਤਰੀ ਲਈ ਕੀਤਾ ਸੰਘਰਸ਼ ਸਾਡੇ (ਆਪ) ਦੇ ਕੰਮ ਆਇਆ। ਵਿਧਾਇਕ ਨੇ ਕਾਮਰੇਡ ਜੋਗਿੰਦਰ ਸਿੰਘ ਨਾਹਰ ਦੇ ਨਾਂਅ 'ਤੇ ਵੱਡੀ ਲਾਇਬ੍ਰੇਰੀ ਬਣਾਉਣ ਦੇ ਪ੍ਰਸਤਾਵ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਇਸ ਲਈ ਚੰਗੀ ਇਮਾਰਤ ਤਾਮੀਰ ਕੀਤੀ ਜਾਵੇਗੀ ਤੇ ਵਧੀਆ ਪੁਸਤਕਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਹਨਾਂ ਕਿਹਾ ਕਿ ਸਮਾਜ ਵਿੱਚ ਕਾਮਰੇਡ ਜੋਗਿੰਦਰ ਸਿੰਘ ਨਾਹਰ ਵਰਗੀਆਂ ਸ਼ਖ਼ਸੀਅਤਾਂ ਪੈਦਾ ਕਰਨਾ ਹੀ ਉਹਨਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਸੂਰਤ ਸਿੰਘ ਧਰਮਕੋਟ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਕਾਮਰੇਡ ਨਾਹਰ ਦੇ ਦਿਲ ਵਿੱਚ ਕਿਸਾਨਾਂ, ਮਜ਼ਦੂਰਾਂ ਲਈ ਤੜਪ ਸੀ। ਇਸੇ ਲਈ ਉਹ ਸਾਰੀ ਜ਼ਿੰਦਗੀ ਇਹਨਾਂ ਲਈ ਜੀਵਿਆ। ਉਹ ਸਟੇਜ ਦਾ ਵੀ ਧਨੀ ਸੀ। ਉਹ ਕਾਮਰੇਡ ਰੁਲਦੂ ਖਾਨ ਤੋਂ ਲੈ ਕੇ ਸਾਥੀ ਅਰਜਨ ਸਿੰਘ ਮਸਤਾਨਾ ਦਾ ਸੰਗੀ ਰਿਹਾ। ਸੂਰਤ ਸਿੰਘ ਨੇ ਦੱਬੇ-ਕੁਚਲੇ ਲੋਕਾਂ ਦਾ ਕਾਮਰੇਡ ਨਾਹਰ ਨੂੰ ਸਿਤਾਰਾ ਦੱਸਦਿਆਂ ਉਹਨਾ ਦੀ ਯਾਦ ਵਿੱਚ ਲਾਇਬ੍ਰੇਰੀ ਦਾ ਪ੍ਰਸਤਾਵ ਰੱਖਦਿਆਂ ਧਰਮਕੋਟ ਦੀ ਸੀ ਪੀ ਆਈ ਵੱਲੋਂ ਪੂਰਾ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ।

ਮਾਸਟਰ ਗੁਰਦੇਵ ਸਿੰਘ ਕਿਰਤੀ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਰੰਗਕਰਮੀ ਜੋਗਿੰਦਰ ਸਿੰਘ ਨਾਹਰ ਤੇਰਾ ਸਿੰਘ ਚੰਨ ਤੇ ਜੋਗਿੰਦਰ ਸਿੰਘ ਬਾਹਰਲਾ ਦੀ ਪਾਲ਼ ਦਾ ਆਦਮੀ ਸੀ। ਕਿਰਤੀ ਨੇ ਚੇਤਿਆਂ 'ਚ ਉਤਰ ਕੇ ਨਾਹਰ ਬਾਰੇ ਬਹੁਤ ਸਾਰੀਆਂ ਗੱਲਾਂ ਕੀਤੀਆਂ। ਗੁਰਮੀਤ ਸਿੰਘ ਵਾਂਦਰ ਡੋਡ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਉਂਦਿਆਂ ਕਾਮਰੇਡ ਜੋਗਿੰਦਰ ਸਿੰਘ ਨਾਹਰ ਦੀ ਸੰਗਰਾਮੀ ਜ਼ਿੰਦਗੀ ਬਾਰੇ ਜਾਣਕਾਰੀ ਦਿੱਤੀ। ਹਰਦੇਵ ਸਿੰਘ ਬਰਾੜ (ਸ਼ਕੂਰ) ਨੇ 'ਸਦਾ ਹੀ ਅਮਰ ਰਹੂ ਨੱਥੂ ਵਾਲਾ ਨਾਹਰ ਜੀ.....' ਗੀਤ ਗਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਸਾਹਿਤ ਸਭਾ ਬਾਘਾ ਪੁਰਾਣਾ ਦੇ ਮੈਂਬਰ ਸੁਖਜਿੰਦਰ ਸਿੰਘ ਨੇ ਕਾਮਰੇਡ ਨਾਹਰ ਦੀ ਪੁਸਤਕ 'ਮੁੜ੍ਹਕੇ ਦੇ ਮੋਤੀ' ਦਾ ਉਚੇਚ ਨਾਲ ਜ਼ਿਕਰ ਕੀਤਾ। ਸ਼ਿੰਦਾ ਸਿੰਘ ਸ਼ਿੰਦਾ ਨੇ ਸਭ ਦਾ ਧੰਨਵਾਦ ਕਰਦਿਆਂ ਸਾਥੀ ਨਾਹਰ ਦੀ ਰੰਗਕਰਮੀ ਵਜੋਂ ਨਿਭਾਈ ਸ਼ਾਨਦਾਰ ਭੂਮਿਕਾ ਦਾ ਵੀ ਜ਼ਿਕਰ ਕੀਤਾ। ਇਸ ਤੋਂ ਪਹਿਲਾਂ ਜਸਵਿੰਦਰ ਸਿੰਘ ਨਾਥੇਵਾਲਾ ਦੇ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ।ਸਟੇਜ ਸਕੱਤਰ ਵੱਲੋਂ ਜ਼ਿਲ੍ਹਾ ਮੋਗਾ ਦੇ ਇੰਚਾਰਜ ਤੇ ਕੌਮੀ ਆਗੂ ਕਾਮਰੇਡ ਜਗਰੂਪ, ਇਪਟਾ ਦੇ ਆਗੂ ਇੰਦਰਜੀਤ ਰੂਪੋਵਾਲੀ, ਡਾ. ਇੰਦਰਬੀਰ ਸਿੰਘ, ਸੁਖਵਿੰਦਰ ਮਹੇਸਰੀ ਤੇ ਹੋਰਨਾਂ ਦੇ ਆਏ ਸ਼ੋਕ ਸੰਦੇਸ਼ਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸ਼ਰਧਾਂਜਲੀ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾ, ਨੌਜਵਾਨ ਆਗੂ ਵਿੱਕੀ ਮਹੇਸਰੀ, ਹਰਦਿਆਲ ਸਿੰਘ ਘਾਲੀ, ਸਵਰਨ ਸਿੰਘ ਭਿੰਡਰ, ਗੁਰਮੇਲ ਸਿੰਘ ਰੱਜੀਵਾਲਾ, ਕ੍ਰਿਸ਼ਨ ਕੁਮਾਰ ਕਿਸ਼ਨਪੁਰਾ, ਰਣਜੀਤ ਸਿੰਘ ਭਿੰਡਰ ਆਦਿ ਸ਼ਾਮਿਲ ਸਨ।

## ਏਟਕ ਦੀਆਂ ਜਥੇਬੰਦੀਆਂ ...

ਘਾਟਵੰਦਾ ਫਾਰਮੂਲਾ ਨੈਸ਼ਨਲ ਫਲੋਰ ਵੇਜ ਤਹਿ ਕੀਤੀ ਜਾਵੇਗੀ, ਫਿਕਸ ਟਰਮ ਇੰਪਲਾਇਮੈਂਟ ਅਧੀਨ ਭਰਤੀ ਹੋਵੇਗੀ, 100 ਦੀ ਬਜਾਏ 300 ਵਰਕਰਾਂ ਦੀ ਨਫਰੀ ਵਾਲੇ ਕਾਰਖਾਨੇ ਨੂੰ ਬਿਨਾਂ ਸਰਕਾਰ ਦੀ ਮਨਜ਼ੂਰੀ ਤੋਂ ਮਾਲਕ ਖੁਦ ਬੰਦ ਕਰ ਸਕੇਗਾ, ਕੰਮ ਦੇ ਘੰਟੇ ਵਧਾਉਣਾ, ਔਰਤ ਵਰਕਰਾਂ ਤੋਂ ਰਾਤ ਦੀਆਂ ਸਿਫਟਾਂ ਵਿੱਚ ਬਿਨਾਂ ਕਿਸੇ ਸੁਰੱਖਿਆ ਤੋਂ ਕੰਮ ਕਰਾਉਣਾ ਆਦਿ ਅਨੇਕਾਂ ਮਜ਼ਦੂਰ ਵਿਰੋਧੀ ਮੱਦਾਂ ਮਜ਼ਦੂਰਾਂ ਦੇ ਹੱਕਾਂ ਨੂੰ ਕੁਚਲ ਦੇਣਗੀਆਂ। ਇਸ ਦਾ ਜ਼ਬਰਦਸਤ ਵਿਰੋਧ ਕਰਨ ਲਈ ਏਟਕ ਦੀ ਹਰ ਇੱਕ ਜਥੇਬੰਦੀ ਵੱਲੋਂ ਪਹਿਲੀ ਅਪ੍ਰੈਲ ਨੂੰ ਹਰ ਕਸਬੇ, ਸ਼ਹਿਰਾਂ ਵਿੱਚ ਅਦਾਰਿਆਂ ਦੇ ਗੇਟਾਂ ਉਪਰ ਦੂਸਰੀਆਂ ਜਥੇਬੰਦੀਆਂ ਨਾਲ ਸੰਪਰਕ ਕਰਕੇ ਰੋਸ ਐਕਸ਼ਨ ਹਰ ਹਾਲਤ ਵਿੱਚ ਯਕੀਨੀ ਬਣਾਇਆ ਜਾਵੇ।

## ਭਿੰਡੀ ਸੈਦਾਂ ਥਾਣੇ 'ਚ ਧਮਾਕਾ...

ਕਾਰਨ ਨੁਕਸਾਨ ਪਹੁੰਚਿਆ ਹੈ। ਸੂਤਰਾਂ ਨੇ ਦੱਸਿਆ ਕਿ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਨੌਜਵਾਨਾਂ ਨੇ ਕਥਿਤ ਤੌਰ 'ਤੇ ਥਾਣੇ ਦੇ ਅੰਦਰ ਕੋਈ ਵਿਸਫੋਟਕ ਚੀਜ਼ ਸੁੱਟੀ ਅਤੇ ਮੌਕੇ ਤੋਂ ਫਰਾਰ ਹੋ ਗਏ। ਉਹ ਚੀਜ਼ ਸੁੱਟਣ ਦੇ ਕੁਝ ਦੇਰ ਬਾਅਦ ਹੀ ਫਟ ਗਈ। ਇਸ ਘਟਨਾ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੂੰ ਅਲਰਟ ਕਰ ਦਿੱਤਾ ਗਿਆ ਹੈ ਅਤੇ ਸ਼ੱਕੀ ਵਿਅਕਤੀਆਂ ਦੀ ਪਛਾਣ ਕਰਨ ਲਈ ਆਲੇ-ਦੁਆਲੇ ਦੇ ਇਲਾਕਿਆਂ ਦੀ ਸੀ ਸੀ ਟੀ ਵੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਥਾਣੇ ਦੇ ਬਾਹਰ ਡੀ ਐੱਸ ਪੀ ਗੁਰਿੰਦਰਪਾਲ ਸਿੰਘ ਨਾਗਰਾ ਨੇ ਦੱਸਿਆ ਕਿ ਰਾਤ ਡੇਢ ਤੋਂ ਪੌਣੇ ਦੋ ਵਜੇ ਦੇ ਦਰਮਿਆਨ ਧਮਾਕਾ ਹੋਇਆ ਤੇ ਵੱਖ-ਵੱਖ ਟੀਮਾਂ ਜਾਂਚ ਕਰਨ 'ਤੇ ਲੱਗੀਆਂ ਹੋਈਆਂ ਹਨ। ਥਾਣਾ ਭਿੰਡੀ ਸੈਦਾਂ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਖੇਤਰ ਦਾ ਥਾਣਾ ਹੈ, ਜੋ ਵਿਧਾਨ ਸਭਾ ਹਲਕਾ ਰਾਜਾਸਾਂਸੀ ਅਧੀਨ ਪੈਂਦਾ ਹੈ।

# ਭਾਰਤ ਵਿਕਾਸ ਪ੍ਰੀਸ਼ਦ ਦੀ ਸਾਲਾਨਾ ਚੋਣ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਭਾਰਤ ਵਿਕਾਸ ਪ੍ਰੀਸ਼ਦ ਫਿਰੋਜ਼ਪੁਰ ਸ਼ਾਖਾ ਦੇ ਸਾਲ 2026-27 ਲਈ ਨਵੇਂ ਅਹੁਦੇਦਾਰਾਂ ਦੀ ਚੋਣ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਮੁਕੰਮਲ ਹੋਈ। ਇਸ ਚੋਣ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ ਲਈ ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਸਾਊਥ ਦੇ ਰਾਸ਼ਟਰੀ ਕਨਵੀਨਰ ਵਾਤਾਵਰਣ ਸੁਰੇਸ਼ ਸ਼ਰਮਾ ਵਿਸ਼ੇਸ਼ ਤੌਰ 'ਤੇ ਸੂਬਾ ਇਕਾਈ ਵੱਲੋਂ ਚੋਣ ਅਧਿਕਾਰੀ ਵਜੋਂ ਪਹੁੰਚੇ। ਮੀਟਿੰਗ ਦੀ ਸ਼ੁਰੂਆਤ ਵਿਚ ਸੁਭਾਸ਼ ਚੌਧਰੀ ਨੇ ਆਏ ਹੋਏ ਸਾਰੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ। ਇਸ ਉਪਰੰਤ ਮੌਜੂਦਾ ਸਕੱਤਰ ਸ਼ਵਿੰਦਰ ਮਛਰਾਲ ਨੇ ਸਾਲ 2025-26 ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਦੱਸਿਆ ਕਿ ਪ੍ਰਧਾਨ ਸਤੀਸ਼ ਗਰੋਵਰ ਦੀ ਅਗਵਾਈ ਹੇਠ ਪਰਿਸ਼ਦ ਨੇ ਰਿਕਾਰਡ 93 ਪ੍ਰੋਜੈਕਟ ਕੀਤੇ, ਜਿਨ੍ਹਾਂ ਵਿਚ ਮਹਿਲਾ ਵਿੰਗ ਦੀ ਮੁਖੀ ਜਨਕ ਚੌਧਰੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਖ਼ਜ਼ਾਨਚੀ ਨਿਰਮਲਜੀਤ ਅਰੋੜਾ ਨੇ ਸਾਲਾਨਾ ਆਮਦਨ ਅਤੇ ਖਰਚੇ ਦਾ ਵੇਰਵਾ ਸਦਨ ਦੇ ਸਾਹਮਣੇ ਰੱਖਿਆ। ਚੋਣ ਅਧਿਕਾਰੀ ਸੁਰੇਸ਼ ਸ਼ਰਮਾ ਨੇ ਦੱਸਿਆ ਕਿ ਪ੍ਰੀਸ਼ਦ ਵਿਚ ਚੋਣਾਂ ਹਮੇਸ਼ਾ ਸਰਬਸੰਮਤੀ ਨਾਲ ਹੁੰਦੀਆਂ ਹਨ ਕਿਉਂਕਿ ਇੱਥੇ ਕੋਈ ਅਹੁਦਾ ਨਹੀਂ, ਸਗੋਂ ਸਮਾਜ ਸੇਵਾ ਦੀ ਜ਼ਿੰਮੇਵਾਰੀ ਸੌਂਪੀ ਜਾਂਦੀ ਹੈ। ਚੋਣ ਪ੍ਰਕਿਰਿਆ ਦੌਰਾਨ ਸ਼ਿਆਮ ਲਾਲ ਕੱਕੜ ਨੇ ਸ਼ਵਿੰਦਰ ਮਛਰਾਲ ਦੇ ਨਾਂਅ ਦਾ ਪ੍ਰਸਤਾਵ ਰੱਖਿਆ, ਜਿਸ ਦੀ ਤਾਈਦ ਰਾਮ ਨਾਥ ਗੁੰਬਰ ਨੇ ਕੀਤੀ। ਸਤੀਸ਼ ਪੁਰੀ ਨੇ ਸੁਰਿੰਦਰ ਸ਼ਰਮਾ ਦਾ ਨਾਂਅ ਪੇਸ਼ ਕੀਤਾ, ਜਿਸ ਨੂੰ ਮਹਿੰਦਰ ਪਾਲ ਬਜਾਜ ਨੇ ਸੈਕਿੰਡ ਕੀਤਾ। ਯੋਗਿੰਦਰ ਕੱਕੜ ਵੱਲੋਂ ਅਵਤਾਰ ਸਿੰਘ ਭੋਲਾ ਦੇ ਨਾਂ ਦਾ ਪ੍ਰਸਤਾਵ ਰੱਖਿਆ ਗਿਆ, ਜਿਸ ਨੂੰ ਪ੍ਰਵੀਨ ਬਜਾਜ ਨੇ ਸਮਰਥਨ ਦਿੱਤਾ। ਸਾਰੇ ਮੈਂਬਰਾਂ ਨੇ ਇਸ ਨਵੀਂ ਟੀਮ ਦਾ ਸਵਾਗਤ ਕੀਤਾ। ਅੰਤ ਵਿਚ ਸੁਰੇਸ਼ ਸ਼ਰਮਾ ਨੇ ਅਧਿਕਾਰਤ ਤੌਰ 'ਤੇ ਨਵੀਂ ਟੀਮ ਦਾ ਐਲਾਨ ਕੀਤਾ। ਨਵ-ਨਿਯੁਕਤ ਪ੍ਰਧਾਨ ਸ਼ਵਿੰਦਰ ਮਛਰਾਲ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਰਿਸ਼ਦ ਦੇ ਕੰਮਾਂ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਣਗੇ।

ਉਨ੍ਹਾਂ ਨੇ ਸੁਭਾਸ਼ ਚੌਧਰੀ ਨੂੰ ਚੇਅਰਮੈਨ ਵਜੋਂ ਨਾਮਜ਼ਦ ਕੀਤਾ ਅਤੇ ਐਲਾਨ ਕੀਤਾ ਕਿ ਜਨਕ ਚੌਧਰੀ ਮਹਿਲਾ ਮੁਖੀ ਵਜੋਂ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ। ਇਸ ਮੌਕੇ ਰਾਜ ਕੁਮਾਰ ਕੱਕੜ, ਪ੍ਰਵੀਨ ਅਗਰਵਾਲ, ਪ੍ਰਦੀਪ ਕੱਕੜ, ਪ੍ਰਕਾਸ਼ ਚੰਦ, ਪ੍ਰਦੀਪ ਸਲਵਾਨ, ਰਮੇਸ਼ ਸ਼ਰਮਾ, ਕੁਲਭੂਸ਼ਣ ਗਰੋਵਰ, ਰਾਜੇਸ਼ ਧਵਨ ਸਮੇਤ ਵੱਡੀ ਗਿਣਤੀ ਵਿਚ ਮੈਂਬਰ ਅਤੇ ਮਹਿਲਾ ਵਿੰਗ ਦੇ ਅਹੁਦੇਦਾਰ ਹਾਜ਼ਰ ਸਨ।




ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਟਿੱਪਰ ਦਾ ਟਾਇਰ ਫਟਣ ਨਾਲ ਸੜਕ 'ਤੇ ਪੂਰੀ ਰਾਤ ਲੱਗਾ ਜਾਮ



**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਪਿੰਡ ਜਗਤਪੁਰ ਨੇੜੇ ਪੈਟਰੋਲ ਸਾਹਮਣੇ ਤੇਜ਼ ਰਫ਼ਤਾਰ ਟਿੱਪਰ ਮਿੱਟੀ ਸਮੇਤ ਪਲਟ ਜਾਣ ਨਾਲ ਰਸਤਾ ਬੰਦ ਹੋਣ ਕਰਕੇ ਸਾਰੀ ਰਾਤ ਜਾਮ ਲੱਗਾ ਰਿਹਾ ਪਰ ਜਾਨੀ-ਮਾਲੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਟਿੱਪਰ ਡਰਾਈਵਰ ਮੁਨੀ ਲਾਲ ਨੇ ਦੱਸਿਆ ਕਿ ਟਿੱਪਰ ਨੰਬਰ ਪੀਬੀ 07 ਸੀ.ਐੱਮ. 0587 ਗੁਰਦਾਸਪੁਰ ਤੋਂ ਮੁਕੇਰੀਆਂ ਮਿੱਟੀ ਲੈ ਕੇ ਜਾ ਰਿਹਾ ਸੀ ਅਤੇ ਜਦੋਂ ਜਗਤਪੁਰ ਨੇੜੇ ਪੁੱਜਾ ਤਾਂ ਟਿੱਪਰ ਦਾ ਟਾਇਰ ਫਟਣ ਨਾਲ ਟਿੱਪਰ ਸੜਕ ਵਿਚਕਾਰ ਪਲਟ ਗਈ। ਉਨ੍ਹਾਂ ਕਿਹਾ ਕਿ ਰਾਹਗੀਰਾਂ ਨੂੰ ਮੈਨੂੰ ਟਿੱਪਰ 'ਚੋਂ ਬਾਹਰ ਕੱਢਿਆ ਪਰ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ਜਦੋਂਕਿ ਸੜਕ ਸੁਰੱਖਿਆ ਫੋਰਸ ਨੇ ਬੜੀ ਜਦੋ-ਜਾਹਿਦ ਨਾਲ ਸੜਕ 'ਤੇ ਟਰੈਫ਼ਿਕ ਬਹਾਲ ਕਰਕੇ ਆਰਜ਼ੀ ਰਸਤਾ ਬਣਾਇਆ ਅਤੇ ਟਰੈਫ਼ਿਕ ਨੂੰ ਸੁਚਾਰੂ ਰੂਪ ਵਿਚ ਬਹਾਲ ਕੀਤਾ। ਟਿੱਪਰ ਮਾਲਕ ਸੁਰਿੰਦਰ ਪੁੱਤਰ ਹਿਤਰਾਮ ਵਾਸੀ ਮੁਕੇਰੀਆਂ ਨੇ ਦੱਸਿਆ ਕਿ ਟਿੱਪਰ ਪਲਟਣ ਤੋਂ ਬਾਅਦ ਜਲਦੀ ਉਹ ਆਪਣਾ ਹੈਡਰਾ ਲੈ ਕੇ ਪਹੁੰਚ ਗਏ। ਟਿੱਪਰ ਨੂੰ ਬਾਹਰ ਕੱਢ ਕੇ ਸੜਕ ਦੀ ਆਵਜਾਈ ਖ਼ਾਲੀ ਕਰਵਾਈ। ਪੁਰਾਣਾ ਸ਼ਾਲਾ ਪੁਲਸ ਨੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ। ਲੋਕਾਂ ਨੇ ਦੱਸਿਆ ਕਿ ਸੜਕ ਦੀ ਚੌੜਾਈ ਅਤੇ ਵਾਹਨਾਂ ਦੀ ਆਵਜਾਈ ਵਧੇਰੇ ਹੋਣ ਕਰਕੇ ਇਸ ਸੜਕ 'ਤੇ ਨਿੱਤ ਹਾਦਸੇ ਵਾਪਰ ਰਹੇ ਹਨ ਅਤੇ ਲੋਕਾਂ ਦਾ ਕਾਫ਼ੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸੜਕ ਦੀ ਚੌੜਾਈ 10 ਫੁਟ ਵਧਾਈ ਜਾਵੇ ਤਾਂ ਤੋਂ ਹਾਦਸਿਆਂ 'ਤੇ ਕਾਬੂ ਪਾਇਆ ਜਾ ਸਕੇ।

# ਪੰਜਾਬ ਸਰਕਾਰ ਨੇ ਚਾਰ ਸਾਲਾਂ 'ਚ ਸਾਰੇ ਵਾਅਦੇ ਪੂਰੇ ਕੀਤੇ: ਤਲਬੀਰ ਗਿੱਲ

**ਜੈਂਤੀਪੁਰ (ਸੁਖਬੀਰ ਸਿੱਧੂ)**

ਬਲਾਕ ਸੰਮਤੀ ਮਜੀਠਾ-2 ਦੇ ਨਵੇਂ ਬਣੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿਦੋਵਾਲੀ ਵੱਲੋਂ ਆਪਣੇ ਗ੍ਰਹਿ ਵਿਖੇ ਸ਼ੁਕਰਾਨੇ ਜੇ ਤੌਰ 'ਤੇ ਰਖਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 'ਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਭਾਰੀ ਇੱਕਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਮੌਕੇ ਸਰਕਾਰ ਵੱਲੋਂ 'ਸੰਵਾਦ' ਮੁਹਿੰਮ (ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ) ਦੀ ਮੁਹਿੰਮ ਚਲਾਈ ਗਈ ਹੈ ਜਿਸ ਮੁਹਿੰਮ ਨੂੰ ਘਰ-ਘਰ ਪਹੁੰਚਾਉਣ ਲਈ ਵਰਕਰਾਂ ਦੀਆਂ ਡਿਊਟੀਆ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਚਾਰ ਸਾਲਾਂ 'ਚ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ। ਇਸ ਮੌਕੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ, ਬਲਾਕ ਸੰਮਤੀ ਦੇ ਚੇਅਰਮੈਨ ਸਿਕੰਦਰ ਸਿੰਘ ਭੋਏ, ਸ਼ਿਵਰਾਜ ਸਿੰਘ ਬਾਠ ਭੀਲੋਵਾਲ, ਕੁਲਵਿੰਦਰ ਸਿੰਘ ਸਰਪੰਚ ਚੰਨਣਕੇ, ਸਰਵਣ ਸਿੰਘ ਚੋਗਾਵਾਂ ਸੰਮਤੀ ਮੈਂਬਰ, ਯੂਥ ਪ੍ਰਧਾਨ ਗੁਰਜੰਟ ਸਿੰਘ ਖਿਦੋਵਾਲੀ, ਗੁਰਬੀਰ



ਸਿੰਘ ਮੱਤੇਵਾਲ ਸੰਮਤੀ ਮੈਂਬਰ, ਬਲਬੀਰ ਸਿੰਘ ਬੋਪਾਰਾਏ ਸੰਮਤੀ ਮੈਂਬਰ, ਮਿੰਟੂ ਰਾਮਦੀਵਾਲੀ ਸੰਮਤੀ ਮੈਂਬਰ, ਜਗਦੀਸ਼ ਸਿੰਘ ਜ਼ਹਿਜ਼ਾਦਾ, ਪਰਮਜੀਤ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਮਨਜੀਤ ਸਿੰਘ ਟਾਹਲੀ ਸਾਹਿਬ, ਮਲਕੀਤ ਸਿੰਘ ਭੋਏ ਸਮੇਤ ਵੱਡੀ ਗਿਣਤੀ ਵਿਚ ਆਗੂ ਤੇ ਵਰਕਰ ਹਾਜ਼ਰ ਸਨ।

# ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਆਪਕਾਂ ਨੂੰ ਕੀਤਾ ਸਨਮਾਨਿਤ

**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**

ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕਰਨ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨਰੇਸ਼ ਪਨਿਆੜ ਦੀ ਅਗਵਾਈ ਹੇਠ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਰੋਹ ਵਿੱਚ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਅਨਿਲ ਕੁਮਾਰ ਸ਼ਰਮਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਜਦਕਿ ਮਿਸ਼ਨ ਸਮਰੱਥ ਦੇ ਜ਼ਿਲ੍ਹਾ ਕੋਆਰਡੀਨੇਟਰ ਗੁਰਨਾਮ ਸਿੰਘ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ।ਡੀਆਰਸੀ ਗੁਰਨਾਮ ਸਿੰਘ, ਬੀਆਰਸੀ ਮਨਜੀਤ ਸਿੰਘ ਅਤੇ ਸੁਮਿਤ ਮਹਾਜਨ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਸ਼ਮਸ਼ੇਰਪੁਰ ਤੋਂ ਹੀਰਾ ਸਿੰਘ ਅਤੇ ਅਰੁਣ ਕੁਮਾਰ, ਸਰਕਾਰੀ ਪ੍ਰਾਇਮਰੀ ਸਕੂਲ ਉਮਰਪੁਰ ਕਲਾਂ ਤੋਂ ਸੁਖਜਿੰਦਰ ਸਿੰਘ ਅਤੇ ਕਵਿਤਾ, ਸਰਕਾਰੀ ਪ੍ਰਾਇਮਰੀ ਸਕੂਲ ਬਹਿਰਾਮਪੁਰ ਤੋਂ ਮਧੂ ਬਾਲਾ, ਰੁਪਿੰਦਰ ਕੌਰ ਅਤੇ ਰਿਤੂ ਕੁਮਾਰੀ, ਸਰਕਾਰੀ ਪ੍ਰਾਇਮਰੀ ਸਕੂਲ ਬਾਹਮਣੀ ਤੋਂ ਸੰਤੋਸ਼ ਮਹਿਰਾ, ਹੀਰਾ ਲਾਲ ਅਤੇ ਅਰਚਨਾ ਦੇਵੀ, ਸਰਕਾਰੀ ਪ੍ਰਾਇਮਰੀ ਸਕੂਲ ਖੁਸ਼ੀਪੁਰ ਤੋਂ ਅਰਚਨਾ ਗੁਪਤਾ, ਸਰਕਾਰੀ ਪ੍ਰਾਇਮਰੀ ਸਕੂਲ ਜੀਵਨ ਚੱਕ ਤੋਂ ਸ਼ਿਖਾ ਸ਼ਰਮਾ ਅਤੇ




ਰਜਵਿੰਦਰ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਗੰਜਾ ਤੋਂ ਰਵਿੰਦਰ ਕੌਰ ਅਤੇ ਰਮਨ ਕੁਮਾਰ, ਸਰਕਾਰੀ ਪ੍ਰਾਇਮਰੀ ਸਕੂਲ ਬਾਲਾ ਪਿੰਡੀ ਤੋਂ ਜੋਤ ਪ੍ਰਕਾਸ਼ ਸਿੰਘ, ਸੁਨੀਤਾ ਕੁਮਾਰੀ ਅਤੇ ਰਾਮ ਨਰੇਸ਼, ਸਰਕਾਰੀ ਪ੍ਰਾਇਮਰੀ ਸਕੂਲ ਪਸਿਆਲ ਤੋਂ ਵਿਕਰਮਦੀਪ ਸਿੰਘ, ਸਰਕਾਰੀ ਪ੍ਰਾਇਮਰੀ ਸਕੂਲ ਸ਼ਹੀਦ ਫੌਜਾ ਸਿੰਘ ਨਗਰ ਤੋਂ ਸ਼ਾਲਿਨੀ ਸ਼ਰਮਾ ਅਤੇ ਰਮਿੰਦਰ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਨੀਵਾ ਧਕਾਲਾ ਤੋਂ ਵੀਨਾ ਕੁਮਾਰੀ ਅਤੇ ਜਸਵੰਤ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਭਰਿਆਲ ਤੋਂ ਕੁਲਬੀਰ ਕੌਰ, ਸਰਕਾਰੀ ਪ੍ਰਾਇਮਰੀ ਸਕੂਲ ਜੋਗਰ ਤੋਂ ਕਮਲਦੀਪ ਸਿੰਘ, ਮਨਜੀਤ ਸਿੰਘ ਅਤੇ ਪੂਨਮ ਅੰਗੁਰਾਲਾ, ਸਰਕਾਰੀ ਪ੍ਰਾਇਮਰੀ ਸਕੂਲ ਇਸਲਾਮਪੁਰ ਤੋਂ ਅਨਿਲ ਕੁਮਾਰ, ਸਰਕਾਰੀ ਪ੍ਰਾਇਮਰੀ ਸਕੂਲ ਰੰਗੜ ਪਿੰਡੀ ਤੋਂ ਦਵਿੰਦਰਜੀਤ ਸਿੰਘ, ਸਰਕਾਰੀ ਪ੍ਰਾਇਮਰੀ ਸਕੂਲ ਮਰਾੜਾ (ਮੁੰਡੇ) ਤੋਂ ਸਮਿਤਾ ਸ਼ਰਮਾ, ਸਰਕਾਰੀ ਪ੍ਰਾਇਮਰੀ ਸਕੂਲ ਮਜੀਠੀ ਤੋਂ ਸੁਖਬੀਰ ਕੌਰ ਹਨ।ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨਰੇਸ਼ ਪਨਿਆੜ ਦੀ ਅਗਵਾਈ ਹੇਠ ਸਮੂਹ ਦਫ਼ਤਰੀ ਸਟਾਫ਼ ਵੱਲੋਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।ਇਸ ਮੌਕੇ ਜਸਪਿੰਦਰ ਸਿੰਘ, ਸੈਂਟਰ ਹੈੱਡ ਟੀਚਰ ਸ਼ਸ਼ੀ, ਗੁਰਪ੍ਰੀਤ ਸਿੰਘ ਮਾਨ, ਸੋਨੂੰ ਕੁਮਾਰ, ਗੁਰਪ੍ਰੀਤ ਸਿੰਘ ਬਾਜਵਾ, ਮਦਨ ਗੋਪਾਲ, ਰਵੀ ਕੁਮਾਰ, ਅਤੁਲ ਮਹਾਜਨ, ਬਲਾਕ ਸਪੋਰਟਸ ਇੰਚਾਰਜ ਹਰਪ੍ਰੀਤ ਸਿੰਘ, ਕਲਰਕ ਜਗਮੋਹਨ ਸਿੰਘ, ਸੁਨੀਤਾ ਅਕਾਊਂਟੈਂਟ, ਵੰਦਨਾ ਏਬੀਐੱਮ, ਸ਼ੁਭਮ ਆਦਿ ਹਾਜ਼ਰ ਸਨ।

# ਬਟਾਲਿਓਂ ਜਲੰਧਰ ਨੂੰ ਜਾਂਦੀ ਸੜਕ ਦਾ ਨਿਰਮਾਣ ਕਾਰਜ ਤੇਜ਼ ਗਤੀ ਨਾਲ ਚਾਲੂ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਬਟਾਲਾ ਤੋਂ ਜਲੰਧਰ ਨੂੰ ਜਾਣ ਵਾਲੀ ਸੜਕ ਦੀ ਉਸਾਰੀ ਕੰਮ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਅਤੇ ਦੁਕਾਨਦਾਰਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕੰਮ ਨਿਯਮਿਤ ਸਮੇਂ ਅੰਦਰ ਮੁਕੰਮਲ ਕਰਨ ਲਈ ਕਿਹਾ ਤਾਂ ਜੋ ਰਾਹਗੀਰਾਂ ਨੂੰ ਜਲਦ ਸਹੂਲਤ ਮਿਲ ਸਕੇ।ਇਸ ਮੌਕੇ ਗੱਲਬਾਤ ਕਰਦਿਆਂ ਅੰਮ੍ਰਿਤ ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸ ਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜਾਂ ਜਾਰੀ ਹਨ ਅਤੇ ਲੋਕਾਂ ਦੀਆਂ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਸ਼ਹਿਰ ਵਿੱਚ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ।ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾ ਰਹੇ ਹਨ।ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਈ ਗਈ ਹੈ।

# 'ਆਪ' ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਵੱਲੋਂ ਬਲਾਕ ਪ੍ਰਧਾਨਾਂ ਨਾਲ ਮੀਟਿੰਗ

**ਧਾਰੀਵਾਲ, (ਮਨਦੀਪ ਵਿੱਕੀ)**

ਆਮ ਆਦਮੀ ਪਾਰਟੀ ਦੇ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਸਿੰਘ ਵੱਲੋਂ ਇਥੋਂ ਨਜ਼ਦੀਕ ਪਿੰਡ ਜੋਗੋਵਾਲ ਵਿਖੇ ਆਪਣੇ ਨਿਵਾਸ ਸਥਾਨ 'ਤੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਬਲਾਕ ਪ੍ਰਧਾਨਾਂ ਦੀ ਵਿਸ਼ੇਸ਼ ਮੀਟਿੰਗ ਸੱਦੀ ਗਈ। ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਸਿੰਘ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਐੱਸ ਸੀ ਵਿੰਗ ਨੂੰ ਹੋਰ ਮਜ਼ਬੂਤ ਕਰਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹੁਣ ਤੋਂ ਹੀ ਸਰਗਰਮੀਆਂ ਤੇਜ਼ ਕਰਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਜ਼ਿਲ੍ਹਾ ਪ੍ਰਧਾਨ ਜਸਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਪਾਰਟੀ ਦੇ ਐੱਸ ਸੀ ਵਿੰਗ ਦੇ ਸੰਗਠਨਾਂ ਨੂੰ ਹੋਰ ਮਜ਼ਬੂਤ ਕਰਨ ਲਈ ਜਿਵੇਂ ਅੱਜ ਹਲਕਾ ਡੇਰਾ ਬਾਬਾ ਨਾਨਕ ਦੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ ਕੀਤੀ ਗਈ ਹੈ, ਇਸੇ ਤਰ੍ਹਾਂ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਹਲਕਿਆਂ ਵਿੱਚ ਐੱਸ ਸੀ ਵਿੰਗ ਨੂੰ ਮਜ਼ਬੂਤ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਿਆ ਜਾਵੇਗਾ। ਮੀਟਿੰਗ ਵਿੱਚ ਐੱਸ ਸੀ ਵਿੰਗ ਦੇ ਹਲਕਾ ਇੰਚਾਰਜ ਚਰਨਜੀਤ ਸਿੰਘ, ਬਲਾਕ ਪ੍ਰਧਾਨਾਂ ਵਿੱਚ ਖਜਾਨ ਸਿੰਘ, ਪਲਵਿੰਦਰ ਸਿੰਘ, ਕਸ਼ਮੀਰ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਅਵਤਾਰ ਸਿੰਘ ਤੋਂ ਇਲਾਵਾ ਮਨਜੀਤ ਸਿੰਘ, ਹਲਕਾ ਕੋਆਰਡੀਨੇਟਰ ਤਿਲਕ ਰਾਜ ਅਤੇ ਸੁਖਜਿੰਦਰ ਸਿੰਘ ਬਿੱਟੂ ਸ਼ਾਮਲ ਸਨ।



# ਸਿਹਤ ਵਿਭਾਗ ਦੀ ਟੀਮ ਵੱਲੋਂ ਕਰਿਆਨੇ ਦੀਆਂ ਦੁਕਾਨਾਂ ਤੇ ਵੇਲਣਿਆਂ 'ਤੇ ਛਾਪੇਮਾਰੀ

**ਗੁਰਦਾਸਪੁਰ (ਦਿਨੇਸ਼ ਕੁਮਾਰ)**

ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਗੁਰਦਾਸਪੁਰ ਦੀ ਟੀਮ ਵੱਲੋਂ ਅਸਿਸਟੈਂਟ ਕਮਿਸ਼ਨਰ ਫੂਡ ਡਾ. ਜੀ. ਐੱਸ. ਪੰਨੂ ਦੀ ਅਗਵਾਈ ਹੇਠ ਵੱਖ-ਵੱਖ ਥਾਵਾਂ 'ਤੇ ਕਰਿਆਨਾ ਅਤੇ ਗੁੜ ਬਣਾਉਣ ਵਾਲੇ ਵੇਲਣਿਆਂ ਦੀ ਚੈਕਿੰਗ ਕਰਕੇ ਸੈਂਪਲ ਭਰੇ ਗਏ।ਇਸ ਸਬੰਧੀ ਸਹਾਇਕ ਕਮਿਸ਼ਨਰ ਫੂਡ ਡਾਕਟਰ ਜੀ. ਐੱਸ ਪੰਨੂ ਨੇ ਦੱਸਿਆ ਕਿ ਲੋਕਾਂ ਨੂੰ ਮਿਆਰੀ ਖਾਧ ਪਦਾਰਥ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵੱਖ-ਵੱਖ ਥਾਵਾਂ 'ਤੇ ਛਾਪਾਮਾਰੀ ਕੀਤੀ ਜਾ ਰਹੀ ਹੈ।ਕੁੱਝ ਸ਼ਿਕਾਇਤਾਂ ਮਿਲੀਆਂ ਸਨ ਕਿ ਮਿਲਾਵਟੀ ਗੁੜ ਵੇਚੀਆ ਜਾ ਰਿਹਾ ਹੈ।ਇਸ ਮੁਹਿੰਮ ਤਹਿਤ ਫੂਡ ਸੇਫਟੀ ਅਫਸਰ ਰੇਖਾ ਸ਼ਰਮਾ ਦੇ ਨਾਲ ਖੇਤਰ ਵਿੱਚ ਖਾਧ ਪਦਾਰਥਾਂ ਦੀ ਸੈਂਪਲਿੰਗ ਕੀਤੀ ਗਈ ਹੈ।ਗੁੜ ਬਣਾਉਣ ਵਾਲੇ ਵੇਲਣੇ ਅਤੇ ਕਰਿਆਨਾ ਦੀ ਦੁਕਾਨਾਂ ਤੇ ਕੁੱਲ 10 ਜਗ੍ਹਾ 'ਤੇ ਸੈਂਪਲ ਭਰੇ ਗਏ ਹਨ।9 ਸੈਂਪਲਾਂ ਨੂੰ ਚੈਕਿੰਗ ਲਈ ਲੈਬਾਰਟਰੀ ਵਿਖੇ ਭੇਜ ਦਿੱਤਾ ਗਿਆ ਹੈ।ਰਿਪੋਰਟ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।ਇਸ ਦੇ ਨਾਲ ਹੀ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਨਿਯਮਾਂ ਦੀ ਪਾਲਣਾ ਕਰਨ।12 ਗੋਲਡਨ ਰੂਲ ਬਾਰੇ ਵੀ ਦੱਸਿਆ ਗਿਆ।ਉਨ੍ਹਾਂ ਕਿਹਾ ਕਿ ਕੋਤਾਹੀ ਵਰਤਣ 'ਤੇ ਕਾਰਵਾਈ ਕੀਤੀ



ਜਾਵੇਗੀ।ਸਮੂਹ ਦੁਕਾਨਦਾਰਾਂ ਨੂੰ ਨਿਯਮਾਂ ਅਨੁਸਾਰ ਰਜਿਸਟ੍ਰੇਸ਼ਨ ਕਰਵਾਉਣ ਅਤੇ ਲਾਇਸੈਂਸ ਲੈਣ ਲਈ ਕਿਹਾ ਗਿਆ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਿਆਰੀ ਖਾਧ ਪਦਾਰਥ ਮੁਹੱਈਆ ਕਰਵਾਉਣ ਦੇ ਉਦੇਸ਼ ਨੂੰ ਹਰ ਕੀਮਤ 'ਤੇ ਪੂਰਾ ਕੀਤਾ ਜਾਵੇਗਾ।

# ਸੇਵਾ ਹੀ ਮਨੁੱਖ ਦੀ ਸ਼ਖਸੀਅਤ ਨੂੰ ਨਿਖਾਰਦੀ ਹੈ : ਸਾਧਵੀ ਪਰਮਜੀਤ ਭਾਰਤੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਤਰਨ ਤਾਰਨ ਆਸ਼ਰਮ ਦੁਆਰਾ ਸਪਤਾਹਿਕ ਸਤਿਸੰਗ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੇ ਦੌਰਾਨ



ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਯਾ ਸਾਧਵੀ ਪਰਮਜੀਤ ਭਾਰਤੀ ਨੇ ਕਿਹਾ ਕਿ ਸਤਿਗੁਰੂ ਉਹ ਸੂਰਜ ਦੇ ਸਮਾਨ ਹਨ ਜੋ ਹਨੇਰੇ ਅੰਦਰ ਭਟਕਦੀ ਮਾਨਵਤਾ ਨੂੰ ਗਿਆਨ ਦੇ ਪ੍ਰਕਾਸ਼ ਨਾਲ ਪ੍ਰਕਾਸ਼ਿਤ ਕਰ ਦਿੰਦੇ ਹਨ।ਜਿਸ ਪ੍ਰਕਾਰ ਸੂਰਜ ਚੜ੍ਹਦਾ ਹੈ ਤਾਂ ਸੰਪੂਰਨ ਸੰਸਾਰ ਪ੍ਰਕਾਸ਼ਿਤ ਹੋ ਜਾਂਦਾ ਹੈ।ਇਸੇ ਪ੍ਰਕਾਰ ਜਿਸ ਦੇ ਜੀਵਨ ਅੰਦਰ ਗੁਰੂ ਰੂਪੀ ਸੂਰਜ ਦਾ ਆਗਮਨ ਹੁੰਦਾ ਹੈ ਉਸ ਨੂੰ ਨਵੀਂ ਦਿਸ਼ਾ ਮਿਲ ਜਾਂਦੀ ਹੈ ਕਿਉਂਕਿ ਗੁਰੂ ਇਨਸਾਨ ਦਾ ਰਾਹ ਦਸੇਰਾ ਬਣ ਕੇ ਉਸਨੂੰ ਹਰ ਪਲ ਸਹੀ ਮਾਰਗ ਦਿਖਾਉਂਦਾ ਹੈ।ਜਦੋਂ ਕਿਸੇ ਜਗਿਆਸੂ ਦੇ ਜੀਵਨ ਵਿੱਚ ਪੂਰਨ ਸਤਿਗੁਰ ਦਾ ਆਗਮਨ ਹੁੰਦਾ ਹੈ ਤਾਂ ਉਹ ਦਿੱਬ ਦ੍ਰਿਸ਼ਟੀ ਪ੍ਰਾਪਤ ਕਰਕੇ ਆਪਣੇ ਅੰਦਰ ਉਸ ਅਕਾਲ ਪੁਰਖ ਦੇ ਸਰੂਪ ਦਾ ਦੀਦਾਰ ਕਰਦਾ ਹੈ। ਉਨ੍ਹਾਂ ਕਿਹਾ ਕਿ ਸੇਵਾ ਹੀ ਸੇਵਕ ਦੀ ਸ਼ਖਸੀਅਤ ਨੂੰ ਨਿਖਾਰਦੀ ਹੈ।ਇੱਕ ਸੇਵਾ ਸੰਸਾਰ ਵਿੱਚ ਵਡਿਆਈ ਅਤੇ ਮਾਣ ਪ੍ਰਤਿਸ਼ਠਾ ਦਿਵਾਉਂਦੀ ਹੈ ਤੇ ਦੂਸਰੀ ਪਰਮਾਤਮਾ ਦਾ ਪਿਆਰ ਬਖਸ਼ਦੀ ਹੈ।ਗੁਰੂ ਦੀ ਸੇਵਾ ਕਰਨ ਨਾਲ ਸੇਵਕ ਦਾ ਮਨ ਨਿੱਖਰ ਜਾਂਦਾ ਹੈ।ਇਸ ਲਈ ਮਹਾਂਪੁਰਸ਼ਾਂ ਨੇ ਵੀ ਗੁਰੂ ਦੀ ਸੇਵਾ ਕਰਨ ਦੇ ਲਈ ਪ੍ਰੇਰਿਤ ਕੀਤਾ।ਇਸੇ ਮੌਕੇ ਸਾਧਵੀ ਨਾਯਨਾ ਭਾਰਤੀ, ਸਾਧਵੀ ਰਮਨਦੀਪ ਭਾਰਤੀ ਨੇ ਸ਼ਬਦ ਕੀਰਤਨ ਭਜਨਾਂ ਦਾ ਗਾਇਨ ਕੀਤਾ।

# ਤਾਜ ਪੈਲੇਸ ਵਾਲੀ ਗਲੀ 'ਚ ਆਰ ਐੱਮ ਸੀ ਪਾਉਣ ਦਾ ਕੰਮ ਸ਼ੁਰੂ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਦੇ ਚੱਲਦਿਆਂ ਵਾਰਡ ਨੰਬਰ 18 'ਚ ਤਾਜ ਪੈਲੇਸ (ਹਸਤ ਸ਼ਿਲਪ ਕਾਲਜ) ਵਾਲੀ ਗਲੀ ਵਿੱਚ ਆਰ. ਐੱਮ. ਸੀ. ਪਾਉਣ ਦਾ ਕੰਮ ਸ਼ੁਰੂ ਹੋ ਗਿਆ ਹੈ।ਦਵਿੰਦਰ ਸਿੰਘ ਬਟਾਲਵੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜਾਂ ਜਾਰੀ ਹਨ ਅਤੇ ਲੋਕਾਂ ਦੇ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਚੱਲ ਰਹੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰ ਲਏ ਜਾਣਗੇ।

# ਵਿਗਿਆਨ ਪ੍ਰਦਰਸ਼ਨੀ ਕਰਵਾਈ

**ਜਲੰਧਰ (ਇਕਬਾਲ ਸਿੰਘ ਉਭੀ)**-ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਗੀਤਾ ਕਲੋਨੀ ਨੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ ਦੀ ਨਿਗਰਾਨੀ ਹੇਠ ਇੱਕ ਵਿਗਿਆਨ ਪ੍ਰਦਰਸ਼ਨੀ ਦਾ ਸਫਲਤਾਪੂਰਵਕ ਆਯੋਜਨ ਕੀਤਾ ਜਿਸ ਵਿੱਚ ਇਸ ਦੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਨਵੀਨਤਾ ਤੇ ਵਿਗਿਆਨਕ ਸੁਭਾਅ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਨੌਜਵਾਨ ਮਨਾਂ ਨੂੰ ਵਿਗਿਆਨਕ ਸੰਕਲਪਾਂ ਦੇ ਵਿਹਾਰਕ ਉਪਯੋਗਾਂ ਦੀ ਪੜਚੋਲ ਕਰਨ ਅਤੇ ਵਿਸ਼ਲੇਸ਼ਣਾਤਮਕ ਸੋਚ ਵਿਕਸਤ ਕਰਨ ਲਈ ਉਤਸ਼ਾਹਿਤ ਕਰਨਾ ਸੀ। ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਵਾਤਾਵਰਣ ਸਥਿਰਤਾ, ਨਵਿਆਉਣਯੋਗ ਊਰਜਾ, ਪੁਲਾੜ ਵਿਗਿਆਨ ਅਤੇ ਆਧੁਨਿਕ ਤਕਨਾਲੋਜੀ ਵਰਗੇ ਵਿਸ਼ਿਆਂ 'ਤੇ ਆਧਾਰਿਤ ਮਾਡਲਾਂ ਤੇ ਪ੍ਰੋਜੈਕਟਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਪੇਸ਼ ਕੀਤੀ। ਪ੍ਰਦਰਸ਼ਨੀਆਂ ਨੇ ਨਾ ਸਿਰਫ਼ ਉਨ੍ਹਾਂ ਦੀ ਅਕਾਦਮਿਕ ਸਮਝ, ਸਗੋਂ ਉਨ੍ਹਾਂ ਦੀ ਸਿਰਜਣਾਤਮਕਤਾ ਅਤੇ ਸਮੱਸਿਆ ਹੱਲ ਕਰਨ ਦੇ ਹੁਨਰ ਨੂੰ ਵੀ ਦਰਸਾਇਆ। ਪ੍ਰਦਰਸ਼ਨੀ ਨੂੰ ਵਿਸ਼ੇਸ਼ ਮਹਿਮਾਨਾਂ, ਸਕੂਲ ਪ੍ਰਬੰਧਨ ਅਤੇ ਮਾਪਿਆਂ ਦੀ ਮੌਜੂਦਗੀ ਨੇ ਸਜਾਇਆ, ਜਿਨ੍ਹਾਂ ਨੇ ਵਿਦਿਆਰਥੀਆਂ ਦੇ ਯਤਨਾਂ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਫੈਕਲਟੀ ਮੈਂਬਰਾਂ ਨੇ ਤਿਆਰੀ ਦੌਰਾਨ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ, ਇੱਕ ਅਰਥਪੂਰਨ ਅਤੇ ਭਰਪੂਰ ਸਿੱਖਣ ਅਨੁਭਵ ਨੂੰ ਯਕੀਨੀ ਬਣਾਇਆ।

# ਥਾਣੇ ਨੇੜੇ ਬਣੇ ਛੱਪੜ ਦੀ ਬਦਬੂ ਨੇ ਪੁਲਸ ਮੁਲਾਜ਼ਮਾਂ ਤੇ ਲੋਕਾਂ ਦੇ ਨੱਕ 'ਚ ਦਮ ਕੀਤਾ ਹੋਇਐ



**ਗੁਰਦਾਸਪੁਰ, (ਜਨਕ ਮਹਾਜਨ)**

ਪੁਰਾਣਾ ਸ਼ਾਲਾ ਥਾਣੇ ਨੇੜੇ ਕਰੀਬ ਸੰਨ 1991 ਦਾ ਬਣਿਆ ਪਿੰਡ ਦਾ ਛੱਪੜ ਪੁਲਸ ਮੁਲਾਜ਼ਮਾਂ ਤੇ ਪਿੰਡ ਵਾਸੀਆਂ ਲਈ ਮੁਸੀਬਤ ਦਾ ਕਾਰਨ ਬਣਿਆ ਹੋਇਆ ਹੈ। ਇਸ ਛੱਪੜ ਦੀ ਸਫਾਈ ਤੇ ਡੂੰਘਾਈ ਨਾ ਹੋਣ ਕਾਰਨ ਇਸ ਵਿੱਚੋਂ ਭੈੜੀ ਬਦਬੂ ਉੱਠ ਰਹੀ ਹੈ ਅਤੇ ਕਈ ਕੀੜੇ-ਮਕੌੜੇ ਇਸ ਵਿਚ ਜਨਮ ਲੈ ਰਹੇ ਹਨ। ਇਸ ਸਬੰਧੀ ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਦਾ ਗੰਦਾ ਪਾਣੀ ਵੀ ਇਸ ਛੱਪੜ ਵਿਚ ਹੀ ਪੈਂਦਾ ਹੈ ਅਤੇ ਲੋਕ ਕੂੜਾ ਕਰਕਟ ਵੀ ਇੱਥੇ ਹੀ ਸੁੱਟ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਛੱਪੜ ਵਿਚਕਾਰ ਗੰਦਗੀ ਨਾਲ ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੁਲਸ ਸਟੇਸ਼ਨ ਦੇ ਨੇੜੇ ਆਧੁਨਿਕ ਕਿਸਮ ਦਾ ਸਟੇਡੀਅਮ ਵੀ ਬਣਾਇਆ ਜਾ ਰਿਹਾ ਹੈ ਅਤੇ ਸੰਬੰਧਿਤ ਵਿਭਾਗ ਜੇਕਰ ਇਸ ਛੱਪੜ ਨੂੰ ਪੂਰ ਦੇਵੇ ਤਾਂ ਲਗਭਗ ਚਾਰ ਕਨਾਲਾਂ ਜ਼ਮੀਨ ਵਰਤੋਂ ਵਿੱਚ ਆ ਸਕਦੀ ਹੈ ਤੇ ਥਾਣੇ ਦੀ ਦਿੱਖ ਵੀ ਸੁਧਰ ਜਾਵੇਗੀ। ਉਨ੍ਹਾਂ ਨੇ ਸੰਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਛਪੜ ਦੀ ਸਾਫ਼ ਸਫ਼ਾਈ ਤੇ ਡੂੰਘਾਈ ਕੀਤੀ ਜਾਵੇ ਤਾਂ ਜੋ ਪਿੰਡ ਵਾਸੀਆਂ ਅਤੇ ਥਾਣੇ ਦੇ ਮੁਲਾਜ਼ਮਾਂ ਨੂੰ ਰਾਹਤ ਮਿਲ ਸਕੇ।

# ਕਲੇਰ ਕਲਾਂ 'ਚ ਪਿੰਡ ਵਾਸੀਆਂ ਦੀ ਮੌਜੂਦਗੀ 'ਚ ਵਿਕਾਸ ਕਾਰਜਾਂ ਦਾ ਮੁੱਢ ਬੱਝਾ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਕਲੇਰ ਕਲਾਂ ਵਿਖੇ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਵਿਕਾਸ ਕਾਰਜ ਸ਼ੁਰੂ ਕਰਵਾਏ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਬਟਾਲਾ ਵਿਧਾਨ ਸਭਾ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਉਹ ਇਸ ਕੰਮ ਲਈ ਦਿਨ ਰਾਤ ਲੱਗੇ ਹੋਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਅਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਪਾਰਦਰਸ਼ੀ ਢੰਗ ਨਾਲ ਕੰਮ ਕਰਵਾਏ ਜਾ ਰਹੇ ਹਨ।ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਮੈਦਾਨ ਬਣਾਏ ਗਏ ਹਨ।ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਗਏ ਹਨ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਨਿਪਟਾਰਾ ਕੀਤਾ ਜਾ ਰਿਹਾ ਹੈ।

# ਬਲਾਕ ਸੰਮਤੀ ਚੋਣਾਂ 'ਚ ਬੀਬੀ ਦਲਜੀਤ ਕੌਰ ਬਣੇ ਚੇਅਰਪਰਸਨ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਾਂਗਰਸ ਦੀ ਉਮੀਦਵਾਰ ਬੀਬੀ ਦਲਜੀਤ ਕੌਰ ਦੀ ਸ਼ਾਨਦਾਰ ਜਿੱਤ ਦਾ ਐਲਾਨ ਕੀਤਾ।ਬੀਬੀ ਦਲਜੀਤ ਕੌਰ ਨੂੰ 14 ਵੋਟਾਂ ਪਈਆਂ। ਪਾਰਟੀ ਨੂੰ ਉਮੀਦ ਤੋਂ 2 ਵੋਟਾਂ ਵੱਧ ਮਿਲੀਆਂ। ਬਾਜਵਾ ਨੇ ਕਿਹਾ ਕਿ ਇਹ ਚੋਣ ਕਰਵਾਉਣ ਲਈ ਉਨ੍ਹਾਂ ਨੂੰ ਹਾਈਕੋਰਟ ਤੱਕ ਪਹੁੰਚ ਕਰਨੀ ਪਈ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਸ਼ਾਸਨਿਕ ਅਤੇ ਸਿਆਸੀ ਦਬਾਅ ਕਾਰਨ ਕਾਂਗਰਸੀ ਮੈਂਬਰਾਂ ਨੂੰ ਬਲਾਕਾਂ ਅੰਦਰ ਜਾਣ ਤੋਂ ਰੋਕਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਸਨ।ਉਨ੍ਹਾਂ ਨੇ ਫਤਿਹਗੜ੍ਹ ਚੂੜੀਆਂ ਦੇ ਸਮੂਹ ਕਾਂਗਰਸੀ ਵਰਕਰਾਂ ਅਤੇ ਯੂਨੀਅਨਾਂ ਨੂੰ ਇਸ ਜਿੱਤ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਉਨ੍ਹਾਂ ਦੀ ਮਿਹਨਤ ਸਦਕਾ ਹੀ ਸੰਭਵ ਹੋਇਆ ਹੈ।ਉਨ੍ਹਾਂ ਦੱਸਿਆ ਕਿ ਚੇਅਰਪਰਸਨ ਦੀ ਚੋਣ ਤੋਂ ਬਾਅਦ ਹੁਣ ਵਾਈਸ-ਚੇਅਰਮੈਨ ਦੀ ਚੋਣ ਲਈ ਵੋਟਿੰਗ ਹੋਣੀ ਬਾਕੀ ਹੈ, ਜਿਸ ਵਿੱਚ ਵੀ ਉਹ ਜਿੱਤ ਪ੍ਰਤੀ ਪੂਰੀ ਤਰ੍ਹਾਂ ਆਸਵੰਦ ਹਨ।



# ਬੀ ਐੱਸ ਐੱਫ ਸਿੱਖ ਜਵਾਨ ਦੇ ਹਿਰਾਸਤੀ ਕਤਲ ਮਾਮਲੇ 'ਚ ਦੋਸ਼ੀਆਂ 'ਤੇ ਹੋਵੇ ਸਖ਼ਤ ਕਾਰਵਾਈ : ਜਥੇਦਾਰ ਗੜਗੱਜ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਆਪਣੇ ਜੰਮੂ ਦੌਰੇ ਮੌਕੇ ਬੀਤੇ ਦਿਨੀਂ ਨਾਰਕੋਟਿਕਸ ਕੰਟ੍ਰੋਲ ਬਿਊਰੋ (ਐਨਸੀਬੀ) ਦੀ ਹਿਰਾਸਤ ਵਿੱਚ ਅੰਮ੍ਰਿਤਸਰ ਵਿਖੇ ਤਸ਼ੱਦਦ ਕਰਕੇ ਕਤਲ ਕੀਤੇ ਗਏ ਬਾਰਡਰ ਸੁਰੱਖਿਆ ਫੋਰਸ (ਬੀਐੱਸਐੱਫ) ਦੇ ਸਿੱਖ ਜਵਾਨ ਜਸਵਿੰਦਰ ਸਿੰਘ ਦੇ ਘਰ ਪਹੁੰਚੇ।ਉਨ੍ਹਾਂ ਨੇ ਪਰਿਵਾਰ ਦੀ ਗੱਲਬਾਤ ਸੁਣੀ ਅਤੇ ਉਨ੍ਹਾਂ ਨੂੰ ਹੌਸਲਾ ਦਿੱਤਾ ਕਿ ਸਮੁੱਚਾ ਖ਼ਾਲਸਾ ਪੰਥ ਇਨਸਾਫ਼ ਦੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਹੈ।ਜੰਮੂ ਦੇ ਆਰ. ਐੱਸ. ਪੁਰਾ ਖੇਤਰ ਵਿੱਚ ਮਹਲੋਵਾਲ ਵਿਖੇ ਇੱਕ ਗੁਰਮਤਿ ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਅਤੇ ਸੂਬਾ ਸਰਕਾਰ ਨੂੰ ਸ. ਜਸਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਆਖਿਆ।ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਉੱਤੇ ਐੱਨ. ਸੀ. ਬੀ. ਦੀ ਹਿਰਾਸਤ ਵਿੱਚ ਬਹੁਤ ਭਾਰੀ ਤਸ਼ੱਦਦ ਕਰਕੇ ਉਸ ਦਾ ਕਤਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਸਵਿੰਦਰ ਸਿੰਘ ਦੇ ਸਰੀਰ ਉਤੇ ਪਰਿਵਾਰ ਵੱਲੋਂ ਭਾਰੀ ਤਸ਼ੱਦਦ ਦੇ ਨਿਸ਼ਾਨ ਦੇਖੇ ਗਏ ਹਨ, ਜਿਸ ਦੇ ਸਬੂਤ ਵੀ ਮੌਜੂਦ ਹਨ, ਇਸ ਲਈ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਇਸ ਕਤਲ ਲਈ ਐੱਨ. ਸੀ. ਬੀ. ਦੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਪਰਚਾ ਦਰਜ ਹੋਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ।ਜਥੇਦਾਰ ਗੜਗੱਜ ਨੇ ਅਜਿਹੇ ਮਸਲਿਆਂ ਉਤੇ ਜੰਮੂ ਦੇ ਸਮੂਹ ਸਿੱਖਾਂ ਨੂੰ ਇਕਜੁੱਟ ਹੋ ਕੇ ਆਵਾਜ਼ ਉਠਾਉਣ ਦੀ ਅਪੀਲ ਕੀਤੀ।ਇਸ ਮੌਕੇ ਡੀਜੀਪੀਸੀ ਜੰਮੂ ਦੇ ਪ੍ਰਧਾਨ ਰਣਜੀਤ ਸਿੰਘ ਟੌਹੜਾ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ, ਸਿੰਘ ਸਾਹਿਬ ਦੇ ਨਿੱਜੀ ਸਹਾਇਕ ਬਲਦੇਵ ਸਿੰਘ, ਮੀਤ ਸਕੱਤਰ ਡੀਜੀਪੀਸੀ ਜੰਮੂ ਰਣਵੀਰ ਸਿੰਘ, ਇੰਚਾਰਜ ਧਰਮ ਪ੍ਰਚਾਰ ਡੀਜੀਪੀਸੀ ਜੰਮੂ ਗੁਰਮੀਤ ਸਿੰਘ, ਰਵਿੰਦਰ ਸਿੰਘ, ਸਵਰਨ ਸਿੰਘ ਅਤੇ ਜਤਿੰਦਰ ਸਿੰਘ ਆਦਿ ਮੌਜੂਦ ਸਨ।



# ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਕਸਬੇ ਦੇ ਨਜ਼ਦੀਕੀ ਪੈਂਦੇ ਪਿੰਡ ਸਰਫਕੋਟ ਦੀ ਸਮੂਹ ਸਾਧ ਸੰਗਤ ਵੱਲੋਂ ਖਾਲਸਾ ਪੰਥ ਦੇ ਆਗਮਨ ਪੁਰਬ ਦਿਵਸ ਦੀ ਖੁਸ਼ੀ ਅਤੇ ਦਮਦਮੀ ਟਕਸਾਲ ਦੇ ਮਹਾਂਪੁਰਖਾਂ ਦੀ ਯਾਦ ਵਿੱਚ ਪਿੰਡ ਸਰਫਕੋਟ ਵਿਖੇ ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ।ਇਸ ਮੌਕੇ ਭਾਈ ਨਿਸ਼ਾਨ ਸਿੰਘ ਗੜਵਈ ਸ਼ੰਤ ਬਾਬਾ ਠਾਕੁਰ ਸਿੰਘ, ਢਾਡੀ ਜਥਾ ਗੁਰਸੇਵਕਜੀਤ ਸਿੰਘ ਕਲਾਨੌਰ ਹਜ਼ੂਰੀ ਢਾਡੀ ਜਥਾ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਗੁਰਜੰਟ ਸਿੰਘ ਯੂ ਐੱਸ ਏ ਸ੍ਰੀ ਅੰਮ੍ਰਿਤਸਰ ਵਾਲਿਆਂ ਸਮੇਤ ਆਇਆ ਜਥਿਆਂ ਵੱਲੋਂ ਗੁਰਬਾਣੀ ਰਸ-ਭਿੰਨਾ ਗਾਇਨ ਕੀਤਾ ਅਤੇ ਆਈਆ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਪਰੰਤ ਸਤਿਗੁਰ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਗੁਰਮਤਿ ਪ੍ਰਚਾਰ ਲਹਿਰ ਦਮਦਮੀ ਟਕਸਾਲ ਦੇ ਜਥੇ ਵੱਲੋ ਭਾਈ ਪ੍ਰਭਦਿਆਲ ਸਿੰਘ ਮੁਰੀਦਕੇ ਵਿਦਿਆਰਥੀ ਦਮਦਮੀ ਟਕਸਾਲ ਦੇ ਸਹਿਯੋਗ ਨਾਲ ਅੰਮ੍ਰਿਤ ਸੰਚਾਰ ਕੀਤਾ ਗਿਆ, ਜਿਸ ਵਿਚ 42 ਪ੍ਰਾਣੀ ਅੰਮ੍ਰਿਤ ਪਾਨ ਕਰ ਗੁਰੂ ਲੜ ਲੱਗੇ ।ਇਸ ਮੌਕੇ ਦਸਤਾਰ ਸਿਖਲਾਈ ਕੈਂਪ ਦੀ ਸੇਵਾ ਮਨਜੀਤ ਸਿੰਘ ਅੰਬਰਸਰੀਆ, ਗੁਰਮੁੱਖ ਸਿੰਘ, ਕਰਨਬੀਰ ਸਿੰਘ, ਯੁਵਰਾਜ ਸਿੰਘ, ਜਗਜੀਤ ਸਿੰਘ ਭੁੱਲਰ ਵੱਲੋਂ ਕੀਤੀ ਗਈ।ਬਾਬਾ ਗੁਰਮੀਤ ਸਿੰਘ ਸਰਫਕੋਟ ਵਾਲਿਆਂ ਵੱਲੋਂ ਆਈਆਂ ਸੰਗਤਾਂ ਦੀ ਸੇਵਾ ਠੰਢੀਆਂ ਮਿੱਠੀਆਂ ਸ਼ਰਦਾਈਆਂ ਨਾਲ ਕੀਤੀ ਗਈ ਅਤੇ ਗੁਰੂ ਕੇ ਅਤੁੱਟ ਲੰਗਰ ਵੀ ਛਕਾਏ ਗਏ।



# 26ਵੇਂ ਰਾਸ਼ਟਰੀ ਰੰਗਮੰਚ ਉਸਤਵ ਦੇ ਅੱਠਵੇਂ ਦਿਨ 'ਜ਼ਿੰਦਗੀ ਦੇ ਰੰਗ' ਦਾ ਸਫਲ ਮੰਚਨ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਨਾਰਥ ਜ਼ੋਨ ਕਲਚਰਲ ਸੈਂਟਰ ਪਟਿਆਲਾ, ਸਭਿਆਚਾਰਕ ਮਾਮਲੇ ਵਿਭਾਗ ਭਾਰਤ ਸਰਕਾਰ, ਭਾਸ਼ਾ ਵਿਭਾਗ, ਪੰਜਾਬ ਅਤੇ ਵਿਰਸਾ ਵਿਹਾਰ ਸੁਸਾਇਟੀ ਦੇ ਵਿਸ਼ੇਸ਼ ਸਹਿਯੋਗ ਨਾਲ ਸ਼੍ਰੋਮਣੀ ਨਾਟਕਕਾਰ ਸਵ: ਸ੍ਰੀ ਜਤਿੰਦਰ ਬਰਾੜ ਦੀ ਯਾਦ ਵਿੱਚ 21 ਮਾਰਚ ਤੋਂ 30 ਮਾਰਚ ਤੱਕ ਚੱਲਣ ਵਾਲੇ 26ਵੇਂ ਰਾਸ਼ਟਰੀ ਰੰਗਮੰਚ ਉਸਤਵ ਦੇ ਅਠਵੇਂ ਦਿਨ ਨਵਤੇਜ ਸਿੰਘ ਦੁਆਰਾ ਲਿਖਿਆ ਤੇ ਈਮੈਨੂਅਲ ਸਿੰਘ ਦਾ ਨਿਰਦੇਸ਼ਤ ਕੀਤਾ ਪੰਜਾਬੀ ਨਾਟਕ 'ਜ਼ਿੰਦਗੀ ਦੇ ਰੰਗ' ਦਾ ਮੰਚਨ ਵਿਰਸਾ ਵਿਹਾਰ ਦੇ ਭਾਅ ਜੀ ਗੁਰਸ਼ਰਨ ਸਿੰਘ ਓਪਨ ਏਅਰ ਥੀਏਟਰ 'ਚ ਸਫ਼ਲਤਾਪੂਰਵਕ ਮੰਚਨ ਕੀਤਾ ਗਿਆ।'ਜ਼ਿੰਦਗੀ ਦੇ ਰੰਗ' ਨਾਟਕ ਪ੍ਰਸਿੱਧ ਪੰਜਾਬੀ ਕਹਾਣੀਕਾਰ ਸ. ਨਵਤੇਜ ਸਿੰਘ ਦੀਆਂ ਚਾਰ ਕਹਾਣੀਆਂ 'ਚੋਰ, ਮੁੰਡੂ ਅਤੇ ਟਾਮੀ, ਤਾਮੀਲ ਕੁਨਿੰਦਾ ਅਤੇ ਉਜੜੇ ਘਰ' ਉਤੇ ਆਧਾਰਿਤ ਹੈ। ਭਾਵੇਂ ਕਿ ਹਰ ਕਹਾਣੀ ਕੋਈ ਵੱਖਰੀ ਗੱਲ ਕਰਦੀ ਹੈ, ਪਰ ਨਵਤੇਜ ਸਿੰਘ ਦੀਆਂ ਬੇਸ਼ੁਮਾਰ ਕਹਾਣੀਆਂ ਵਿਚੋਂ ਇਹ ਚਾਰ ਕਹਾਣੀਆਂ ਇਹੋ ਜਿਹੀਆਂ ਚੁਣੀਆਂ ਗਈਆਂ ਹਨ, ਜਿਨ੍ਹਾਂ ਵਿਚ ਮਨੁੱਖ ਦਾ ਮਨੁੱਖ ਪ੍ਰਤੀ ਨਜ਼ਰੀਆ, ਜਜ਼ਬਾਤੀ ਇਨਸਾਨਾਂ ਦਾ ਟੁੱਟਣਾ ਜੁੜਣਾ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਸੋਹਣੇ ਭਵਿੱਖ ਲਈ ਜੱਦੋ-ਜਹਿਦ ਸ਼ਾਮਿਲ ਹੈ।ਇਹ ਵਰ੍ਹਾ ਨਵਤੇਜ ਸਿੰਘ ਦੀ 101ਵੀਂ ਜਨਮ ਸ਼ਤਾਬਦੀ ਵਜੋਂ ਮਨਾਇਆ ਜਾ ਰਿਹਾ ਹੈ।ਇਸ ਲਈ ਉਨ੍ਹਾਂ ਦੀਆਂ ਚਾਰ ਕਹਾਣੀਆਂ ਨੂੰ ਨਾਟਕੀ ਰੂਪ ਵਿਚ ਪੇਸ਼ ਕਰਨਾ ਸਾਡੇ ਵਲੋਂ ਉਨ੍ਹਾਂ ਪ੍ਰਤੀ ਇਕ ਅਕੀਦਤ ਹੈ।ਇਸ ਨਾਟਕ ਵਿੱਚ ਡਾ. ਆਤਮਾ ਸਿੰਘ ਗਿੱਲ, ਡੌਲੀ ਸੱਡਲ, ਮਰਕਸਪਾਲ ਗੁਮਟਾਲਾ, ਜਸਵੰਤ ਸਿੰਘ, ਵਿਕਾਸ ਜੋਸ਼ੀ, ਅਚਲ ਮਹਾਜਨ, ਤਮੰਨਾ ਕਪੂਰ, ਜਗਾ ਸਿੰਘ, ਹੈਦਰ ਮਹਾਜਨ, ਜਸ਼ਨਪ੍ਰੀਤ ਸਿੰਘ, ਸੁੱਖ, ਨਿਸ਼ਚੇਜੀਤ, ਨਿਰਬਾਨ, ਅਕਸ਼ ਸਮੇਤ ਕਲਾਕਾਰਾਂ ਨੇ ਦਮਦਾਰ ਅਦਾਕਾਰੀ ਪੇਸ਼ ਕੀਤੀ।ਇਸ ਮੌਕੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਡਾ. ਹਰਿਭਜਨ ਸਿੰਘ ਭਾਟੀਆ, ਅਭਿਨਵ ਰੰਗ ਮੰਡਲ ਉਜੈਨ ਦੇ ਪ੍ਰਧਾਨ ਸ਼ਰਦ ਸ਼ਰਮਾ, ਅਦਾਕਾਰ ਹਰਦੀਪ ਗਿੱਲ, ਅਮਰਪਾਲ, ਸੁਮੀਤ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਨਾਟ ਪ੍ਰੇਮੀ ਤੇ ਦਰਸ਼ਕ ਹਾਜ਼ਰ ਸਨ।

# ਖਾਲਸਾ ਸਕੂਲ ਗੁਰਦਾਸ ਨੰਗਲ ਵਿਖੇ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ



**ਧਾਰੀਵਾਲ, (ਮਨਦੀਪ ਵਿੱਕੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਸੰਸਥਾ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਵਿਖੇ ਨਵੇਂ ਵਿੱਦਿਅਕ ਸ਼ੈਸ਼ਨ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਸਮਾਗਮ ਦੌਰਾਨ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਦੁਆਰਾ ਸੰਗਤੀ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਸ੍ਰੀ ਅਨੰਦ ਸਾਹਿਬ ਦੀਆਂ ਛੇ ਪੌੜੀਆਂ ਦਾ ਪਾਠ ਕੀਤਾ ਗਿਆ। ਉਪਰੰਤ ਸੰਸਥਾ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਨੇ ਇਸ ਨਵੇਂ ਵਿੱਦਿਅਕ ਸ਼ੈਸ਼ਨ ਵਿੱਚ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਅਤੇ ਮਨ ਲਗਾ ਕੇ ਪੜ੍ਹਾਈ ਕਰਨ ਦੀ ਸਿੱਖਿਆ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਝਾਇਆ ਕਿ ਆਪਣੇ ਅਧਿਆਪਕਾਂ ਦਾ ਆਦਰ-ਸਤਿਕਾਰ ਕਰਨਾ ਅਤੇ ਉੱਚ ਵਿੱਦਿਆ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਅਤੇ ਆਪਣੇ ਸਕੂਲ ਦਾ ਨਾਮ ਰੌਸ਼ਨ ਕਰਨਾ ਹਰੇਕ ਵਿਦਿਆਰਥੀ ਦਾ ਮੁੱਢਲਾ ਫਰਜ਼ ਹੈ। ਇਸ ਸਮੇਂ ਸਕੂਲ ਦਾ ਸਮੂਹ ਸਟਾਫ ਹਾਜ਼ਰ ਸਨ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਆਯੁਰਵੈਦਿਕ ਸਿਹਤ ਤੇ ਸਲਾਹ ਕੈਂਪ ਆਯੋਜਿਤ

**ਬਟਾਲਾ ਮਾਰਚ (ਡਾ. ਮਲਵਿੰਦਰ ਸਿੰਘ)**

ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਆਯੁਰਵੈਦਿਕ ਸਿਹਤ ਅਤੇ ਸਲਾਹ ਕੈਂਪ ਦਾ ਆਯੋਜਨ ਸੰਸਥਾਨ ਦੇ ਆਰੋਗਿਆ ਪ੍ਰੋਜੈਕਟ ਅਧੀਨ ਸੀਤਲਾ ਮਾਤਾ ਮੰਦਰ, ਸਮਾਧ ਰੋਡ, ਬਟਾਲਾ ਵਿਖੇ ਕੀਤਾ ਗਿਆ।ਇਸ ਕੈਂਪ ਦੀ ਸ਼ੁਰੂਆਤ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਵਿਧਾਇਕ ਵੱਲੋਂ ਕੀਤੀ ਗਈ।ਇਸ ਮੌਕੇ ਸ਼ਹਿਰ ਦੇ ਪ੍ਰਮੁੱਖ ਨਾਗਰਿਕ, ਸਮਾਜ ਸੇਵੀ, ਸਿੱਖਿਅਕ ਅਤੇ ਹੋਰ ਮਹਿਮਾਨ ਹਾਜ਼ਰ ਸਨ।ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਲਾਭ ਉਠਾਇਆ।ਹਰ ਵਿਅਕਤੀ ਨੂੰ ਉਸਦੀ ਸਿਹਤ ਦੀ ਸਥਿਤੀ ਦੇ ਅਨੁਸਾਰ ਸੌਖੀ ਅਤੇ ਲਾਭਕਾਰੀ ਸਲਾਹ ਦਿੱਤੀ ਗਈ।ਕੈਂਪ ਵਿੱਚ ਵੈਦ ਪਰਮਿੰਦਰ ਮੋਦਗਿੱਲ, ਡਾ. ਜੈ ਪ੍ਰਕਾਸ਼, ਡਾ. ਲੋਕੇਸ਼ ਅਤੇ ਵੈਦ ਹਰਪ੍ਰੀਤ ਸਿੰਘ ਨੇ ਆਪਣੀਆਂ ਸੇਵਾਵਾਂ ਦਿੱਤੀਆਂ।ਉਨ੍ਹਾਂ ਵੱਲੋਂ ਨਾੜੀ ਜਾਂਚ ਅਤੇ ਜੀਵਨਸ਼ੈਲੀ ਦੇ ਆਧਾਰ 'ਤੇ ਸਿਹਤ ਸੰਬੰਧੀ ਸਲਾਹ ਦਿੱਤੀ ਗਈ।ਇਸ ਦੌਰਾਨ ਸ਼ਿਆਟਿਕਾ, ਜੋੜਾਂ ਦਾ ਦਰਦ, ਪਾਚਨ ਸੰਬੰਧੀ ਸਮੱਸਿਆਵਾਂ, ਚਮੜੀ ਦੇ ਰੋਗ, ਸਾਹ ਸੰਬੰਧੀ ਸਮੱਸਿਆਵਾਂ, ਸ਼ੂਗਰ, ਉਚ ਰਕਤਚਾਪ ਅਤੇ ਤਨਾਅ ਵਰਗੀਆਂ ਬਿਮਾਰੀਆਂ ਤੇ ਵਿਸ਼ੇਸ਼ ਸਲਾਹ ਮਸ਼ਵਰਾ ਦਿੱਤਾ ਗਿਆ।ਨਾਲ ਹੀ ਯੋਗ, ਪ੍ਰਾਣਾਯਾਮ, ਸੰਤੁਲਿਤ ਆਹਾਰ ਅਤੇ ਨਿਯਮਿਤ ਦੈਨਿਕ ਜੀਵਨ ਸ਼ੈਲੀ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਸਮਾਪਤੀ ਮੌਕੇ ਸਵਾਮੀ ਰੰਜੀਤਾਨੰਦ ਨੇ ਦੱਸਿਆ ਕਿ ਆਰੋਗਿਆ ਪ੍ਰੋਜੈਕਟ ਦਾ ਉਦੇਸ਼ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ।



# ਨੌਂ ਸਾਲ ਹੀ ਬਚੇ

*ਵਧਦੇ ਤਾਪਮਾਨ ਤੇ ਹਵਾ ਪ੍ਰਦੂਸ਼ਣ ਨਾਲ 2035 ਤੱਕ ਪੰਜਾਬ, ਹਰਿਆਣਾ ਤੇ ਯੂ ਪੀ ਦੇ ਹਿੱਸਿਆਂ 'ਚ ਚੌਲ ਪੈਦਾਵਾਰ ਵਿੱਚ 75 ਫੀਸਦੀ ਤੱਕ ਕਮੀ ਹੋ ਸਕਦੀ ਹੈ, ਜਦਕਿ ਬੰਗਾਲ ਵਿੱਚ ਖਾਸ ਫਰਕ ਨਹੀਂ ਪਵੇਗਾ। ਇਸ ਤਰ੍ਹਾਂ ਦੇਸ਼ ਦੀ ਚੌਲਾਂ ਦੇ ਮਾਮਲੇ ਵਿੱਚ ਬੰਗਾਲ ਵਰਗੇ ਪੂਰਬੀ ਰਾਜਾਂ 'ਤੇ ਨਿਰਭਰਤਾ ਵਧ ਜਾਵੇਗੀ। 'ਸਾਇੰਸ ਆਫ ਦੀ ਟੋਟਲ ਇਨਵਾਇਰਨਮੈਂਟ' ਵਿੱਚ ਛਪੇ ਅਧਿਐਨ ਦੀ ਅਗਵਾਈ ਕਰਨ ਵਾਲੇ ਬੰਗਾਲ ਦੀ ਵਿਦਿਆਸਾਗਰ ਯੂਨੀਵਰਸਿਟੀ ਵਿੱਚ ਅਸਿਸਟੈਂਟ ਪ੍ਰੋਫੈਸਰ ਤੇ ਰਿਮੋਟ ਸੈਂਸਿੰਗ ਸਪੈਸ਼ਲਿਸਟ ਪ੍ਰਸੰਨਜੀਤ ਆਚਾਰੀਆ ਨੇ ਦੱਸਿਆ ਹੈ ਕਿ ਉਨ੍ਹਾ ਆਪਣੀ ਟੀਮ ਨਾਲ ਪਤਾ ਲਾਇਆ ਹੈ ਕਿ ਜਿਸ ਤਰ੍ਹਾਂ ਤਾਪਮਾਨ ਵਧ ਰਿਹਾ ਹੈ, ਉਸ ਹਿਸਾਬ ਨਾਲ 2035 ਤੱਕ ਪੰਜਾਬ, ਹਰਿਆਣਾ ਤੇ ਪੱਛਮੀ ਯੂ ਪੀ ਦੇ ਹਿੱਸਿਆਂ 'ਚ ਝਾੜ 15 ਤੋਂ 75 ਫੀਸਦੀ ਅਤੇ ਪੂਰਬੀ ਯੂ ਪੀ ਤੇ ਬਿਹਾਰ ਵਿੱਚ 25 ਫੀਸਦੀ ਤੱਕ ਘਟ ਜਾਵੇਗਾ। ਟੀਮ ਨੇ ਤਾਪਮਾਨ, ਵਰਖਾ, ਸੂਰਜੀ ਕਿਰਨਾਂ, ਜੋ ਧਰਤੀ ਤੱਕ ਸੂਰਜੀ ਰੌਸ਼ਨੀ ਪਹੁੰਚਣ 'ਤੇ ਅਸਰ ਕਰਦੇ ਹਨ ਅਤੇ ਧਰਤ-ਪੱਧਰੀ ਓਜ਼ੋਨ ਪੱਧਰ, ਜੋ ਫੋਟੋਸਿੰਥੇਸਿਸ (ਪੌਦਿਆਂ ਦੀ ਆਪਣੀ ਖੁਰਾਕ ਬਣਾਉਣ ਦੀ ਪ੍ਰਕਿਰਿਆ) ਦੀ ਰਫਤਾਰ ਘਟਾ ਕੇ ਝਾੜ ਘਟਾ ਸਕਦੀ ਹੈ, ਨੂੰ ਧਿਆਨ ਵਿੱਚ ਰੱਖ ਕੇ ਇਹ ਨਤੀਜਾ ਕੱਢਿਆ ਹੈ। ਖੋਜ ਟੀਮ ਦੇ ਮੈਂਬਰ ਤੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਪ੍ਰੋਫੈਸਰ ਐੱਸ ਸ੍ਰੀਕੇਸ਼ ਮੁਤਾਬਕ ਜਦੋਂ ਫਸਲ ਦੇ ਵਿਕਾਸ ਦੇ ਪੜਾਅ 'ਚ ਤਾਪਮਾਨ 33 ਡਿਗਰੀ ਸੈਲਸੀਅਸ ਤੋਂ ਉੱਪਰ ਜਾਂਦਾ ਹੈ ਤਾਂ ਪਾਣੀ ਦੇ ਵਾਸ਼ਪੀਕਰਨ ਨਾਲ ਵਿਕਾਸ ਪ੍ਰਭਾਵਤ ਹੁੰਦਾ ਹੈ। ਪ੍ਰੋਫੈਸਰ ਆਚਾਰੀਆ ਦਾ ਕਹਿਣਾ ਹੈ ਕਿ 1990ਵਿਆਂ ਤੋਂ 2020ਵਿਆਂ ਦੇ ਮੱਧ ਤੱਕ ਦੇਸ਼ ਵਿੱਚ ਚੌਲਾਂ ਦੀ ਪੈਦਾਵਾਰ ਲੱਗਭੱਗ 2 ਟਨ ਪ੍ਰਤੀ ਹੈਕਟੇਅਰ ਤੋਂ 4.2 ਟਨ ਪ੍ਰਤੀ ਹੈਕਟੇਅਰ ਤੱਕ ਵਧਣ ਦੇ ਸੰਦਰਭ ਵਿੱਚ 2035 ਤੱਕ ਪੈਦਾਵਾਰ ਘਟਣ ਬਾਰੇ ਸੁਣ ਕੇ ਅਜੀਬ ਲੱਗੇਗਾ, ਪਰ ਜਦੋਂ ਪੈਦਾਵਾਰ ਵਧ ਰਹੀ ਸੀ, ਉੱਤਰੀ ਭਾਰਤ ਦੇ ਮੈਦਾਨਾਂ ਵਿੱਚ ਤਬਦੀਲੀ ਦੇ ਸੰਕੇਤ ਨਜ਼ਰ ਆਉਣ ਲੱਗ ਪਏ ਸਨ। ਇੱਕੀਵੀਂ ਸਦੀ ਦੇ ਸ਼ੁਰੂ ਵਿੱਚ ਇਹ ਲੱਗਭੱਗ 2 ਟਨ ਸੀ ਤੇ 2008 ਤੱਕ 2.4 ਟਨ ਹੋ ਗਈ, 2010 ਵਿੱਚ ਘਟ ਕੇ 2.2 ਟਨ ਹੋ ਗਈ, 2012 ਵਿੱਚ 2.8 ਟਨ ਤੱਕ ਪੁੱਜੀ ਤੇ 2015 ਵਿੱਚ ਡਿੱਗ ਕੇ 2.6 ਟਨ 'ਤੇ ਆ ਗਈ ਅਤੇ 2017 ਵਿੱਚ 3 ਟਨ ਤੱਕ ਪੁੱਜ ਗਈ, ਪਰ 2018 ਵਿੱਚ 2.8 ਟਨ 'ਤੇ ਆ ਗਈ। ਅਜਿਹਾ ਮੌਸਮ ਤੇ ਹਵਾ ਪ੍ਰਦੂਸ਼ਣ ਕਾਰਨ ਹੋਇਆ। ਬੰਗਾਲ ਵਿੱਚ ਅਜਿਹਾ ਨਹੀਂ ਵਾਪਰਿਆ। ਪ੍ਰੋਫੈਸਰ ਸ੍ਰੀਕੇਸ਼ ਮੁਤਾਬਕ ਬੰਗਾਲ ਵਿੱਚ ਘੱਟ ਪ੍ਰਦੂਸ਼ਣ ਤੇ ਤਾਪਮਾਨ ਵਿੱਚ ਬਹੁਤਾ ਬਦਲਾਅ ਨਾ ਹੋਣ ਕਰਕੇ ਫਰਕ ਨਹੀਂ ਪਿਆ। ਇਹੀ ਕਾਰਨ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਚੌਲਾਂ ਲਈ ਪੂਰਬੀ ਭਾਰਤ 'ਤੇ ਨਿਰਭਰਤਾ ਵਧੇਗੀ।*

*ਪੰਜਾਬ ਤੇ ਇਸ ਦੇ ਗੁਆਂਢ ਵਿੱਚ ਚੌਲਾਂ ਦੀ ਪੈਦਾਵਾਰ ਘਟਣ ਬਾਰੇ ਇਹ ਭਵਿੱਖਬਾਣੀ ਕਿਸੇ ਜੋਤਿਸ਼ੀ ਨੇ ਨਹੀਂ ਕੀਤੀ, ਇਹ ਵਿਗਿਆਨਕ ਖੋਜ ਦਾ ਨਤੀਜਾ ਹੈ। ਇਸ ਲਈ ਵਿਗਿਆਨੀਆਂ ਨੂੰ ਝੋਨੇ ਦੀਆਂ ਅਜਿਹੀਆਂ ਕਿਸਮਾਂ ਵਿਕਸਤ ਕਰਨੀਆਂ ਪੈਣਗੀਆਂ, ਜਿਹੜੀਆਂ ਵਧਦੇ ਤਾਪਮਾਨ ਦਾ ਟਾਕਰਾ ਕਰ ਸਕਣ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਵੀ ਕਿਸਾਨਾਂ ਨੂੰ ਬਚਾਉਣ ਲਈ ਹੁਣ ਤੋਂ ਹੀ ਨੀਤੀਆਂ ਬਣਾਉਣੀਆਂ ਪੈਣਗੀਆਂ, ਕਿਉਂਕਿ ਬਹੁਤੇ ਕਿਸਾਨਾਂ ਦਾ ਦਾਲ-ਫੁਲਕਾ ਝੋਨੇ 'ਤੇ ਹੀ ਨਿਰਭਰ ਹੈ।*

# ਜਾਤੀ ਨਹੀਂ, ਜਮਾਤੀ ਸੰਘਰਸ਼ ਦੀ ਲੋੜ

**ਐੱਮ ਐੱਸ ਭਾਟੀਆ**

ਭਾਰਤ ਅਤੇ ਖ਼ਾਸ ਕਰਕੇ ਪੰਜਾਬ ਵਿੱਚ ਅੱਜ ਇੱਕ ਖ਼ਤਰਨਾਕ ਰਾਜਨੀਤਕ ਚਾਲ ਚੱਲੀ ਜਾ ਰਹੀ ਹੈ, ਲੋਕਾਂ ਨੂੰ ਜਾਤੀ ਦੇ ਨਾਂਅ 'ਤੇ ਵੰਡਣ ਦੀ ਚਾਲ। ਇਸ ਦਾ ਮਕਸਦ ਸਪੱਸ਼ਟ ਹੈ: ਮਿਹਨਤਕਸ਼ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਹਟਾਉਣਾ ਅਤੇ ਉਨ੍ਹਾਂ ਦੀ ਏਕਤਾ ਨੂੰ ਤੋੜਨਾ। ਜਦੋਂ ਮਜ਼ਦੂਰ, ਕਿਸਾਨ ਅਤੇ ਗਰੀਬ ਲੋਕ ਆਪਸ ਵਿੱਚ ਜਾਤੀ ਦੇ ਆਧਾਰ 'ਤੇ ਲੜਦੇ ਹਨ, ਤਦ ਹਾਕਮ ਵਰਗ ਬਿਨਾਂ ਕਿਸੇ ਰੁਕਾਵਟ ਦੇ ਆਪਣੀ ਲੁੱਟ ਅਤੇ ਸ਼ੋਸ਼ਣ ਜਾਰੀ ਰੱਖਦਾ ਹੈ।

ਪੰਜਾਬ ਦੇ ਮੌਜੂਦਾ ਹਾਲਾਤ ਇਸ ਸੱਚਾਈ ਨੂੰ ਬਿਲਕੁਲ ਸਾਫ਼ ਕਰਦੇ ਹਨ। ਖੇਤਾਂ ਵਿੱਚ ਦਿਨ-ਰਾਤ ਮਿਹਨਤ ਕਰਨ ਵਾਲੇ ਖੇਤ ਮਜ਼ਦੂਰਾਂ ਦੀ ਹਾਲਤ ਬਹੁਤ ਹੀ ਮਾੜੀ ਹੈ। ਉਨ੍ਹਾਂ ਕੋਲ ਨਾ ਆਪਣੀ ਜ਼ਮੀਨ ਹੈ, ਨਾ ਹੀ ਪੱਕੀ ਰੋਜ਼ੀ-ਰੋਟੀ ਦੀ ਗਾਰੰਟੀ। ਘੱਟ ਮਜ਼ਦੂਰੀ, ਬੇਰੁਜ਼ਗਾਰੀ ਅਤੇ ਸਮਾਜਿਕ ਅਸੁਰੱਖਿਆ ਨੇ ਉਨ੍ਹਾਂ ਦੀ ਜ਼ਿੰਦਗੀ ਨੂੰ ਅਸਹਿਣਯੋਗ ਬਣਾ ਦਿੱਤਾ ਹੈ । ਦੂਜੇ ਪਾਸੇ, ਛੋਟੇ ਅਤੇ ਮੱਧਮ ਕਿਸਾਨ ਕਰਜ਼ਿਆਂ ਦੇ ਭਾਰ ਹੇਠ ਦੱਬੇ ਹੋਏ ਹਨ। ਬੈਂਕਾਂ ਅਤੇ ਸ਼ਾਹੂਕਾਰਾਂ ਦੇ ਕਰਜ਼ੇ ਚੁਕਾਉਣ ਦੇ ਦਬਾਅ ਕਾਰਨ ਅਨੇਕਾਂ ਕਿਸਾਨਾਂ ਨੇ ਆਪਣੀ ਜ਼ਿੰਦਗੀ ਖਤਮ ਕਰਨ ਦਾ ਦਰਦਨਾਕ ਕਦਮ ਚੁੱਕਿਆ ਹੈ। ਇਹ ਸਿਰਫ਼ ਵਿਅਕਤੀਗਤ ਨਾਕਾਮੀ ਨਹੀਂ, ਸਗੋਂ ਪੂਰੀ ਆਰਥਿਕ ਅਤੇ ਰਾਜਨੀਤਕ ਪ੍ਰਣਾਲੀ ਦੀ ਨਾਕਾਮੀ ਹੈ।

ਉਦਯੋਗਿਕ ਖੇਤਰ ਵਿੱਚ ਵੀ ਹਾਲਾਤ ਵੱਖਰੇ ਨਹੀਂ ਹਨ। ਲੁਧਿਆਣਾ, ਜਲੰਧਰ ਅਤੇ ਹੋਰ ਸ਼ਹਿਰਾਂ ਵਿੱਚ ਫੈਕਟਰੀ ਮਜ਼ਦੂਰਾਂ ਦੀ ਜ਼ਿੰਦਗੀ ਕਠਿਨਾਈਆਂ ਨਾਲ ਭਰੀ ਹੋਈ ਹੈ। ਉਨ੍ਹਾਂ ਤੋਂ 10-12 ਘੰਟੇ ਕੰਮ ਕਰਵਾਇਆ ਜਾਂਦਾ ਹੈ, ਪਰ ਮਜ਼ਦੂਰੀ ਏਨੀ ਘੱਟ ਹੁੰਦੀ ਹੈ ਕਿ ਘਰ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨੀਆਂ ਵੀ ਮੁਸ਼ਕਲ ਹੋ ਜਾਂਦਾ ਹੈ। ਠੇਕਾ ਪ੍ਰਣਾਲੀ ਨੇ ਮਜ਼ਦੂਰਾਂ ਨੂੰ ਪੂਰੀ ਤਰ੍ਹਾਂ ਅਸੁਰੱਖਿਅਤ ਬਣਾ ਦਿੱਤਾ ਹੈ—ਨਾ ਪੱਕੀ ਨੌਕਰੀ, ਨਾ ਸਮਾਜਿਕ ਸੁਰੱਖਿਆ, ਨਾ ਹੀ ਮਜ਼ਦੂਰ ਕਾਨੂੰਨਾਂ ਦੀ ਪਾਲਣਾ। ਇਹ ਸਾਰਾ ਸ਼ੋਸ਼ਣ ਕਿਸੇ ਇੱਕ ਜਾਤੀ ਨਾਲ ਨਹੀਂ ਜੁੜਿਆ, ਇਹ ਪੂਰੇ ਮਿਹਨਤਕਸ਼ ਵਰਗ 'ਤੇ ਹੋ ਰਿਹਾ ਹੈ।

ਫਿਰ ਵੀ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜਦੋਂ ਸਮੱਸਿਆਵਾਂ ਸਾਂਝੀਆਂ ਹਨ, ਤਾਂ ਲੜਾਈ ਸਾਂਝੀ ਕਿਉਂ ਨਹੀਂ ਬਣਦੀ ? ਇਸ ਦਾ ਜਵਾਬ ਸਪੱਸ਼ਟ ਹੈ, ਹਾਕਮ ਤਾਕਤਾਂ—ਕਾਰਪੋਰੇਟ ਘਰਾਣੇ, ਸੱਤਾ ਵਿੱਚ ਬੈਠੀਆਂ ਰਾਜਨੀਤਕ ਪਾਰਟੀਆਂ ਅਤੇ ਉਨ੍ਹਾਂ ਦੇ ਸਾਥੀ ਜਾਣ-ਬੁੱਝ ਕੇ ਲੋਕਾਂ ਨੂੰ ਜਾਤੀ, ਧਰਮ ਅਤੇ ਖੇਤਰ ਦੇ ਨਾਂ 'ਤੇ ਵੰਡ ਰਹੀਆਂ ਹਨ। ਕਦੇ ਰਿਜ਼ਰਵੇਸ਼ਨ ਦੇ ਨਾਂਅ 'ਤੇ ਲੋਕਾਂ ਵਿੱਚ ਨਫ਼ਰਤ ਪੈਦਾ ਕੀਤੀ ਜਾਂਦੀ ਹੈ, ਕਦੇ ਧਰਮ ਦੇ ਨਾਂਅ 'ਤੇ ਟਕਰਾਅ ਖੜ੍ਹੇ ਕੀਤੇ ਜਾਂਦੇ ਹਨ । ਇਹ ਸਾਰਾ ਇੱਕ ਸੋਚੀ-ਸਮਝੀ ਸਾਜ਼ਿਸ਼ ਹੈ, ਜਿਸ ਦਾ ਮਕਸਦ ਮਿਹਨਤਕਸ਼ ਲੋਕਾਂ ਦੀ ਏਕਤਾ ਨੂੰ ਤੋੜਨਾ ਅਤੇ ਉਨ੍ਹਾਂ ਦੀ ਤਾਕਤ ਨੂੰ ਕਮਜ਼ੋਰ ਕਰਨਾ ਹੈ।

ਕਾਰਲ ਮਾਰਕਸ ਨੇ ਕਿਹਾ ਸੀ ਕਿ ਦੁਨੀਆ ਦਾ ਇਤਿਹਾਸ ਵਰਗ ਸੰਘਰਸ਼ ਦਾ ਇਤਿਹਾਸ ਹੈ । ਅੱਜ ਵੀ ਇਹ ਗੱਲ ਪੂਰੀ ਤਰ੍ਹਾਂ ਸੱਚ ਹੈ । ਇੱਕ ਪਾਸੇ ਉਹ ਹਨ, ਜੋ ਮਿਹਨਤ ਕਰਦੇ ਹਨ—ਮਜ਼ਦੂਰ, ਕਿਸਾਨ, ਨੌਜਵਾਨ ਅਤੇ ਛੋਟੇ ਵਪਾਰੀ, ਦੂਜੇ ਪਾਸੇ ਉਹ ਹਨ, ਜੋ ਇਸ ਮਿਹਨਤ ਦੀ ਲੁੱਟ ਕਰਦੇ ਹਨ, ਵੱਡੇ ਕਾਰਪੋਰੇਟ ਘਰਾਣੇ ਅਤੇ ਹਾਕਮ ਵਰਗ । ਜਦ ਤੱਕ ਇਹ ਸਪਸ਼ਟ ਸਮਝ ਲੋਕਾਂ ਵਿੱਚ ਨਹੀਂ ਆਉਂਦੀ, ਤਦ ਤੱਕ ਕੋਈ ਵੀ ਸੰਘਰਸ਼ ਆਪਣੀ ਮੰਜ਼ਲ ਤੱਕ ਨਹੀਂ ਪਹੁੰਚ ਸਕਦਾ ।

ਸਾਡੇ ਮਹਾਨ ਇਨਕਲਾਬੀ ਭਗਤ ਸਿੰਘ ਨੇ ਵੀ ਇਸ ਹਕੀਕਤ ਨੂੰ ਸਮਝਿਆ ਸੀ । ਉਹਨਾ ਲਈ ਆਜ਼ਾਦੀ ਦਾ ਮਤਲਬ ਸਿਰਫ਼ ਅੰਗਰੇਜ਼ੀ ਰਾਜ ਤੋਂ ਮੁਕਤੀ ਨਹੀਂ ਸੀ, ਸਗੋਂ ਹਰ ਕਿਸਮ ਦੇ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਤੋਂ ਮੁਕਤੀ ਸੀ । ਉਹ ਇੱਕ ਅਜਿਹੇ ਸਮਾਜ ਦੀ ਕਲਪਨਾ ਕਰਦੇ ਸਨ, ਜਿੱਥੇ ਨਾ ਜਾਤੀ ਦੀ ਵੰਡ ਹੋਵੇ, ਨਾ ਅਮੀਰ-ਗਰੀਬ ਦਾ ਪਾੜਾ ਅਤੇ ਨਾ ਹੀ ਮਨੁੱਖ ਵੱਲੋਂ ਮਨੁੱਖ ਦਾ ਸ਼ੋਸ਼ਣ। ਅੱਜ ਜੇ ਅਸੀਂ ਉਨ੍ਹਾਂ ਦੀ ਵਿਰਾਸਤ ਨੂੰ ਸੱਚਮੁੱਚ ਮੰਨਦੇ ਹਾਂ, ਤਾਂ ਸਾਨੂੰ ਉਨ੍ਹਾ ਦੇ ਵਿਚਾਰਾਂ ਨੂੰ ਆਪਣੇ ਸੰਘਰਸ਼ ਦਾ ਹਿੱਸਾ ਬਣਾਉਣਾ ਪਵੇਗਾ।

ਜਾਤੀ ਵਿਵਸਥਾ ਦੀਆਂ ਜੜ੍ਹਾਂ ਭਾਰਤ ਦੇ ਪ੍ਰਾਚੀਨ ਸਮਾਜ ਵਿੱਚ ਮਿਲਦੀਆਂ ਹਨ, ਜਿੱਥੇ ਸ਼ੁਰੂਆਤ ਵਿੱਚ ਵਰਣ ਪ੍ਰਣਾਲੀ ਇੱਕ ਢਿੱਲੀ-ਢਾਲੀ ਮਜ਼ਦੂਰੀ ਵੰਡ ਦੇ ਰੂਪ ਵਿੱਚ ਮੌਜੂਦ ਸੀ, ਪਰ ਸਮੇਂ ਦੇ ਨਾਲ ਇਹ ਪ੍ਰਣਾਲੀ ਕਠੋਰ ਹੁੰਦੀ ਗਈ ਅਤੇ ਇਸ ਨੂੰ ਜਨਮ ਆਧਾਰਤ ਬਣਾ ਦਿੱਤਾ ਗਿਆ। ਉੱਚ ਵਰਗਾਂ ਨੇ ਆਪਣੇ ਆਰਥਿਕ ਅਤੇ ਸਮਾਜਿਕ ਹਿੱਤਾਂ ਦੀ ਰੱਖਿਆ ਲਈ ਇਸ ਨੂੰ ਧਾਰਮਿਕ ਤੌਰ 'ਤੇ ਜਾਇਜ਼ਾ ਠਹਿਰਾਇਆ ਅਤੇ ਸਮਾਜ ਵਿੱਚ ਉਚ-ਨੀਚ ਦੀ ਪੱਕੀ ਵੰਡ ਕਰ ਦਿੱਤੀ।

ਆਧੁਨਿਕ ਸਮੇਂ ਵਿੱਚ ਵੀ ਇਹ ਪ੍ਰਣਾਲੀ ਖਤਮ ਨਹੀਂ ਹੋਈ, ਸਗੋਂ ਨਵੇਂ ਰੂਪਾਂ ਵਿੱਚ ਇਸ ਨੂੰ ਜ਼ਿੰਦਾ ਰੱਖਿਆ ਗਿਆ ਹੈ । ਆਰ ਐੱਸ ਐੱਸ ਵਰਗੀਆਂ ਤਾਕਤਾਂ ਨੇ ਸੰਸਕ੍ਰਿਤੀ ਅਤੇ ਪੁਰਾਤਨ ਪਰੰਪਰਾਵਾਂ ਦੇ ਨਾਂਅ 'ਤੇ ਜਾਤੀ ਪ੍ਰਣਾਲੀ ਨੂੰ ਸਿੱਧੇ ਜਾਂ ਅਸਿੱਧੇ ਤੌਰ 'ਤੇ ਜਾਇਜ਼ ਠਹਿਰਾਇਆ ਹੈ। ਇਹ ਤਾਕਤਾਂ ਵਰਗ ਏਕਤਾ ਦੀ ਬਜਾਏ ਸਮਾਜ ਨੂੰ ਜਾਤੀ ਅਤੇ ਧਰਮ ਦੇ ਆਧਾਰ 'ਤੇ ਵੰਡਣ ਦੀ ਰਾਜਨੀਤੀ ਕਰਦੀਆਂ ਹਨ, ਤਾਂ ਜੋ ਅਸਲ ਆਰਥਿਕ ਮੁੱਦੇ—ਬੇਰੁਜ਼ਗਾਰੀ, ਮਹਿੰਗਾਈ, ਜ਼ਮੀਨ ਦੇ ਸਵਾਲ ਅਤੇ ਮਜ਼ਦੂਰ ਹੱਕ ਪਿੱਛੇ ਧੱਕੇ ਜਾ ਸਕਣ। ਇਸ ਤਰ੍ਹਾਂ ਜਾਤੀ ਦੀ ਵੰਡ ਨੂੰ ਜਿਉਂਦਾ ਰੱਖਣਾ ਹਾਕਮ ਵਰਗ ਦੇ ਹਿੱਤਾਂ ਨਾਲ ਜੁੜਿਆ ਹੋਇਆ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਜਾਤੀ ਅਧਾਰਤ ਅਨਿਆਂ ਨੂੰ ਨਜ਼ਰ ਅੰਦਾਜ਼ ਕੀਤਾ ਜਾਵੇ । ਜਾਤੀ ਭੇਦਭਾਵ ਦੇ ਖ਼ਿਲਾਫ਼ ਲੜਾਈ ਬਹੁਤ ਜ਼ਰੂਰੀ ਹੈ ਅਤੇ ਇਸ ਨੂੰ ਪੂਰੀ ਤਾਕਤ ਨਾਲ ਲੜਿਆ ਜਾਣਾ ਚਾਹੀਦਾ ਹੈ, ਪਰ ਜੇ ਇਹ ਲੜਾਈ ਵਰਗ ਸੰਘਰਸ਼ ਨਾਲ ਨਹੀਂ ਜੁੜਦੀ, ਤਾਂ ਇਹ ਅਧੂਰੀ ਰਹਿ ਜਾਂਦੀ ਹੈ । ਜਾਤੀ ਦੇ ਨਾਂ 'ਤੇ ਵੰਡੇ ਹੋਏ ਲੋਕ ਕਦੇ ਵੀ ਹਾਕਮ ਵਰਗ ਦਾ ਮੁਕਾਬਲਾ ਨਹੀਂ ਕਰ ਸਕਦੇ। ਇਸ ਲਈ ਜਾਤੀ ਵਿਰੋਧੀ ਸੰਘਰਸ਼ ਨੂੰ ਵਰਗ ਏਕਤਾ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

ਪੰਜਾਬ ਦੇ ਹਾਲੀਆ ਕਿਸਾਨ ਅੰਦੋਲਨ ਨੇ ਸਾਨੂੰ ਇਹ ਸਬਕ ਦਿੱਤਾ ਹੈ ਕਿ ਜਦੋਂ ਲੋਕ ਇਕੱਠੇ ਹੁੰਦੇ ਹਨ, ਤਾਂ ਉਹ ਸਭ ਤੋਂ ਤਾਕਤਵਰ ਸਰਕਾਰਾਂ ਨੂੰ ਵੀ ਝੁਕਣ 'ਤੇ ਮਜਬੂਰ ਕਰ ਸਕਦੇ ਹਨ । ਇਸ ਅੰਦੋਲਨ ਵਿੱਚ ਵੱਖ-ਵੱਖ ਜਾਤੀਆਂ, ਧਰਮਾਂ ਅਤੇ ਖੇਤਰਾਂ ਦੇ ਲੋਕਾਂ ਨੇ ਇਕੱਠੇ ਹੋ ਕੇ ਲੜਾਈ ਲੜੀ ਅਤੇ ਜਿੱਤ ਹਾਸਲ ਕੀਤੀ। ਇਹ ਵਰਗ ਏਕਤਾ ਦੀ ਤਾਕਤ ਦਾ ਸਭ ਤੋਂ ਵੱਡਾ ਸਬੂਤ ਹੈ।

ਅੱਜ ਲੋੜ ਹੈ ਕਿ ਇਸ ਤਜਰਬੇ ਨੂੰ ਅੱਗੇ ਵਧਾਇਆ ਜਾਵੇ। ਖੇਤ ਮਜ਼ਦੂਰ, ਛੋਟੇ ਕਿਸਾਨ, ਫੈਕਟਰੀ ਮਜ਼ਦੂਰ, ਬੇਰੁਜ਼ਗਾਰ ਨੌਜਵਾਨ ਅਤੇ ਔਰਤਾਂ ਸਾਰੇ ਇਕੱਠੇ ਹੋਣ। ਆਪਣੇ ਹੱਕਾਂ ਲਈ ਸੰਗਠਿਤ ਹੋਣ ਅਤੇ ਇੱਕ ਮਜ਼ਬੂਤ, ਲੜਾਕੂ ਅੰਦੋਲਨ ਖੜ੍ਹਾ ਕਰਨ । ਜਾਤੀ ਅਤੇ ਧਰਮ ਦੇ ਨਾਂਅ 'ਤੇ ਵੰਡਣ ਵਾਲੀਆਂ ਤਾਕਤਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕੀਤਾ ਜਾਵੇ ਅਤੇ ਅਸਲ ਦੁਸ਼ਮਣ—ਸ਼ੋਸ਼ਣਕਾਰੀ ਪ੍ਰਣਾਲੀ—ਦੇ ਖ਼ਿਲਾਫ਼ ਸੰਘਰਸ਼ ਤੇਜ਼ ਕੀਤਾ ਜਾਵੇ।

ਇਹ ਸਮਾਂ ਸਮਝੌਤਿਆਂ ਦਾ ਨਹੀਂ, ਸੰਗਰਾਮ ਦਾ ਹੈ। ਇਹ ਸਮਾਂ ਚੁੱਪ ਰਹਿਣ ਦਾ ਨਹੀਂ, ਸੜਕਾਂ 'ਤੇ ਆਉਣ ਦਾ ਹੈ। ਇਹ ਸਮਾਂ ਆਪਣੇ ਹੱਕਾਂ ਲਈ ਇਕੱਠੇ ਹੋ ਕੇ ਲੜਨ ਦਾ ਹੈ। ਜੇ ਅਸੀਂ ਅਜੇ ਵੀ ਜਾਤੀ ਦੇ ਜਾਲ ਵਿੱਚ ਫਸੇ ਰਹੇ ਤਾਂ ਸਾਡੀ ਲੁੱਟ ਜਾਰੀ ਰਹੇਗੀ ਅਤੇ ਸਾਡਾ ਭਵਿੱਖ ਹਨੇਰੇ ਵਿੱਚ ਡੁੱਬਿਆ ਰਹੇਗਾ, ਪਰ ਜੇ ਅਸੀਂ ਵਰਗ ਦੇ ਆਧਾਰ 'ਤੇ ਇਕੱਠੇ ਹੋ ਗਏ, ਤਾਂ ਕੋਈ ਵੀ ਤਾਕਤ ਸਾਨੂੰ ਅੱਗੇ ਵਧਣ ਤੋਂ ਨਹੀਂ ਰੋਕ ਸਕਦੀ।

ਖੱਬੀਆਂ ਧਿਰਾਂ ਅਤੇ ਖਾਸ ਕਰਕੇ ਭਾਰਤੀ ਕਮਿਊਨਿਸਟ ਪਾਰਟੀ ਇਸ ਵਿੱਚ ਆਗੂ ਰੋਲ ਅਦਾ ਕਰਕੇ ਪੰਜਾਬ ਦੇ ਲੋਕਾਂ ਨੂੰ ਅਗਵਾਈ ਦੇ ਸਕਦੀ ਹੈ।

**# ਸੰਪਰਕ : 99884-91002**

# ਚਿੰਤਾਜਨਕ ਹਨ ਕਾਪੀਆਂ 'ਤੇ ਛਪੇ ਫਿਲਮੀ ਰੈਪਰ

**ਪ੍ਰਮੋਦ ਧੀਰ**

ਵਿਦਿਆਰਥੀਆਂ ਲਈ ਸਕੂਲੀ ਪਾਠਕ੍ਰਮ ਦੀਆਂ ਕਾਪੀਆਂ 'ਤੇ 'ਆਦਰਸ਼' ਦੀ ਥਾਂ 'ਅਨੈਤਿਕਤਾ' ਪਰੋਸੀ ਜਾ ਰਹੀ ਹੈ। 'ਵਿਦਿਆ ਵਿਚਾਰੀ ਤਾਂ ਪਰਉਪਕਾਰੀ' ਦਾ ਨਾਅਰਾ ਤਾਂ ਭਾਵੇਂ ਸਕੂਲਾਂ ਦੇ ਮੁੱਖ ਗੇਟਾਂ 'ਤੇ ਲਿਖਿਆ ਮਿਲਦਾ ਹੈ, ਪਰ ਇਨ੍ਹਾਂ ਵਿਚ ਪੜ੍ਹਦੇ ਬੱਚਿਆਂ ਦੇ ਬਸਤਿਆਂ ਵਿਚ ਜੋ ਕਾਪੀਆਂ (ਨੋਟ ਬੁੱਕਸ) ਹੁੰਦੀਆਂ ਹਨ, ਉਨ੍ਹਾਂ ਦੀਆਂ ਜਿਲਦਾਂ 'ਤੇ ਫਿਲਮੀ ਐਕਟਰਾਂ, ਐਕਟਰਸਾਂ, ਗਾਇਕਾਂ, ਮਾਡਲਾਂ, ਖਿਡਾਰੀਆਂ, ਫਿਲਮਾਂ ਆਦਿ ਦੀਆਂ ਫੋਟੋ ਛਪੀਆਂ ਹੁੰਦੀਆਂ ਹਨ, ਜੋ ਵਿਦਿਆਰਥੀਆਂ ਦਾ ਮਨ ਪੜ੍ਹਾਈ 'ਚ ਇਕਾਗਰ ਨਹੀਂ ਹੋਣ ਦਿੰਦੀਆਂ। ਉਨ੍ਹਾਂ ਦੀਆਂ ਜਿਲਦਾਂ 'ਤੇ 'ਸਰਦਾਰਾ ਮੇਰੀ ਕਾਲੀ ਗੁੱਤ ਨੇ ਡੰਗ ਸੱਪਾਂ ਨੂੰ ਸਿਖਾਏ ਹੋਏ ਨੇ', 'ਸਾਨੂੰ ਬੱਲੀਏ ਨੀਂ ਦੇਖ-ਦੇਖ ਕੇ ਸਿੱਖੇ ਸ਼ੇਰਾਂ ਨੇ ਸ਼ਿਕਾਰ ਕਰਨੇ' ਅਤੇ ਘੁੰਮਣ-ਘੁਮਾਉਣ ਨੂੰ ਤਾਂ ਥਾਰ ਰੱਖੀ ਐ, ਬੁਲਟ ਤਾਂ ਰੱਖਿਐ ਪਟਾਕੇ ਪਾਉਣ ਨੂੰ' ਜਿਹੇ ਗੀਤਾਂ ਦੇ ਗਾਇਕਾਂ ਦੀਆਂ ਤਸਵੀਰਾਂ ਛਪੀਆਂ ਹੁੰਦੀਆਂ ਹਨ। ਕਾਪੀਆਂ ਦੀਆਂ ਜਿਲਦਾਂ 'ਤੇ ਗੀਤਾਂ ਦੇ ਮੁਖੜੇ ਅਤੇ ਸਿਰਲੇਖ ਵੀ ਲਿਖੇ ਹੁੰਦੇ ਹਨ। ਇਨ੍ਹਾਂ ਕਾਪੀਆਂ ਨੂੰ ਆਕਰਸ਼ਕ ਬਣਾਉਣ ਲਈ ਵੱਧ ਤੋਂ ਵੱਧ ਰੰਗ-ਬਿਰੰਗਾ ਅਤੇ ਭੜਕੀਲਾ ਕੀਤਾ ਜਾਂਦਾ ਹੈ। ਇਨ੍ਹਾਂ ਕਾਪੀਆਂ ਨੂੰ ਦੇਖ ਕੇ ਪਹਿਲੀ ਨਜ਼ਰੇ ਇਹ ਪਹਿਚਾਨਣਾ ਔਖਾ ਹੋ ਜਾਂਦਾ ਹੈ ਕਿ ਇਹ ਸਕੂਲੀ ਪਾਠਕ੍ਰਮ ਦੀਆਂ ਕਾਪੀਆਂ ਹਨ ਜਾਂ ਕਿਸੇ ਫਿਲਮ ਅਤੇ ਗੀਤਾਂ ਵਾਲੀ ਸੀ ਡੀ ਦਾ ਕਵਰ ਪੇਜ਼ ਹੈ। ਮਨੋਵਿਸ਼ਲੇਸ਼ਕਾਂ ਅਨੁਸਾਰ ਸਕੂਲੀ ਕਾਪੀਆਂ ਦਾ ਇਹ 'ਰੂਪ' ਨਾ ਸਿਰਫ ਬਾਲ ਮਨਾਂ ਦੀ 'ਮਨੋਦਿਸ਼ਾ' ਅਤੇ 'ਮਨੋਦਸ਼ਾ' ਨੂੰ ਹੀ ਵਿਗਾੜਦਾ ਹੈ, ਸਗੋਂ ਸਕੂਲਾਂ ਅਤੇ ਘਰਾਂ ਵਿੱਚ ਪੜ੍ਹਾਈ ਦੇ ਮਾਹੌਲ ਨੂੰ ਵੀ ਪ੍ਰਭਾਵਿਤ ਕਰਦਾ ਹੈ। ਸਕੂਲੀ ਕਾਪੀਆਂ ਦਾ ਮੌਜੂਦਾ ਰੂਪ ਵਿੱਦਿਅਕ ਮਾਹੌਲ ਦੇ ਅਨੁਕੂਲ ਨਹੀਂ।




ਸਕੂਲੀ ਕਾਪੀ 'ਤੇ ਬਣੇ ਗਾਣੇ ਦੇ ਦ੍ਰਿਸ਼ ਦੇਖ ਕੇ ਬੱਚੇ ਆਪ-ਮੁਹਾਰੇ ਉਹੀ ਗਾਣਾ ਗੁਣਗੁਣਾਉਣ ਲੱਗ ਪੈਂਦੇ ਹਨ ਜਾਂ ਫਿਰ ਦਿਮਾਗ ਵਿਚ ਉਸੇ ਗਾਣੇ, ਐਕਟਰ, ਗਾਇਕ ਆਦਿ ਦੇ ਫਿਲਮਾਂਕਣ ਬਾਰੇ ਸੋਚਣ ਲੱਗ ਪੈਂਦੇ ਹਨ। ਕਾਪੀਆਂ ਦੇ ਨਿਰਮਾਤਾਵਾਂ ਅਤੇ ਗਾਇਕਾਂ, ਅਦਾਕਾਰਾਂ ਵੱਲੋਂ ਕੀਤੇ ਵਪਾਰਕ ਸਮਝੌਤੇ ਤਹਿਤ ਹੀ ਕਾਪੀਆਂ ਦੀਆਂ ਅਜਿਹੀਆਂ ਜਿਲਦਾਂ ਤਿਆਰ ਕੀਤੀਆਂ ਜਾਂਦੀਆਂ ਹਨ, ਤਾਂ ਜੋ ਗਾਇਕਾਂ, ਅਦਾਕਾਰਾਂ ਤੇ ਖਿਡਾਰੀਆਂ ਦੀ ਮਸ਼ਹੂਰੀ ਘਰ-ਘਰ ਅਤੇ ਬੱਚੇ-ਬੱਚੇ ਤੱਕ ਹੋ ਜਾਵੇ। ਇਹ ਬੜੀ ਤਰਾਸਦੀ ਹੈ ਕਿ ਪੰਜਾਬ ਦੇ ਮਹਾਨ ਨਾਇਕਾਂ, ਸੂਰਬੀਰਾਂ, ਯੋਧਿਆਂ, ਦੇਸ਼ ਭਗਤਾਂ, ਜਨਰਲਨਾਲਿਜ਼ ਦੀਆਂ ਗੱਲਾਂ ਆਦਿ ਨੂੰ ਵਿਸਾਰ ਕੇ ਊਲ-ਜਲੂਲ ਗਾਉਣ ਵਾਲਿਆਂ ਨੂੰ ਵਿਦਿਆਰਥੀਆਂ ਦੇ ਬਸਤਿਆਂ ਅਤੇ ਪੜ੍ਹਨ ਸਮੱਗਰੀ ਵਿੱਚ ਸ਼ਾਮਲ ਕੀਤਾ ਜਾਂਦਾ ਹੈ, ਜਿਸ 'ਤੇ ਪੂਰਨ ਪਾਬੰਦੀ ਹੋਣੀ ਚਾਹੀਦੀ ਹੈ।

ਅਧਿਆਪਕਾਂ ਨੂੰ ਵੀ ਚਾਹੀਦਾ ਹੈ ਕਿ ਨਵਾਂ ਸੈਸ਼ਨ ਸ਼ੁਰੂ ਹੋਣ ਵਾਲਾ ਹੈ, ਹੁਣ ਸਾਰੇ ਬੱਚੇ ਨਵੀਆਂ ਕਿਤਾਬਾਂ, ਕਾਪੀਆਂ ਖਰੀਦ ਰਹੇ ਹਨ, ਇਸ ਲਈ ਉਹ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਜਿਲਦਾਂ ਵਾਲੀਆਂ ਕਾਪੀਆਂ ਖਰੀਦਣ ਤੋਂ ਰੋਕਣ ਤੇ ਬੱਚਿਆਂ ਦੇ ਮਾਪਿਆਂ ਨੂੰ ਵੀ ਇਸ ਸੰਬੰਧੀ ਨੋਟ ਭੇਜ ਕੇ ਜਾਗਰੂਕ ਕਰਨ। ਸਰਕਾਰ ਤੋਂ ਨਵੇਂ ਸੈਸ਼ਨ ਤੋਂ ਫਿਲਮੀ ਜਿਲਦਾਂ ਵਾਲੀਆਂ ਕਾਪੀਆਂ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਜਾਂਦੀ ਹੈ। ਸਰਕਾਰ ਨੂੰ ਇਸ ਤਰਾਂ ਦੇ ਕਵਰ ਤਿਆਰ ਕਰਨ ਵਾਲੀਆਂ ਕੰਪਨੀਆਂ 'ਤੇ ਪਾਬੰਦੀ ਲਗਾਉਣੀ ਚਾਹੀਦੀ ਹੈ, ਤਾਂ ਜੋ ਵਿਦਿਆਰਥੀ 'ਅਨੈਤਿਕਤਾ' ਦੀ ਥਾਂ 'ਆਦਰਸ਼' ਵੱਲ ਵਧ ਸਕਣ ਤੇ ਉਹਨਾਂ ਦੀ ਪੜ੍ਹਾਈ ਤੋਂ ਇਕਾਗਰਤਾ ਭੰਗ ਨਾ ਹੋਵੇ ਅਤੇ ਉਹ ਮਨ ਲਗਾ ਕੇ ਪੜ੍ਹਾਈ ਕਰਦੇ ਹੋਏ ਸਫਲਤਾ ਦੀਆਂ ਪਾਉੜੀਆਂ ਚੜ੍ਹ ਸਕਣ।

**# ਸੰਪਰਕ : 98550-31081**

# ਅੱਗ ਲਾਉਣ ਵਾਲੇ ਨੂੰ ਨੋਬਲ ਪੁਰਸਕਾਰ ਚਾਹੀਦੈ

ਦੁਨੀਆ 'ਤੇ ਆਪਣਾ ਹੁਕਮ ਚਲਾਉਣ ਵਾਲਾ ਜਾਂ ਫਿਰ ਸਾਫ਼ ਸ਼ਬਦਾਂ ਵਿੱਚ ਕਹੀਏ ਤਾਂ 'ਸਰਪੰਚ' ਅਖਵਾਉਣ ਵਾਲਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੋਬਲ ਪੁਰਸਕਾਰ ਨਾ ਮਿਲਣ ਕਰਕੇ ਕਿੰਨਾ ਤਿਲ-ਮਿਲਾਇਆ ਸੀ, ਉਸ ਦਾ ਅੰਦਾਜ਼ਾ ਤਾਂ ਅਸੀਂ ਸਹਿਜੇ ਹੀ ਲਗਾ ਸਕਦੇ ਹਾਂ, ਪਰ ਜਿਸ ਤਰੀਕੇ ਦੇ ਨਾਲ ਉਸ ਵੱਲੋਂ ਨੋਬਲ ਪੁਰਸਕਾਰ ਦੀ ਮੰਗ ਕੀਤੀ ਗਈ ਸੀ, ਭਾਵੇਂ ਕਿ ਉਸ ਵੇਲੇ ਕੁਝ ਲੋਕਾਂ ਨੂੰ ਲੱਗਦਾ ਸੀ ਕਿ ਟਰੰਪ ਬਥੇਰੇ ਚੰਗੇ ਕੰਮ ਕਰਦਾ ਹੈ, ਇਸ ਨੂੰ ਨੋਬਲ ਪੁਰਸਕਾਰ ਦੇਣਾ ਚਾਹੀਦਾ, ਪਰ ਜਿਵੇਂ-ਜਿਵੇਂ ਪਰਤਾਂ ਖੁੱਲ੍ਹ ਰਹੀਆਂ ਨੇ, ਟਰੰਪ ਨੂੰ ਨੋਬਲ ਪੁਰਸਕਾਰ ਤਾਂ ਕੀ, ਲੱਗਦਾ ਹੈ ਕਿ ਇਹ ਕਿਸੇ ਪੁਰਸਕਾਰ ਦੇ ਕਾਬਲ ਹੀ ਨਹੀਂ।

ਕਈ ਦੇਸ਼ਾਂ ਦੀ ਜੰਗ ਰੁਕਾਉਣ ਦਾ ਦਾਅਵਾ ਕਰਨ ਵਾਲੇ ਅਮਰੀਕੀ ਰਾਸ਼ਟਰਪਤੀ ਬੇਸ਼ੱਕ ਕੁਝ ਸਮਾਂ ਪਹਿਲਾਂ ਅਤੇ ਹੁਣ ਵੀ ਇਹ ਕਹਿੰਦੇ ਰਹੇ ਨੇ ਕਿ ਭਾਰਤ ਤੇ ਪਾਕਿਸਤਾਨ ਵਿਚਾਲੇ ਜੰਗਬੰਦੀ ਉਸ ਵੱਲੋਂ ਕਰਵਾਈ ਗਈ, ਪਰ ਨਾ ਤਾਂ ਇਸ ਦਾ ਖੁਲਾਸਾ ਭਾਰਤ ਦੇ ਪ੍ਰਧਾਨ ਮੰਤਰੀ ਨੇ ਕੀਤਾ ਅਤੇ ਨਾ ਹੀ ਵਿਦੇਸ਼ ਮੰਤਰੀ ਨੇ... ਖੁਦ ਹੀ ਇਹ ਕਹਿਣਾ ਕਿ ਮੈਂ ਜੰਗਬੰਦੀ ਕਰਵਾਈ, ਇਹ ਗੱਲ ਠੀਕ ਨਹੀਂ ਜਾਪਦੀ । ਨੋਬਲ ਪੁਰਸਕਾਰ ਦੀ ਮੰਗ ਕਰਨ ਵਾਲਾ ਟਰੰਪ ਕਈ ਦੇਸ਼ਾਂ ਦੇ ਲਈ ਮੁਸੀਬਤ ਬਣਿਆ ਹੋਇਆ ਹੈ। ਇਸ ਵੇਲੇ ਇਰਾਨ ਦੇ ਅੰਦਰ ਜਿਹੜੀ ਤਬਾਹੀ ਮਚ ਰਹੀ ਹੈ, ਉਸ ਦਾ ਸਿੱਧਾ ਕਾਰਨ ਜੇਕਰ ਸਮਝੀਏ ਤਾਂ ਉਹ ਟਰੰਪ ਹੀ ਹੈ, ਜਿਸ ਵੱਲੋਂ ਇਜ਼ਰਾਇਲ ਦੇ ਨਾਲ ਮਿਲ ਕੇ ਇਰਾਨ ਨੂੰ ਤਬਾਹ ਕੀਤਾ ਜਾ ਰਿਹਾ।

ਟਰੰਪ ਦੇ ਇਸ਼ਾਰੇ 'ਤੇ ਇਜ਼ਰਾਇਲ ਦੇ ਵੱਲੋਂ ਕੀਤੇ ਗਏ ਇਰਾਨ 'ਤੇ ਹਮਲੇ ਨੇ ਕਰੀਬ ਪੌਣੇ 200 ਵਿਦਿਆਰਥੀਆਂ ਦੀ ਜਾਨ ਲੈ ਲਈ, ਜਿਨ੍ਹਾਂ ਕਿਤਾਬਾਂ ਤੇ ਵਿਦਿਆਰਥੀਆਂ ਵੱਲੋਂ ਚਲਾਈਆਂ ਗਈਆਂ ਕਲਮਾਂ ਦੇ ਨਿਸ਼ਾਨ ਸਨ ਅਤੇ ਲਿਖਤ ਮੌਜੂਦ ਸੀ, ਉਹਨਾਂ ਕਿਤਾਬਾਂ, ਕਾਪੀਆਂ 'ਤੇ ਕੁਝ ਹੀ ਮਿੰਟਾਂ ਦੇ ਅੰਦਰ ਖੂਨ ਦੇ ਛਿੱਟੇ ਲੱਗ ਗਏ। ਇਹ ਦੁਖਦਾਈ ਖਬਰ ਇਸ ਕਦਰ ਫੈਲੀ ਕਿ ਇਰਾਨ ਦੇ ਵਿਰੋਧੀ ਦੇਸ਼ਾਂ ਨੇ ਵੀ ਇਸ ਘਟਨਾ ਦੀ ਜਿੱਥੇ ਨਿਖੇਧੀ ਕੀਤੀ, ਉਥੇ ਹੀ ਇਜ਼ਰਾਇਲ ਨੂੰ ਅਜਿਹੇ ਹਮਲੇ ਨਾ ਕਰਨ ਦੀ ਅਪੀਲ ਕੀਤੀ। ਇਜ਼ਰਾਇਲ ਅਤੇ ਇਰਾਨ ਦਾ ਟਕਰਾਅ ਪਿਛਲੇ ਲੰਬੇ ਸਮੇਂ ਤੋਂ ਚੱਲਦਾ ਆ ਰਿਹਾ ਹੈ। ਇਹ ਟਕਰਾਅ ਦੀ ਵਜ੍ਹਾ ਕੋਈ ਬਹੁਤ ਲੰਮੀ-ਚੌੜੀ ਵੀ ਨਹੀਂ, ਪਰ ਇਸ ਦੇ ਵਿੱਚ ਜਿਸ ਤਰੀਕੇ ਦੇ ਨਾਲ ਵਿਚੋਲਾ ਬਣ ਕੇ ਲੜਾਈ ਕਰਵਾਉਣ ਅਮਰੀਕੀ ਰਾਸ਼ਟਰਪਤੀ ਕੁੱਦਿਆ ਹੈ, ਉਸ ਤੋਂ ਤਾਂ ਸਾਫ਼ ਸਪੱਸ਼ਟ ਹੋ ਜਾਂਦਾ ਹੈ ਕਿ ਅਮਰੀਕੀ ਰਾਸ਼ਟਰਪਤੀ ਦਾ ਇਸ ਦੇ ਪਿੱਛੇ ਕੋਈ ਗਹਿਰਾ ਧੰਦਾ ਮੌਜੂਦ ਹੈ।



**ਗੁਰਪ੍ਰੀਤ**

ਕਿਸੇ ਸਮੇਂ ਗਰੀਨਲੈਂਡ ਨੂੰ ਧਮਕੀਆਂ ਦੇ ਕੇ ਨੋਬਲ ਪੁਰਸਕਾਰ ਦੀ ਮੰਗ ਕਰਨ ਵਾਲਾ ਅਮਰੀਕੀ ਰਾਸ਼ਟਰਪਤੀ ਇਸ ਵੇਲੇ ਏਨਾ ਤਾਨਾਸ਼ਾਹ ਬਣਿਆ ਪਿਆ ਹੈ ਕਿ ਕੋਈ ਕਹਿਣ ਦੀ ਹੱਦ ਨਹੀਂ। ਅਮਰੀਕੀ ਰਾਸ਼ਟਰਪਤੀ ਵੱਲੋਂ ਜਿਵੇਂ ਲਗਾਤਾਰ ਇਰਾਨ ਅਤੇ ਹੋਰਨਾਂ ਗੁਆਂਢੀ ਮੁਲਕਾਂ ਬਾਰੇ ਬਿਆਨ ਦਿੱਤੇ ਜਾ ਰਹੇ ਨੇ, ਉਸ ਤੋਂ ਤਾਂ ਸਾਫ਼ ਸਪੱਸ਼ਟ ਹੋ ਜਾਂਦਾ ਹੈ ਕਿ ਇਹ ਤਾਨਾਸ਼ਾਹ ਹੈ, ਇਸ ਤੋਂ ਇਲਾਵਾ ਕੁਝ ਨਹੀਂ।

ਵੈਸੇ, ਨੋਬਲ ਪੁਰਸਕਾਰ ਤਾਂ ਉਹਨਾਂ ਲੋਕਾਂ ਨੂੰ ਦਿੱਤਾ ਜਾਂਦਾ ਹੈ, ਜਿਹੜੇ ਲੋਕਾਂ ਦੀ ਸਮਾਜ ਨੂੰ ਕੋਈ ਦੇਣ ਹੋਵੇ। ਟਰੰਪ ਦੀ ਦੁਨੀਆ ਨੂੰ ਕੀ ਦੇਣ ਹੈ, ਇਸ ਬਾਰੇ ਤਾਂ ਸਮੂਹ ਵਿਦਵਾਨ ਅਤੇ ਇਤਿਹਾਸਕਾਰ ਸਹਿਜੇ ਹੀ ਅੰਦਾਜਾ ਲਾ ਸਕਦੇ ਨੇ। ਨੋਬਲ ਪੁਰਸਕਾਰ ਉਹਨਾਂ ਲੋਕਾਂ ਨੂੰ ਦਿੱਤਾ ਜਾਂਦਾ ਹੈ, ਜਿਹੜੇ ਲੋਕ ਸਮਾਜ ਦੇ ਅੰਦਰ ਚੰਗਾ ਕੰਮ ਕਰਦੇ ਨੇ। ਜਿਹੜੇ ਲੋਕ ਲੜਾਈਆਂ ਕਰਵਾ ਕੇ, ਬੰਦੇ ਮਰਵਾ ਕੇ, ਹਥਿਆਰ ਵੇਚ ਕੇ ਅਤੇ ਬਾਅਦ ਵਿੱਚ ਸੁਲਹਾ ਕਰਵਾ ਕੇ ਆਪਣਾ ਢਿੱਡ ਭਰਦੇ ਹੋਣ, ਉਹਨਾਂ ਨੂੰ ਨੋਬਲ ਪੁਰਸਕਾਰ ਕਿਵੇਂ ਦਿੱਤਾ ਜਾ ਸਕਦਾ ਹੈ ?

ਭੁੱਖਿਆਂ ਦੀ ਤਰ੍ਹਾਂ ਨੋਬਲ ਪੁਰਸਕਾਰ ਮੰਗਣਾ, ਆਪਣੇ ਆਪ ਵਿੱਚ ਹੀ ਇੱਕ ਬੇਇੱਜ਼ਤੀ ਵਾਲੀ ਗੱਲ ਹੈ। 16 ਜਨਵਰੀ 2026 ਨੂੰ ਛਪੇ ਇੱਕ ਆਰਟੀਕਲ ਵਿੱਚ ਅਮਰੀਕੀ ਰਾਸ਼ਟਰਪਤੀ ਨੇ ਨੋਬਲ ਪੁਰਸਕਾਰ ਨਾ ਮਿਲਣ 'ਤੇ ਇੱਕ ਵੱਡੀ ਗੱਲ ਕਹਿ ਦਿੱਤੀ ਸੀ। ਨਾਰਵੇ ਦੇ ਪ੍ਰਧਾਨ ਮੰਤਰੀ ਨੂੰ ਭੇਜੇ ਇੱਕ ਪੱਤਰ ਵਿੱਚ ਕਿਹਾ-, ਦੁਨੀਆ ਵਿੱਚ ਸ਼ਾਂਤੀ ਦੇ ਬਾਰੇ ਸੋਚਣ ਦੀ ਜ਼ਿੰਮੇਵਾਰੀ ਉਹਨਾਂ ਦੀ ਨਹੀਂ। ਉਕਤ ਆਰਟੀਕਲ ਵਿੱਚ ਟਰੰਪ ਨੇ ਸੰਕੇਤ ਦਿੱਤਾ ਹੈ ਕਿ ਨੋਬਲ ਪੁਰਸਕਾਰ ਨਾ ਮਿਲਣ ਦੇ ਕਾਰਨ ਉਸ ਦਾ ਨਜ਼ਰੀਆ ਬਦਲ ਗਿਆ ਹੈ। ਉਹ (ਅਮਰੀਕੀ ਰਾਸ਼ਟਰਪਤੀ) ਅੱਠ ਦੇਸ਼ਾਂ ਵਿੱਚ ਹੁਣ ਤੱਕ ਯੁੱਧ ਰੁਕਵਾ ਚੁੱਕੇ ਨੇ, ਪਰ ਉਸ ਨੂੰ ਨੋਬਲ ਸ਼ਾਂਤੀ ਪੁਰਸਕਾਰ ਨਹੀਂ ਮਿਲਿਆ।

ਹਾਲਾਂਕਿ ਟਰੰਪ ਅੱਗੇ ਆਖਦੇ ਨੇ, ਉਹਨਾ ਨੂੰ ਸ਼ਾਂਤੀ ਦੇ ਬਾਰੇ ਸੋਚਣ ਦੀ ਕੋਈ ਜ਼ਿੰਮੇਵਾਰੀ ਮਹਿਸੂਸ ਨਹੀਂ ਹੋ ਰਹੀ, ਹਾਲਾਂਕਿ ਸ਼ਾਂਤੀ ਹਮੇਸ਼ਾ ਪ੍ਰਮੁੱਖ ਰਹੇਗੀ । ਲੇਕਿਨ ਹੁਣ ਮੈਂ ਇਸ ਬਾਰੇ ਵੀ ਸੋਚ ਸਕਦਾ ਹਾਂ ਕਿ ਅਮਰੀਕਾ ਲਈ ਕੀ ਸਹੀ ਅਤੇ ਚੰਗਾ ਹੈ । ਹਾਲਾਂਕਿ ਇੱਕ ਸਮੇਂ ਤੱਕ ਟਰੰਪ ਇਹ ਵੀ ਕਹਿੰਦੇ ਰਹੇ ਕਿ ਜੇਕਰ ਉਹਨਾਂ ਨੂੰ ਨੋਬਲ ਪੁਰਸਕਾਰ ਨਾ ਮਿਲਿਆ ਤਾਂ ਉਹ ਗਰੀਨਲੈਂਡ 'ਤੇ ਆਪਣਾ ਕਬਜ਼ਾ ਕਰ ਲੈਣਗੇ। ਗਰੀਨਲੈਂਡ ਡੈਨਮਾਰਕ ਦਾ ਹਿੱਸਾ ਹੈ, ਪਰ ਟਰੰਪ ਨੇ ਡੈਨਮਾਰਕ ਦੇ ਇਸ ਦਾਅਵੇ ਨੂੰ ਖਾਰਜ ਕੀਤਾ ਹੈ।

ਨੋਬਲ ਪੁਰਸਕਾਰ ਨਾ ਦੇਣ 'ਤੇ ਜਦੋਂ ਨੋਬਲ ਕਮੇਟੀ ਦੇ ਚੇਅਰਮੈਨ ਜੋਰਗਨ ਵਾਟਨੇ ਫ੍ਰਾਈਡਨਿਸ ਨੂੰ ਡੋਨਾਲਡ ਟਰੰਪ ਦੇ ਦਾਅਵਿਆਂ ਦੇ ਬਾਵਜੂਦ ਉਨ੍ਹਾ ਦੀ ਨਾਮਜ਼ਦਗੀ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਫੈਸਲਾ ਪ੍ਰਦਰਸ਼ਨ ਦੇ ਆਧਾਰ 'ਤੇ ਹੈ । ਇਸ ਤੋਂ ਇਲਾਵਾ ਇਹ ਫੈਸਲਾ ਅਲਫ੍ਰੇਡ ਨੋਬਲ ਦੀ ਇੱਛਾ ਦੇ ਅਨੁਸਾਰ ਕੀਤਾ ਜਾਂਦਾ ਹੈ।

ਉਨ੍ਹਾ ਕਿਹਾ ਕਿ ਨੋਬਲ ਸ਼ਾਂਤੀ ਪੁਰਸਕਾਰ ਦੇ ਲੰਮੇ ਇਤਿਹਾਸ ਵਿੱਚ ਕਮੇਟੀ ਨੇ ਕਦੇ ਵੀ ਮੀਡੀਆ ਦਾ ਧਿਆਨ ਜਾਂ ਪ੍ਰਚਾਰ ਨਹੀਂ ਮੰਗਿਆ । ਸਾਨੂੰ ਹਰ ਸਾਲ ਹਜ਼ਾਰਾਂ ਪੱਤਰ ਮਿਲਦੇ ਹਨ, ਜੋ ਸਨਮਾਨ ਦੇ ਯੋਗ ਪ੍ਰਾਪਤੀਆਂ ਦਾ ਦਾਅਵਾ ਕਰਦੇ ਹਨ। ਫਿਰ ਵੀ, ਸਾਡਾ ਵਿਸ਼ਵਾਸ ਹੈ ਕਿ ਕਿਸੇ ਵੀ ਐਂਟਰੀ ਨੂੰ ਸਿਰਫ਼ ਪ੍ਰਦਰਸ਼ਨ ਦੇ ਆਧਾਰ 'ਤੇ ਵਿਚਾਰਿਆ ਜਾਵੇਗਾ ਅਤੇ ਇਹੀ ਹੁੰਦਾ ਹੈ।

ਖੈਰ, ਟਰੰਪ ਵਾਲੇ ਮਾਮਲੇ ਵਿੱਚ ਤਾਂ ਇਹੀ ਕਿਹਾ ਜਾ ਸਕਦਾ ਹੈ ਕਿ ਭਾਵੇਂ ਟਰੰਪ ਦਿਨ-ਦਿਹਾੜੇ ਦਾਅਵੇ ਕਰਦਾ ਹੈ ਕਿ ਉਸ ਨੇ ਕਈ ਮੁਲਕਾਂ ਦੀਆਂ ਜੰਗਾਂ ਰੁਕਵਾਈਆਂ, ਪਰ ਅਸਲ ਕਹਾਣੀ ਇਹ ਹੈ ਕਿ ਉਸ ਨੇ ਕਈ ਮੁਲਕਾਂ ਨੂੰ ਹਵਾ ਦੇ ਕੇ ਅਨੇਕਾਂ ਹੀ ਬੇਦੋਸ਼ੇ ਲੋਕਾਂ ਦੀਆਂ ਜਾਨਾਂ ਵੀ ਲਈਆਂ। ਜਿੱਥੇ ਇਜ਼ਰਾਈਲ ਨੂੰ ਹਵਾ ਦੇ ਕੇ ਪਹਿਲਾਂ ਫਲਸਤੀਨ ਵਿੱਚੋਂ ਕਰੀਬ 80 ਹਜ਼ਾਰ ਲੋਕਾਂ ਦਾ ਸਫਾਇਆ ਕਰਵਾਇਆ, ਉੱਥੇ ਹੀ ਹੁਣ ਇਸੇ ਇਜ਼ਰਾਈਲ ਕੋਲੋਂ ਇਰਾਨ ਦਾ ਸਫਾਇਆ ਵੀ ਕਰਵਾਇਆ ਜਾ ਰਿਹਾ ਹੈ । ਇਰਾਨ 'ਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਨੇ, ਫਿਰ ਇਸ ਵਿੱਚ ਕਿਵੇਂ ਕਿਹਾ ਜਾ ਸਕਦਾ ਹੈ ਕਿ ਟਰੰਪ ਸ਼ਾਂਤੀ ਚਾਹੁੰਦਾ ਹੈ ਅਤੇ ਉਸ ਨੂੰ ਨੋਬਲ ਪੁਰਸਕਾਰ ਮਿਲਣਾ ਚਾਹੀਦਾ ਹੈ।

**# ਸੰਪਰਕ : 95698-20314**

# ਪ੍ਰੀਖਿਆਵਾਂ ਬੱਚਿਆਂ ਲਈ ਹਨ ਜਾਂ ਬੱਚੇ ਪ੍ਰੀਖਿਆਵਾਂ ਲਈ ?

ਅੱਜ ਦੇ ਸਮੇਂ ਵਿੱਚ ਸਿੱਖਿਆ ਪ੍ਰਣਾਲੀ ਬਾਰੇ ਸਭ ਤੋਂ ਵੱਡੀ ਚਰਚਾ ਦਾ ਵਿਸ਼ਾ ਪ੍ਰੀਖਿਆਵਾਂ ਦਾ ਵਧਦਾ ਬੋਝ ਹੈ । ਸਿੱਖਿਆ ਦਾ ਅਸਲ ਮਕਸਦ ਮਨੁੱਖ ਨੂੰ ਗਿਆਨਵਾਨ, ਸੰਵੇਦਨਸ਼ੀਲ ਅਤੇ ਸਮਾਜਿਕ ਬਣਾਉਣਾ ਹੁੰਦਾ ਹੈ, ਪਰ ਮੌਜੂਦਾ ਦੌਰ ਵਿੱਚ ਇਹ ਮਕਸਦ ਹੌਲੀ-ਹੌਲੀ ਨੰਬਰਾਂ ਦੀ ਦੌੜ ਵਿੱਚ ਗਵਾਚਦਾ ਦਿਖਾਈ ਦੇ ਰਿਹਾ ਹੈ । ਅੱਜ ਸਿੱਖਿਆ ਦਾ ਕੇਂਦਰ ਗਿਆਨ ਨਹੀਂ, ਸਗੋਂ ਪ੍ਰੀਖਿਆਵਾਂ ਅਤੇ ਅੰਕ ਬਣਦੇ ਜਾ ਰਹੇ ਹਨ। ਇਹ ਹਾਲਤ ਇਸ ਕਦਰ ਬਣ ਚੁੱਕੀ ਹੈ ਕਿ ਕਈ ਵਾਰ ਲੱਗਦਾ ਹੈ ਕਿ ਪ੍ਰੀਖਿਆਵਾਂ ਬੱਚਿਆਂ ਲਈ ਨਹੀਂ ਬਣੀਆਂ, ਸਗੋਂ ਬੱਚੇ ਹੀ ਪ੍ਰੀਖਿਆਵਾਂ ਲਈ ਬਣ ਗਏ ਹਨ।

ਪੁਰਾਣੇ ਸਮੇਂ ਵਿੱਚ ਸਿੱਖਿਆ ਪ੍ਰਣਾਲੀ ਦਾ ਰੂਪ ਵੱਖਰਾ ਸੀ। ਵਿਦਿਆਰਥੀਆਂ ਲਈ ਪਾਸ ਹੋਣਾ ਹੀ ਇੱਕ ਵੱਡੀ ਕਾਮਯਾਬੀ ਮੰਨੀ ਜਾਂਦੀ ਸੀ । ਸਕੂਲਾਂ ਵਿੱਚ ਅਧਿਆਪਕ ਸਿਰਫ਼ ਪਾਠ ਨਹੀਂ ਪੜ੍ਹਾਉਂਦੇ ਸਨ, ਸਗੋਂ ਜੀਵਨ ਦੇ ਸੰਸਕਾਰਾਂ ਦੀ, ਆਦਰਸ਼ਾਂ ਅਤੇ ਸਮਾਜਿਕ ਜ਼ਿੰਮੇਵਾਰੀਆਂ ਦੀ ਵੀ ਸਿੱਖਿਆ ਦਿੰਦੇ ਸਨ । ਅੱਜ ਦੇ ਸਮੇਂ ਵਿੱਚ ਇਹ ਰਿਸ਼ਤਾ ਕਿਤੇ ਨਾ ਕਿਤੇ ਨੰਬਰਾਂ ਦੀ ਦੌੜ ਵਿੱਚ ਕਮਜ਼ੋਰ ਪੈਂਦਾ ਦਿਖਾਈ ਦੇ ਰਿਹਾ ਹੈ । ਬੱਚੇ ਸਕੂਲ ਵਿੱਚ ਵੀ ਅਤੇ ਘਰ ਵਿੱਚ ਵੀ ਇੱਕੋ ਗੱਲ ਸੁਣਦੇ ਹਨ—ਨੰਬਰ ਕਿੰਨੇ ਆਉਣਗੇ ?

ਅੱਜ ਇੱਕ ਆਮ ਵਿਦਿਆਰਥੀ ਦੀ ਜ਼ਿੰਦਗੀ ਬਹੁਤ ਉਲਝ ਗਈ ਹੈ । ਸਵੇਰੇ ਸਕੂਲ, ਫਿਰ ਕੋਚਿੰਗ ਜਾਂ ਟਿਊਸ਼ਨ ਅਤੇ ਰਾਤ ਨੂੰ ਘਰੇਲੂ ਕੰਮ—ਇਹ ਇੱਕ ਆਮ ਦਿਨ ਦੀਆ ਗਤੀਵਿਧੀਆ ਦੀ ਲੜੀ ਬਣ ਗਈ ਹੈ । ਬੱਚਿਆਂ ਕੋਲ ਖੇਡਣ, ਆਰਾਮ ਕਰਨ ਜਾਂ ਰਚਨਾਤਮਕ ਗਤੀਵਿਧੀਆਂ ਕਰਨ ਲਈ ਬਹੁਤ ਘੱਟ ਸਮਾਂ ਬਚਦਾ ਹੈ ਜਾਂ ਬਚਦਾ ਹੀ ਨਹੀਂ । ਇਸ ਤਰ੍ਹਾਂ ਬਚਪਨ ਦੀ ਖੁਸ਼ੀ ਹੌਲੀ-ਹੌਲੀ ਖਤਮ ਹੋ ਰਹੀ ਹੈ।

ਪ੍ਰੀਖਿਆਵਾਂ ਦੇ ਵਧਦੇ ਦਬਾਅ ਦਾ ਸਭ ਤੋਂ ਦੁਖਦਾਈ ਪੱਖ ਉਹ ਅੰਕੜੇ ਹਨ, ਜੋ ਦੱਸਦੇ ਹਨ ਕਿ ਇਹ ਦਬਾਅ ਕਈ ਵਾਰ ਬੱਚਿਆਂ ਦੀ ਜ਼ਿੰਦਗੀ 'ਤੇ ਵੀ ਭਾਰੀ ਪੈ ਜਾਂਦਾ ਹੈ। ਦੇਸ਼ ਦੇ ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ (NCRB) ਦੇ ਅੰਕੜਿਆਂ ਅਨੁਸਾਰ ਸਾਲ 2022 ਵਿੱਚ ਭਾਰਤ ਵਿੱਚ 13,044 ਵਿਦਿਆਰਥੀਆਂ ਨੇ ਖੁਦਕੁਸ਼ੀ ਕੀਤੀ । ਸਾਲ 2023 ਵਿੱਚ ਇਹ ਗਿਣਤੀ ਵਧ ਕੇ ਲਗਭਗ 13,800 ਤੋਂ ਵੀ ਉੱਪਰ ਪਹੁੰਚ ਗਈ । ਇਹ ਪਿਛਲੇ ਦਹਾਕੇ ਦੇ ਸਭ ਤੋਂ ਵੱਧ ਅੰਕੜੇ ਹਨ ।



**ਜਗਤਾਰ ਲਾਡੀ**

ਜੇ ਅਸੀਂ ਪਿਛਲੇ ਦਸ ਸਾਲਾਂ ਦੇ ਅੰਕੜਿਆਂ 'ਤੇ ਨਜ਼ਰ ਮਾਰੀਏ ਤਾਂ ਹਾਲਤ ਹੋਰ ਵੀ ਚਿੰਤਾਜਨਕ ਦਿਖਾਈ ਦਿੰਦੇ ਹਨ । ਸਾਲ 2013 ਵਿੱਚ 8,423 ਵਿਦਿਆਰਥੀਆਂ ਨੇ ਖੁਦਕੁਸ਼ੀ ਕੀਤੀ ਸੀ, ਪਰ ਇੱਕ ਦਹਾਕੇ ਵਿੱਚ ਇਹ ਗਿਣਤੀ ਲਗਭਗ 60 ਤੋਂ 65 ਫ਼ੀਸਦੀ ਤੱਕ ਵਧ ਗਈ ਹੈ। ਇਸ ਦਾ ਮਤਲਬ ਇਹ ਹੈ ਕਿ ਸਿੱਖਿਆ ਨਾਲ ਜੁੜਿਆ ਤਣਾਅ ਅਤੇ ਦਬਾਅ ਲਗਾਤਾਰ ਵਧ ਰਿਹਾ ਹੈ ।

ਕੋਚਿੰਗ ਸੈਂਟਰਾਂ ਦਾ ਵਧਦਾ ਰੁਝਾਨ ਵੀ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾਉਂਦਾ ਹੈ । ਦੇਸ਼ ਦੇ ਕਈ ਸ਼ਹਿਰ—ਖਾਸ ਕਰਕੇ ਕੋਟਾ, ਦਿੱਲੀ, ਹੈਦਰਾਬਾਦ ਅਤੇ ਪੁਣੇ ਕੋਚਿੰਗ ਉਦਯੋਗ ਦੇ ਵੱਡੇ ਕੇਂਦਰ ਬਣ ਚੁੱਕੇ ਹਨ। ਅੰਦਾਜ਼ਾ ਹੈ ਕਿ ਭਾਰਤ ਵਿੱਚ ਕੋਚਿੰਗ ਉਦਯੋਗ ਦੀ ਕੀਮਤ ਲਗਭਗ 60 ਹਜ਼ਾਰ ਕਰੋੜ ਰੁਪਏ ਤੋਂ ਵੱਧ ਹੋ ਚੁੱਕੀ ਹੈ ਅਤੇ ਇਹ ਹਰ ਸਾਲ ਤੇਜ਼ੀ ਨਾਲ ਵਧ ਰਿਹਾ ਹੈ ।

ਕੋਟਾ ਵਰਗੇ ਸ਼ਹਿਰ ਵਿੱਚ ਹੀ ਹਰ ਸਾਲ 2 ਤੋਂ 2.5 ਲੱਖ ਵਿਦਿਆਰਥੀ ਇੰਜੀਨੀਅਰਿੰਗ ਅਤੇ ਮੈਡੀਕਲ ਪ੍ਰੀਖਿਆਵਾਂ ਦੀ ਤਿਆਰੀ ਲਈ ਜਾਂਦੇ ਹਨ । ਇਨ੍ਹਾਂ ਵਿੱਚੋਂ ਕਈ ਵਿਦਿਆਰਥੀ ਬਹੁਤ ਵੱਡੇ ਦਬਾਅ ਹੇਠ ਰਹਿੰਦੇ ਹਨ । ਮੀਡੀਆ ਰਿਪੋਰਟਾਂ ਦੇ ਅਨੁਸਾਰ ਸਿਰਫ਼ ਕੋਟਾ ਵਿੱਚ ਹੀ ਕਈ ਵਾਰ ਇੱਕ ਸਾਲ ਵਿੱਚ 20 ਤੋਂ ਵੱਧ ਵਿਦਿਆਰਥੀ ਖੁਦਕੁਸ਼ੀ ਦੇ ਮਾਮਲੇ ਸਾਹਮਣੇ ਆਏ ਹਨ ।

ਇਸ ਦੌਰਾਨ ਕੋਚਿੰਗ ਸੈਂਟਰਾਂ ਦੀ ਫ਼ੀਸ ਵੀ ਕਾਫ਼ੀ ਉੱਚੀ ਹੁੰਦੀ ਹੈ । ਕਈ ਕੋਚਿੰਗ ਸੰਸਥਾਵਾਂ ਇੱਕ ਸਾਲ ਦੀ ਤਿਆਰੀ ਲਈ 1 ਲੱਖ ਤੋਂ 10 ਲੱਖ ਰੁਪਏ ਤੱਕ ਫ਼ੀਸ ਲੈਂਦੀਆਂ ਹਨ। ਗਰੀਬ ਅਤੇ ਮੱਧ ਵਰਗੀ ਪਰਵਾਰ ਆਪਣੇ ਬੱਚਿਆਂ ਦੇ ਭਵਿੱਖ ਲਈ ਕਰਜ਼ੇ ਤੱਕ ਲੈ ਲੈਂਦੇ ਹਨ । ਇਸ ਨਾਲ ਬੱਚਿਆਂ 'ਤੇ ਇਹ ਦਬਾਅ ਹੋਰ ਵਧ ਜਾਂਦਾ ਹੈ ਕਿ ਉਹ ਕਿਸੇ ਵੀ ਹਾਲਤ ਵਿੱਚ ਸਫਲ ਹੋਣ ।

ਪ੍ਰੀਖਿਆਵਾਂ ਦਾ ਦਬਾਅ ਸਿਰਫ਼ ਸਕੂਲਾਂ ਤੱਕ ਹੀ ਸੀਮਿਤ ਨਹੀਂ, ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਵਿੱਚ ਵੀ ਮੁਕਾਬਲਾ ਬਹੁਤ ਵਧ ਗਿਆ ਹੈ। ਉਦਾਹਰਨ ਵਜੋਂ ਹਰ ਸਾਲ ©55“ ਪ੍ਰੀਖਿਆ ਲਈ 20 ਲੱਖ ਤੋਂ ਵੱਧ ਵਿਦਿਆਰਥੀ ਅਰਜ਼ੀ ਦਿੰਦੇ ਹਨ, ਜਦਕਿ ਮੈਡੀਕਲ ਕਾਲਜਾਂ ਵਿੱਚ ਸੀਟਾਂ ਲਗਭਗ 1 ਲੱਖ ਦੇ ਕਰੀਬ ਹੀ ਹੁੰਦੀਆਂ ਹਨ । ਇਸ ਦਾ ਮਤਲਬ ਹੈ ਕਿ ਲਗਭਗ 90 ਫ਼ੀਸਦੀ ਤੋਂ ਵੱਧ ਵਿਦਿਆਰਥੀ ਆਪਣਾ ਮਕਸਦ ਹਾਸਲ ਨਹੀਂ ਕਰ ਸਕਦੇ।

ਇਸੇ ਤਰ੍ਹਾਂ JEE Main ਲਈ ਹਰ ਸਾਲ ਲਗਭਗ 10 ਤੋਂ 12 ਲੱਖ ਵਿਦਿਆਰਥੀ ਪ੍ਰੀਖਿਆ ਦਿੰਦੇ ਹਨ, ਪਰ ਉੱਚੇ ਇੰਜੀਨੀਅਰਿੰਗ ਸੰਸਥਾਨਾਂ ਵਿੱਚ ਸੀਟਾਂ ਕਾਫ਼ੀ ਘੱਟ ਹੁੰਦੀਆਂ ਹਨ। ਇਹ ਭਿਆਨਕ ਮੁਕਾਬਲਾ ਵੀ ਵਿਦਿਆਰਥੀਆਂ ਵਿੱਚ ਤਣਾਅ ਵਧਾਉਂਦਾ ਹੈ।

ਮਨੋਵਿਗਿਆਨਕ ਮਾਹਰਾਂ ਦੇ ਅਨੁਸਾਰ ਲਗਾਤਾਰ ਮੁਕਾਬਲੇ ਅਤੇ ਅਸਫਲਤਾ ਦੇ ਡਰ ਕਾਰਨ ਵਿਦਿਆਰਥੀਆਂ ਵਿੱਚ ਤਣਾਅ, ਡਿਪ੍ਰੈਸ਼ਨ ਅਤੇ ਚਿੰਤਾ ਵਧ ਰਹੀ ਹੈ। ਕਈ ਸਰਵੇਖਣਾਂ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਲਗਭਗ 60 ਫ਼ੀਸਦੀ ਵਿਦਿਆਰਥੀ ਪ੍ਰੀਖਿਆ ਦੇ ਦੌਰਾਨ ਗੰਭੀਰ ਤਣਾਅ ਮਹਿਸੂਸ ਕਰਦੇ ਹਨ।

ਇਸ ਹਾਲਤ ਦਾ ਇੱਕ ਵੱਡਾ ਕਾਰਨ ਮਾਪਿਆਂ ਦੀਆਂ ਵਧਦੀਆਂ ਉਮੀਦਾਂ ਵੀ ਹਨ। ਹਰ ਮਾਪੇ ਚਾਹੁੰਦੇ ਹਨ ਕਿ ਉਹਨਾਂ ਦਾ ਬੱਚਾ ਡਾਕਟਰ, ਇੰਜੀਨੀਅਰ ਜਾਂ ਵੱਡਾ ਅਧਿਕਾਰੀ ਬਣੇ, ਪਰ ਹਰ ਬੱਚੇ ਦੀ ਆਪਣੀ ਰੁਚੀ ਅਤੇ ਯੋਗਤਾ ਹੁੰਦੀ ਹੈ। ਜੇ ਬੱਚਿਆਂ ਨੂੰ ਆਪਣੀ ਰੁਚੀ ਦੇ ਖੇਤਰ ਵਿੱਚ ਅੱਗੇ ਵਧਣ ਦੀ ਆਜ਼ਾਦੀ ਨਾ ਮਿਲੇ ਤਾਂ ਉਹ ਆਪਣੀ ਅਸਲੀ ਯੋਗਤਾ ਨੂੰ ਵਿਕਸਤ ਨਹੀਂ ਕਰ ਸਕਦੇ।

ਸਿੱਖਿਆ ਮਾਹਰਾਂ ਦਾ ਮੰਨਣਾ ਹੈ ਕਿ ਪ੍ਰੀਖਿਆਵਾਂ ਸਿੱਖਣ ਦੀ ਪ੍ਰਕਿਰਿਆ ਦਾ ਸਿਰਫ਼ ਇੱਕ ਹਿੱਸਾ ਹੋਣੀਆਂ ਚਾਹੀਦੀਆਂ ਹਨ, ਨਾ ਕਿ ਪੂਰਾ ਮਕਸਦ। ਬੱਚਿਆਂ ਦੀ ਯੋਗਤਾ ਦਾ ਮੁਲਾਂਕਣ ਸਿਰਫ਼ ਲਿਖਤੀ ਪ੍ਰੀਖਿਆਵਾਂ ਨਾਲ ਨਹੀਂ ਕੀਤਾ ਜਾ ਸਕਦਾ। ਇਸ ਲਈ ਪ੍ਰੋਜੈਕਟ, ਪ੍ਰਜ਼ੈਂਟੇਸ਼ਨ, ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਨੂੰ ਵੀ ਮਹੱਤਵ ਦੇਣਾ ਚਾਹੀਦਾ ਹੈ।

ਸਕੂਲਾਂ ਵਿੱਚ ਮਨੋਵਿਗਿਆਨਕ ਕੌਂਸਲਿੰਗ ਦੀ ਵੀ ਬਹੁਤ ਲੋੜ ਹੈ। ਜੇ ਬੱਚਿਆਂ ਨੂੰ ਆਪਣੇ ਤਣਾਅ ਅਤੇ ਡਰ ਬਾਰੇ ਗੱਲ ਕਰਨ ਦਾ ਮੌਕਾ ਮਿਲੇ ਤਾਂ ਕਈ ਸਮੱਸਿਆਵਾਂ ਨੂੰ ਸਮੇਂ 'ਤੇ ਹੱਲ ਕੀਤਾ ਜਾ ਸਕਦਾ ਹੈ।

ਅਖੀਰ ਵਿੱਚ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਮੌਜੂਦਾ ਸਮੇਂ ਵਿੱਚ ਪ੍ਰੀਖਿਆਵਾਂ ਦਾ ਬੋਝ ਬੱਚਿਆਂ ਲਈ ਇੱਕ ਵੱਡੀ ਚੁਣੌਤੀ ਬਣ ਚੁੱਕਾ ਹੈ। ਸਿੱਖਿਆ ਦਾ ਅਸਲ ਮਕਸਦ ਬੱਚਿਆਂ ਨੂੰ ਜੀਵਨ ਲਈ ਤਿਆਰ ਕਰਨਾ ਹੁੰਦਾ ਹੈ, ਪਰ ਜਦੋਂ ਸਾਰਾ ਧਿਆਨ ਸਿਰਫ਼ ਨੰਬਰਾਂ ਅਤੇ ਪ੍ਰੀਖਿਆਵਾਂ 'ਤੇ ਹੋਵੇ ਤਾਂ ਇਹ ਮਕਸਦ ਪੂਰਾ ਨਹੀਂ ਹੋ ਸਕਦਾ।

**# ਸੰਪਰਕ : 94636-03091**

# ਪੰਚਾਇਤੀ ਜ਼ਮੀਨ ਦੇ ਵਿਵਾਦ ਕਾਰਨ ਕਾਂਗਰਸ ਬਲਾਕ ਪ੍ਰਧਾਨ ਦਾ ਕਤਲ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਮਾਛੀਵਾੜਾ ਇਲਾਕੇ ਵਿੱਚ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਸੀਨੀਅਰ ਕਾਂਗਰਸੀ ਆਗੂ ਤੇ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਕੱਲ੍ਹ ਸ਼ਾਮ ਕਰੀਬ 6.30 ਵਜੇ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਤੱਖਰਾਂ ਤੋਂ ਹਾੜੀਆਂ ਰੋਡ 'ਤੇ ਜੋ ਕਿਰਾਏ ਲਈ ਕੁਆਰਟਰ ਬਣੇ ਹੋਏ ਹਨ, ਉਸ ਦੇ ਬਾਹਰ ਕੁਰਸੀ 'ਤੇ ਬੈਠੇ ਸਨ ਕਿ ਅਚਾਨਕ 2 ਅਣਪਛਾਤੇ ਵਿਅਕਤੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ, ਜਿਨ੍ਹਾਂ 'ਚੋਂ ਇੱਕ ਨੇ ਆਪਣੇ ਹੱਥ ਵਿੱਚ ਫੜੀ ਕੁਹਾੜੀ ਨਾਲ ਕਾਂਗਰਸ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦੇ ਸਿਰ 'ਤੇ ਕਈ ਵਾਰ ਕਰ ਦਿੱਤੇ। ਇਸ ਕਾਤਲਾਨਾ ਹਮਲੇ ਵਿੱਚ ਪਰਮਿੰਦਰ ਤਿਵਾੜੀ ਖੂਨ ਨਾਲ ਲੱਥਪਥ ਹੋ ਕੇ ਉੱਥੇ ਫਰਸ਼ 'ਤੇ ਹੀ ਗਿਰ ਗਏ। ਹਮਲਾਵਾਰ ਨੇ ਬੜੀ ਬੇਰਹਿਮੀ ਨਾਲ ਕੁਹਾੜੀ ਨਾਲ ਵਾਰ ਕੀਤੇ ਤੇ ਉਸ ਤੋਂ ਬਾਅਦ ਉਹ ਮੋਟਰਸਾਈਕਲ 'ਤੇ ਬੈਠ ਕੇ ਮਾਲਵਾ ਚੌਕ ਵੱਲ ਫ਼ਰਾਰ ਹੋ ਗਏ। ਖ਼ੂਨ ਨਾਲ ਲੱਥਪਥ ਪ੍ਰਧਾਨ ਪਰਮਿੰਦਰ ਤਿਵਾੜੀ ਨੂੰ ਮਾਛੀਵਾੜਾ ਹਸਪਤਾਲ ਵਿਖੇ ਲਿਆਂਦਾ ਗਿਆ, ਜਿੱਥੇ ਉਨ੍ਹਾਂ ਦੀ ਨਾਜ਼ੁਕ ਹਾਲਤ ਨੂੰ ਦੇਖਦਿਆਂ ਲੁਧਿਆਣਾ ਵਿਖੇ ਰੈਫ਼ਰ ਕਰ ਦਿੱਤਾ



● ਸਿਰ 'ਤੇ ਕੁਹਾੜੀ ਨਾਲ ਕਈ ਵਾਰ ਕਰਕੇ ਉਤਾਰਿਆ ਮੌਤ ਦੇ ਘਾਟ

ਗਿਆ। ਲੁਧਿਆਣਾ ਫੋਰਟਿਸ ਹਸਪਤਾਲ ਵਿੱਚ ਪਹੁੰਚ ਕੇ ਜਦੋਂ ਡਾਕਟਰਾਂ ਨੇ ਜਾਂਚ ਕੀਤੀ ਤਾਂ ਉਨ੍ਹਾਂ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਇਹ ਘਟਨਾ ਜਿੱਥੇ ਵਾਪਰੀ ਹੈ, ਉਹ ਇਲਾਕਾ ਮਾਛੀਵਾੜਾ ਨਾਲ ਲੱਗਦੇ ਥਾਣਾ ਕੂੰਮਕਲਾਂ ਅਧੀਨ ਪੈਂਦਾ ਹੈ, ਉੱਥੇ ਲੋਕਾਂ ਨੇ ਦੱਸਿਆ ਕਿ ਉਨ੍ਹਾਂ ਨੇ ਕਈ ਵਾਰ ਪੁਲਸ ਸਹਾਇਤਾ ਲਈ 100 ਨੰਬਰ 'ਤੇ ਫੋਨ ਕੀਤਾ, ਪਰ ਕਿਸੇ ਨੇ ਫੋਨ ਨਾ ਚੁੱਕਿਆ। ਦੂਸਰੇ ਪਾਸੇ ਹਾੜੀਆਂ ਚੌਕ ਵਿੱਚ ਕਾਂਗਰਸੀ ਆਗੂ ਉੱਪਰ ਕਾਤਲਾਨਾ ਹਮਲੇ ਤੋਂ ਬਾਅਦ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ ਕਿ ਸੰਘਣੀ ਅਬਾਦੀ ਵਾਲੇ ਇਲਾਕੇ ਵਿੱਚ ਆ ਕੇ ਕਤਲ ਵਰਗੀ ਘਟਨਾ ਨੂੰ ਅੰਜਾਮ ਦਿੱਤਾ। ਜਾਂਚ ਦੌਰਾਨ ਸਾਹਮਣੇ ਆਇਆ ਕਿ ਪਿੰਡ ਵਿੱਚ ਕੇਵਲ 15 ਗਜ ਦੀ ਪੰਚਾਇਤੀ ਜ਼ਮੀਨ ਦੇ ਵਿਵਾਦ ਕਾਰਨ ਮੁਲਜ਼ਮ ਵਿਜੈ ਕੁਮਾਰ ਪਿੰਡ ਤੱਖਰਾਂ-ਖੋਖਰਾਂ ਦੀ ਪੰਚਾਇਤ ਤੇ ਮ੍ਰਿਤਕ ਪਰਮਿੰਦਰ ਤਿਵਾੜੀ ਨਾਲ ਰੰਜਿਸ਼ ਰੱਖਦਾ ਸੀ, ਜਿਸ ਕਾਰਨ ਉਸ ਦਾ ਕਤਲ ਕੀਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਤੱਖਰਾਂ-ਖੋਖਰਾਂ ਦੀ ਪੰਚਾਇਤ ਕਾਂਗਰਸ ਪੱਖੀ ਚੁਣੀ ਗਈ ਸੀ, ਜਿਸ ਨੂੰ ਬਣਾਉਣ ਵਿੱਚ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਦਾ ਅਹਿਮ ਯੋਗਦਾਨ ਸੀ। ਪੰਚਾਇਤ ਚੁਣੇ ਜਾਣ ਤੋਂ ਬਾਅਦ ਤਿਵਾੜੀ, ਸਰਪੰਚ ਤੇ ਸਮੂਹ ਪੰਚਾਇਤ ਮੈਂਬਰਾਂ ਨੇ ਵਿਜੈ ਕੁਮਾਰ ਕੋਲ ਜੋ ਪੰਚਾਇਤੀ ਜਗ੍ਹਾ 'ਤੇ ਨਾਜਾਇਜ਼ ਕਬਜ਼ਾ ਕੀਤਾ ਸੀ, ਉਸ ਤੋਂ ਕਰੀਬ 15 ਗਜ ਦਾ ਕਬਜ਼ਾ ਛੁਡਵਾਇਆ, ਜਦਕਿ ਬਾਕੀ 'ਤੇ ਉਸ ਦਾ ਸਾਰਾ ਪਰਿਵਾਰ ਕਾਬਜ਼ ਸੀ। ਇਸ ਸਬੰਧੀ ਮਾਮਲਾ ਮਾਛੀਵਾੜਾ ਥਾਣਾ ਵਿਖੇ ਪੁੱਜਾ ਜਿੱਥੇ ਮੁਲਜ਼ਮ ਵਿਜੈ ਕੁਮਾਰ, ਮ੍ਰਿਤਕ ਪਰਮਿੰਦਰ ਤਿਵਾੜੀ ਤੇ ਪੰਚਾਇਤ ਵਿਚਕਾਰ ਤਕਰਾਰਬਾਜ਼ੀ ਹੋਈ ਦੱਸੀ ਜਾ ਰਹੀ ਹੈ। ਪੰਚਾਇਤੀ ਕਬਜ਼ਾ ਹਟਾਉਣ ਤੋਂ ਬਾਅਦ ਮੁਲਜ਼ਮ ਵਿਜੈ ਕੁਮਾਰ ਨੇ ਇਸ ਸਬੰਧੀ ਅਦਾਲਤ ਵਿੱਚ ਪਟੀਸ਼ਨ ਵੀ ਦਾਇਰ ਕੀਤੀ ਹੋਈ ਸੀ, ਪਰ ਉਹ ਪਰਮਿੰਦਰ ਤਿਵਾੜੀ ਤੇ ਪੰਚਾਇਤ ਨਾਲ ਰੰਜਿਸ਼ ਰੱਖ ਰਿਹਾ ਸੀ। ਅੱਜ ਇਸ ਸਬੰਧੀ ਏ.ਡੀ.ਸੀ.ਪੀ. ਜਸ਼ਨਦੀਪ ਸਿੰਘ ਗਿੱਲ ਨੇ ਖੁਲਾਸਾ ਕੀਤਾ ਕਿ ਇਹ ਪੰਚਾਇਤੀ ਜ਼ਮੀਨ ਦਾ ਕਬਜ਼ਾ ਹਟਾਉਣ ਦੀ ਰੰਜਿਸ਼ ਕਾਰਨ ਹੀ ਵਿਜੈ ਕੁਮਾਰ ਨੇ ਕਾਂਗਰਸ ਦੇ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦਾ ਕਤਲ ਕੀਤਾ। ਉਨ੍ਹਾਂ ਕਿਹਾ ਕਿ ਇਹ ਕਤਲ ਰੰਜਿਸ਼ ਕਾਰਨ ਹੋਇਆ, ਜਦਕਿ ਇਸ ਪਿੱਛੇ ਕੋਈ ਹੋਰ ਵਜ੍ਹਾ ਨਹੀਂ ਹੈ।

# ਵਿਜੀਲੈਂਸ ਵੱਲੋਂ ਰਿਸ਼ਵਤ ਲੈਂਦਾ ਏ ਐੱਸ ਆਈ ਰੰਗੇ-ਹੱਥੀਂ ਕਾਬੂ

**ਲੁਧਿਆਣਾ (ਰਾਜ ਸਿੰਗਲਾ)**- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੁਲਸ ਚੌਕੀ ਕਿਚਲੂ ਨਗਰ ਥਾਣਾ ਪੀਏਯੂ ਲੁਧਿਆਣਾ ਦੇ ਇੰਚਾਰਜ ਵਜੋਂ ਤਾਇਨਾਤ ਸਹਾਇਕ



ਸਬ ਇੰਸਪੈਕਟਰ ਲਖਵਿੰਦਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਬੈਂਕ ਕਲੋਨੀ ਨੂਰਵਾਲਾ ਰੋਡ ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਵਿਰੁੱਧ ਕੇਸ ਦਰਜ ਕੀਤਾ ਗਿਆ ਸੀ, ਜਿਸ ਦੀ ਜਾਂਚ ਏ ਐੱਸ ਆਈ ਲਖਵਿੰਦਰ ਸਿੰਘ ਨੂੰ ਸੌਂਪੀ ਗਈ ਸੀ।ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਏ ਐੱਸ ਆਈ ਨੇ ਸ਼ਿਕਾਇਤਕਰਤਾ ਦੀ ਭੈਣ ਤੇ ਮਾਂ ਨੂੰ ਇਸ ਮਾਮਲੇ ਵਿੱਚ ਨਾ ਫਸਾਉਣ ਬਦਲੇ 30,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਤੇ ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ। ਸ਼ਿਕਾਇਤਕਰਤਾ ਨੇ ਗੈਰ-ਕਾਨੂੰਨੀ ਰਿਸ਼ਵਤ ਨਾ ਦੇਣ ਲਈ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਸੰਪਰਕ ਕੀਤਾ।ਉਸ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਦੋਸ਼ੀ ਏ ਐੱਸ ਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਤੇ ਇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਛੀਨੀਵਾਲ ਅਕਾਲੀ ਦਲ ਪੁਨਰ ਸੁਰਜੀਤ ਦੇ ਸੂਬਾਈ ਮੀਤ ਪ੍ਰਧਾਨ ਨਿਯੁਕਤ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਾਬਕਾ ਗਵਰਨਰ ਸ੍ਰ: ਸੁਰਜੀਤ ਸਿੰਘ ਬਰਨਾਲਾ ਦੇ ਨਿੱਜੀ ਸਹਾਇਕ ਦੇ ਤੌਰ 'ਤੇ ਲੰਮਾ ਸਮਾਂ ਅਣਥੱਕ ਸੇਵਾਵਾਂ ਨਿਭਾਉਣ ਵਾਲੇ ਉੱਘੇ ਅਕਾਲੀ ਜਥੇਦਾਰ ਗੁਰਮੇਲ ਸਿੰਘ ਛੀਨੀਵਾਲ ਨੂੰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸੀਨੀਅਰ ਆਗੂ ਸ੍ਰ: ਗਗਨਦੀਪ ਸਿੰਘ ਬਰਨਾਲਾ ਦੀ ਸਿਫਾਰਿਸ਼ ਉੱਪਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਸੂਬਾਈ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਇਲਾਕੇ ਅੰਦਰ ਆਪਣਾ ਮਜ਼ਬੂਤ ਆਧਾਰ ਰੱਖਣ ਵਾਲੇ ਜਥੇਦਾਰ ਗੁਰਮੇਲ ਸਿੰਘ ਛੀਨੀਵਾਲ ਦੀ



ਨਿਯੁਕਤੀ ਨਾਲ ਪਾਰਟੀ ਨੂੰ ਹੋਰ ਵਧੇਰੇ ਬਲ ਮਿਲੇਗਾ।ਨਵ-ਨਿਯੁਕਤ ਮੀਤ ਪ੍ਰਧਾਨ ਜਥੇਦਾਰ ਛੀਨੀਵਾਲ ਨੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਸੀਨੀਅਰ ਆਗੂ ਗਗਨਦੀਪ ਸਿੰਘ ਬਰਨਾਲਾ ਸਮੇਤ ਸਮੂਹ ਲੀਡਰਸ਼ਿਪ ਦਾ ਉਚੇਚਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਅਨੁਸ਼ਾਸਨ ਵਿੱਚ ਰਹਿ ਕੇ ਵਧੇਰੇ ਲਗਨ, ਮਿਹਨਤ ਤੇ ਈਮਾਨਦਾਰੀ ਨਾਲ ਨਿਭਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਇਸ ਨਿਯੁਕਤੀ ਉੱਪਰ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਪ੍ਰਧਾਨ ਤਰਨਜੀਤ ਸਿੰਘ ਦੁੱਗਲ, ਰਵਿੰਦਰ ਰੰਮੀ ਢਿੱਲੋਂ, ਰਾਜਾ ਬੀਹਲਾ, ਜਗਸੀਰ ਸਿੰਘ ਭੋਲਾ, ਸਰਕਲ ਪ੍ਰਧਾਨ ਸੁਰਜੀਤ ਸਿੰਘ ਕੁਰੜ, ਜਗਤਾਰ ਸਿੰਘ ਕਲਾਲਾ, ਮਹਿੰਦਰ ਸਿੰਘ ਚੁਹਾਣਕੇ, ਗਿਆਨੀ ਪ੍ਰੀਤਮ ਸਿੰਘ ਛੀਨੀਵਾਲ ਆਦਿ ਆਗੂਆਂ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਇਸ ਨਿਯੁਕਤੀ ਨਾਲ ਪੁਰਾਣੇ ਵਰਕਰਾਂ ਦੇ ਹੌਂਸਲੇ ਬੁਲੰਦ ਹੋਏ ਹਨ।ਜਥੇਦਾਰ ਛੀਨੀਵਾਲ ਦੀ ਅਗਵਾਈ ਹੇਠ ਟੀਮ ਦੇ ਰੂਪ ਵਿੱਚ ਪਾਰਟੀ ਨੂੰ ਹੇਠਲੇ ਪੱਧਰ ਤੱਕ ਹੋਰ ਮਜ਼ਬੂਤ ਬਣਾਉਣ ਲਈ ਲਾਮਬੰਦੀ ਸ਼ੁਰੂ ਕੀਤੀ ਜਾਵੇਗੀ।

# ਜਥੇਬੰਦੀਆਂ ਨੇ ਦਫਤਰ ਵਣ ਮੰਡਲ ਅਫਸਰ ਸਾਹਮਣੇ ਦਿੱਤਾ ਰੋਸ ਧਰਨਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਵਣ ਵਿਭਾਗ ਵਰਕਰਜ਼ ਯੂਨੀਅਨ ਰਜਿ: 11/89 ਨੇ ਵਣ ਮੰਡਲ ਪਟਿਆਲਾ ਅਧੀਨ ਕੰਮ ਕਰਦੇ ਕਿਰਤੀ ਕਾਮਿਆਂ ਦੀਆਂ ਰੁਕੀਆਂ ਤਨਖਾਹਾਂ ਜਾਰੀ ਕਰਵਾਉਣ ਲਈ ਅਤੇ ਵਧੇ ਰੇਟਾਂ ਦਾ ਏਰੀਅਰ




ਬਕਾਇਆ ਜਾਰੀ ਕਰਵਾਉਣ ਨੂੰ ਲੈ ਕੇ ਦਫਤਰ ਵਣ ਮੰਡਲ ਅਫਸਰ ਪਟਿਆਲਾ ਅੱਗੇ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆ ਜ਼ਿਲ੍ਹਾ ਪ੍ਰਧਾਨ ਵੀਰਪਾਲ ਸਿੰਘ ਬੰਮਣਾ ਅਤੇ ਬਲਵੀਰ ਸਿੰਘ ਮੰਡੋਲੀ ਨੇ ਦੱਸਿਆ ਕਿ ਕਿਰਤੀ ਕਾਮਿਆਂ ਨਾਲ ਵਣ ਮੰਡਲ ਪਟਿਆਲਾ ਦੀ ਮੈਨੇਜਮੈਂਟ ਧੋਖਾ ਕਰਦੀ ਆ ਰਹੀ ਹੈ। ਜੋ ਏਰੀਅਰ ਬਕਾਇਆ ਹੈ ਉਹ ਵੀ ਵਿਤਕਰੇ ਦੀ ਭਾਵਨਾ ਨਾਲ ਪਾਇਆ ਗਿਆ ਅਤੇ ਕਿਰਤੀ ਕਾਮਿਆਂ ਨੂੰ ਲਗਾਤਾਰ ਖੱਜਲ ਖੁਆਰ ਕੀਤਾ ਜਾ ਰਿਹਾ ਹੈ। ਵਾਰ-ਵਾਰ ਯੂਨੀਅਨ ਨਾਲ ਮੀਟਿੰਗ ਕਰਨ 'ਤੇ ਵੀ ਕਿਰਤੀ ਕਾਮਿਆਂ ਨੂੰ ਇਨਾਫ ਨਹੀਂ ਦਿੱਤਾ ਗਿਆ ਨਾ ਜਾਇਜ਼ ਮੰਗਾਂ ਦਾ ਕੋਈ ਨਿਪਟਾਰਾ ਕੀਤਾ ਗਿਆ ਹੈ। ਜਿਸ ਕਰਕੇ ਰੋਸ ਵਜੋਂ ਐਫ.ਓ. ਪਟਿਆਲਾ ਦਫਤਰ ਅਮਲੇ ਦਾ ਪਿੱਟ ਸਿਆਪਾ ਕੀਤਾ ਗਿਆ ਹੈ। ਜਿਸ ਉਪਰੰਤ ਮੌਕੇ ਵਣ ਮੰਡਲ ਅਫਸਰ ਪਟਿਆਲਾ ਵੱਲੋਂ ਮੀਟਿੰਗ ਕਰਕੇ ਰਹਿੰਦੀਆਂ ਤਨਖਾਹਾਂ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਹੋਰ ਮੰਗਾਂ ਪਰ ਵੀ ਸਹਿਮਤੀ ਪ੍ਰਗਟ ਕੀਤੀ। ਅਗਲੀ ਮੀਟਿੰਗ ਅਪ੍ਰੈਲ ਦੇ ਪਹਿਲੇ ਹਫਤੇ ਜਥੇਬੰਦੀ ਨਾਲ ਕੀਤੀ ਜਾਣ ਬਾਰੇ ਭਰੋਸਾ ਦਿੱਤਾ ਗਿਆ। ਇਸ ਮੌਕੇ ਵਣ ਮੰਡਲ ਪਟਿਆਲਾ ਦੀਆਂ ਸਮੂਹ ਰੇਜਾਂ ਦੇ ਕਿਰਤੀ ਕਾਮੇ ਆਗੂ ਹਾਜ਼ਰ ਹੋਏ। ਹਰਪ੍ਰੀਤ ਸਿੰਘ ਲੋਚਮਾ ਰਾਜਪੁਰਾ, ਕੁਲਵੰਤ ਸਿੰਘ ਬੂਹੀ ਨਾਭਾ, ਬੇਅੰਤ ਸਿੰਘ ਰੇਜ ਭਾਦਸੋਂ, ਹਰਚਰਨ ਸਿੰਘ ਬਦੋਛੀ ਸਰਹਿੰਦ ਰੇਂਜ, ਕੁਲਵਿੰਦਰ ਬਨੂੜ, ਹਰਦੀਪ ਸਿੰਘ ਸੋਜਾ ਸਮਾਣਾ, ਵੰਤੀ ਦੇਵੀ, ਰਾਣੀ, ਰਾਮਦਾਸ, ਪਰਮਜੀਤ ਕੌਰ, ਮੇਜਰ ਸਿੰਘ ਬਰੇਹ ਆਦਿ ਤੋਂ ਇਲਾਵਾ ਹੋਰ ਸਾਥੀ ਹਾਜ਼ਰ ਹੋਏ।

# ਲਾਲ ਲਕੀਰ ਅੰਦਰ ਰਹਿੰਦੇ ਪਰਵਾਰਾਂ ਨੂੰ ਸਰਕਾਰ ਵੱਲੋਂ ਦਿੱਤੇ ਜਾ ਰਹੇ ਹਨ ਮਾਲਕੀ ਹੱਕ : ਡਾ. ਅਰੋੜਾ

## ਹਰਬੰਸ ਸਿੰਘ ਧੱਲੇਕੇ ਦੇ ਗ੍ਰਹਿ ਵਿਖੇ ਇਕੱਠ ਨੂੰ ਕੀਤਾ ਸੰਬੋਧਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਪਿੰਡ ਧੱਲੇਕੇ ਵਿਖੇ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਤੇ ਸਾਬਕਾ ਸਰਪੰਚ ਹਰਬੰਸ ਸਿੰਘ ਜੌਹਲ ਦੇ ਗ੍ਰਹਿ ਵਿਖੇ ਪਿੰਡ ਵਾਸੀਆਂ ਦਾ ਵਿਸ਼ਾਲ ਇਕੱਠ ਹੋਇਆ, ਜਿਸ ਵਿੱਚ ਮੋਗਾ ਦੀ ਹਲਕਾ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ, ਜਿਨ੍ਹਾਂ ਦਾ ਹਰਬੰਸ ਸਿੰਘ ਜੌਹਲ ਤੇ ਪਿੰਡ ਵਾਸੀਆਂ ਵੱਲੋਂ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕਾ



ਡਾ. ਅਮਨਦੀਪ ਕੌਰ ਅਰੋੜਾ ਨੂੰ ਹਰਬੰਸ ਸਿੰਘ ਜੌਹਲ ਵੱਲੋਂ ਪਿੰਡ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਗਿਆ। ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਮੋਗਾ ਹਲਕਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋ ਗਏ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜੋ ਜੋ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਗਏ ਸਨ, ਉਹ ਸਮੁੱਚੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ।ਅੱਜ ਪੰਜਾਬ ਦੇ ਹਰ ਤਬਕੇ ਨੂੰ ਘਰਾਂ ਵਿੱਚ 600 ਯੂਨਿਟ ਬਿਜਲੀ ਮੁਫਤ ਦਿੱਤੀ ਜਾ ਰਹੀ ਹੈ।ਇਸ ਤੋਂ ਇਲਾਵਾ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਵਿੱਚ ਵੀ ਪਹਿਲ ਕਦਮੀ ਕੀਤੀ ਗਈ ਹੈ।ਇਸ ਤੋਂ ਇਲਾਵਾ ਸਿਹਤ ਸੇਵਾਵਾਂ ਤੇ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜੋ ਪੰਜਾਬ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਮਹੀਨਾ ਦੇਣ ਦਾ ਵਾਅਦਾ ਕੀਤਾ ਗਿਆ ਸੀ, ਉਹ ਵੀ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ, ਜੋ ਜਲਦ ਔਰਤਾਂ ਦੇ ਖਾਤਿਆਂ ਵਿੱਚ ਪਾਉਣਾ ਸ਼ੁਰੂ ਕਰ ਦਿੱਤਾ ਜਾਵੇਗਾ।ਜਿਹੜੇ ਪਰਵਾਰ ਪਿੰਡਾਂ ਵਿੱਚ ਲਾਲ ਲਕੀਰ 'ਚ ਆਉਂਦੀਆਂ ਜ਼ਮੀਨਾਂ ਵਿੱਚ ਰਹਿੰਦੇ ਹਨ, ਪੰਜਾਬ ਸਰਕਾਰ ਵੱਲੋਂ ਹੁਣ ਉਨ੍ਹਾਂ ਨੂੰ ਮਾਲਕੀ ਹੱਕ ਦਿੱਤੇ ਗਏ ਹਨ। ਇਸ ਮੌਕੇ ਸਰਪੰਚ ਹਰਬੰਸ ਸਿੰਘ ਜੌਹਲ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਧੱਲੇਕੇ, ਗੁਰਪ੍ਰੀਤ ਸਿੰਘ ਮੈਂਬਰ, ਮਨਜੀਤ ਸਿੰਘ ਮਨੀ, ਬਲਵੰਤ ਸਿੰਘ ਜੌਹਲ, ਜਗਤਾਰ ਸਿੰਘ ਜੱਗਾ, ਮੰਦਰ ਸਿੰਘ ਜੌਹਲ, ਗੁਰਜੀਤ ਸਿੰਘ ਬੱਬੂ, ਗੁਰਚਰਨ ਸਿੰਘ ਪ੍ਰਧਾਨ, ਜੰਗ ਸਿੰਘ ਨੈਸਲੇ, ਸੁਖਜਿੰਦਰ ਸਿੰਘ, ਜਗਰੂਪ ਸਿੰਘ ਮੈਂਬਰ, ਪੂਰਨ ਸਿੰਘ ਐਨਆਰਆਈ, ਜੋਗਿੰਦਰ ਸਿੰਘ ਨੈਸਲੇ, ਰਾਜੂ ਲੰਡੇਕੇ ਵਿੱਕੀ ਚੌਧਰੀਆ, ਐਮ.ਐਲ.ਏ. ਦੇ ਸਿਆਸੀ ਸਕੱਤਰ ਦਵਿੰਦਰ ਤਿਵਾੜੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ ਤੇ ਮਹਿਲਾਵਾਂ ਹਾਜ਼ਰ ਸਨ।ਸਮਾਗਮ 'ਚ ਸਟੇਜ ਸੈਕਟਰੀ ਦੀ ਭੂਮਿਕਾ ਗੁਰਪ੍ਰੀਤ ਸਿੰਘ ਮੈਂਬਰ ਵੱਲੋਂ ਬਖੂਬੀ ਨਿਭਾਈ ਗਈ।ਸਮਾਗਮ ਦੇ ਅੰਤ ਵਿੱਚ ਹਰਬੰਸ ਸਿੰਘ ਜੌਹਲ ਵੱਲੋਂ ਵਿਧਾਇਕਾ ਡਾ. ਅਮਨਦੀਪ ਅਰੋੜਾ ਤੇ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ।

# ਗਲੋਬਲ ਡਿਸਕਵਰੀ ਸਕੂਲ ਵਿਖੇ ਮਾਪੇ-ਅਧਿਆਪਕ ਮੀਟਿੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਸਾਲਾਨਾ ਪ੍ਰੀਖਿਆਵਾਂ ਤੋਂ ਬਾਅਦ ਮਾਪੇ-ਅਧਿਆਪਕ ਮੀਟਿੰਗ (ਪੀਟੀਐੱਮ) ਦਾ ਆਯੋਜਨ ਕੀਤਾ ਗਿਆ।ਵੱਡੀ ਗਿਣਤੀ ਵਿੱਚ ਮਾਪੇ ਹਾਜ਼ਰ ਹੋਏ ਤੇ ਆਪਣੇ ਬੱਚਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਮੀਟਿੰਗ ਦੌਰਾਨ ਅਧਿਆਪਕਾਂ ਨੇ ਨਤੀਜੇ, ਵਿਹਾਰ, ਹਾਜ਼ਰੀ ਅਤੇ ਸਿੱਖਣ ਦੀ ਪ੍ਰਗਤੀ ਬਾਰੇ ਚਰਚਾ ਕੀਤੀ ਅਤੇ ਸਰਵ -ਪੱਖੀਵਿਕਾਸ ਲਈ ਘਰ-ਸਕੂਲ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਮਾਪਿਆਂ ਨੇ ਵੀ ਬੱਚਿਆਂ



ਦੀ ਪੜ੍ਹਾਈ, ਰੁਚੀਆਂ ਤੇ ਭਵਿੱਖ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਚੰਗੇ ਨਤੀਜਿਆਂ ਤੇ ਨਵੀਂ ਕਲਾਸ ਵਿੱਚ ਪ੍ਰਵੇਸ਼ ਦੀ ਖੁਸ਼ੀ ਹਰ ਕਿਸੇ ਦੇ ਚਿਹਰੇ 'ਤੇ ਸਪੱਸ਼ਟ ਨਜ਼ਰ ਆਈ। ਇਸ ਮੌਕੇ ਉਪ-ਚੇਅਰਮੈਨ ਅਮਿਤ ਸਰਾਫ਼ ਨੇ ਕਿਹਾ ਕਿ ਬੱਚਿਆਂ ਦੀ ਸਫਲਤਾ ਵਿੱਚ ਮਾਪਿਆਂ ਤੇ ਅਧਿਆਪਕਾਂ ਦੀ ਸਾਂਝੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਮਾਪਿਆਂ ਨੇ ਸਕੂਲ ਦੀ ਸਿੱਖਿਆ ਪ੍ਰਣਾਲੀ ਤੇ ਅਨੁਸ਼ਾਸਨ ਦੀ ਪ੍ਰਸ਼ੰਸਾ ਕਰਦਿਆਂ ਪ੍ਰਬੰਧਨ ਦਾ ਧੰਨਵਾਦ ਕੀਤਾ।

# ਅੱਜ ਮਨਾਈ ਜਾਵੇਗੀ ਮਹਾਂਵੀਰ ਜੈਅੰਤੀ : ਧਰਮਪਾਲ ਜੈਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਪੂਰੇ ਭਾਰਤ ਵਿੱਚ ਮਹਾਂਵੀਰ ਜੈਯੰਤੀ 31 ਮਾਰਚ ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਇਸ ਸ਼ੁੱਭ ਅਵਸਰ 'ਤੇ ਐੱਸ. ਐੱਸ. ਜੈਨ ਸਭਾ ਦੇ ਪ੍ਰਧਾਨ ਧਰਮਪਾਲ ਜੈਨ ਨੇ ਸਮੂਹ ਦੇਸ਼ ਵਾਸੀਆਂ ਨੂੰ ਭਗਵਾਨ ਮਹਾਂਵੀਰ ਸਵਾਮੀ ਜੀ ਦੇ ਸੰਦੇਸ਼ 'ਜੀਓ ਔਰ ਜੀਨੇ ਦੋ' 'ਤੇ ਚੱਲਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਜੀਭ ਦੇ ਸਵਾਦ ਲਈ ਕਿਸੇ ਵੀ ਜੀਵ ਦੀ ਹੱਤਿਆ ਨਹੀਂ ਕਰਨੀ ਚਾਹੀਦੀ। ਸ੍ਰੀ ਜੈਨ ਨੇ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਸ਼ੂ ਜੈਨ ਦਾ ਧੰਨਵਾਦ ਪ੍ਰਗਟਾਇਆ, ਜਿਨ੍ਹਾਂ ਵੱਲੋਂ ਮਹਾਂਵੀਰ ਜੈਯੰਤੀ ਵਾਲੇ ਦਿਨ ਮਾਸਾਹਾਰੀ ਭੋਜਨ ਪਰੋਸਣ ਵਾਲੇ ਦੁਕਾਨਦਾਰਾਂ ਤੇ ਢਾਬਿਆਂ ਨੂੰ ਬੰਦ ਰੱਖਣ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਪ੍ਰਧਾਨ ਜੈਨ ਨੇ ਐੱਸ.ਐੱਸ. ਜੈਨ ਸਭਾ ਦੇ ਸਾਰੇ ਮੈਂਬਰਾਂ



ਨੂੰ ਸੂਚਿਤ ਕਰਦਿਆਂ ਕਿਹਾ ਕਿ 31 ਮਾਰਚ ਨੂੰ ਪੂਰੇ ਵਿਸ਼ਵ ਵਿੱਚ ਨਵਕਾਰ ਮਹਾਂਮੰਤਰ ਦਿਵਸ ਦੇ ਤੌਰ 'ਤੇ ਮਨਾਇਆ ਜਾ ਰਿਹਾ ਹੈ। ਪ੍ਰਧਾਨ ਧਰਮਪਾਲ ਜੈਨ ਨੇ ਦੱਸਿਆ ਕਿ ਐੱਸ.ਐੱਸ. ਜੈਨ ਸਥਾਨਕ ਵਿਖੇ 31 ਮਾਰਚ ਨੂੰ ਮਹਾਂਵੀਰ ਜੈਯੰਤੀ ਸਵੇਰੇ 8.30 ਤੋਂ 9.30 ਵਜੇ ਤੱਕ ਮਨਾਈ ਜਾ ਰਹੀ ਹੈ, ਜਿਸ ਵਿੱਚ ਲੋਕ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ।

# ਗੁਲਾਹੜ ਦੇ ਕਈ ਪਰਵਾਰ ਭਾਜਪਾ ਛੱਡ ਕੇ 'ਆਪ' 'ਚ ਸ਼ਾਮਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੁਲਾਰਾ ਮਿਲਿਆ, ਜਦੋਂ ਹਲਕੇ ਦੇ ਵੱਡੇ ਪਿੰਡ ਗੁਲਾਹੜ ਤੋਂ ਭਾਰਤੀ ਜਨਤਾ ਪਾਰਟੀ ਨੂੰ ਛੱਡ ਕੇ ਕਈ ਪਰਵਾਰ ਆਪ ਵਿੱਚ ਸ਼ਾਮਲ ਹੋ ਗਏ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਦਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਸਪੁੱਤਰ ਨੌਜਵਾਨ ਆਗੂ ਗੁਰਮੀਤ ਸਿੰਘ ਵਿੱਕੀ, ਕੰਬੋਜ ਵੈੱਲਫੇਅਰ ਬੋਰਡ ਪੰਜਾਬ ਦੇ ਮੈਂਬਰ ਕੁਲਦੀਪ ਸਿੰਘ ਥਿੰਦ ਤੇ ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ ਡਰੌਲੀ ਨੇ ਸਵਾਗਤ ਕਰਦਿਆਂ ਪਾਰਟੀ ਵਿੱਚ ਮਾਨ ਸਨਮਾਨ ਦਾ ਭਰੋਸਾ ਦਿੱਤਾ। 'ਆਪ' ਆਗੂਆਂ ਨੇ ਪਿੰਡ ਗੁਲਾਹੜ ਤੋਂ ਬੀਜੇਪੀ ਨੂੰ ਛੱਡ ਕੇ ਰਾਕੇਸ਼ ਨੰਬਰਦਾਰ, ਨਿੱਕੂ ਨੰਬਰਦਾਰ, ਬੀਰਬਲ ਮਿਸਤਰੀ, ਸਤਪਾਲ ਤੇ ਪ੍ਰਤਾਪ ਚੰਦ ਸਮੇਤ ਕਈ ਵਿਅਕਤੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਨਮਾਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਲਗਾਤਾਰ ਲੋਕ ਭਲਾਈ ਦੇ ਕੰਮ ਕਰਕੇ ਰੰਗਲਾ ਪੰਜਾਬ ਬਣਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ।ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਵੱਡੇ ਪੱਧਰ ਉੱਤੇ ਆਮ ਆਦਮੀ ਪਾਰਟੀ ਵਿੱਚ ਆ ਰਹੇ ਹਨ।ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਰਕਰਾਂ ਦੀ ਕਦਰ ਕਰਦੀ ਹੈ ਤੇ ਪਾਰਟੀ ਵਿੱਚ ਆਉਣ ਵਾਲਿਆਂ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ।

# ਮਾਇਆ ਦੀ ਦਲਦਲ 'ਚੋਂ ਨਿਕਲ ਕੇ ਹੀ ਅਸਲੀ ਸ਼ਾਂਤੀ ਸੰਭਵ : ਕਾਕੂਵਾਲ

**ਸਮਾਣਾ (ਇਕਬਾਲ ਸਿੰਘ ਬੱਲ)** ਪਿੰਡ ਬਾਦਸ਼ਾਹਪੁਰ ਵਿਖੇ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਇੱਕ ਵਿਸ਼ੇਸ਼ ਰੂਹਾਨੀ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿੱਚ ਮਿਸ਼ਨ ਦੇ ਕੇਂਦਰੀ ਪ੍ਰਚਾਰਕ ਭਾਈ ਸਾਹਿਬ ਗੁਰਦੇਵ ਸਿੰਘ ਕਾਕੂਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸੰਗਤਾਂ ਨੂੰ ਮਨੁੱਖੀ ਜੀਵਨ ਦੇ ਅਸਲੀ ਮਕਸਦ ਤੇ ਰੂਹਾਨੀਅਤ ਦੇ ਗੂੜ੍ਹੇ ਅਰਥਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਸ਼ਹਿਨਸ਼ਾਹ ਬਾਬਾ ਅਵਤਾਰ ਸਿੰਘ ਜੀ ਦੀ ਬਾਣੀ



(ਅਵਤਾਰ ਬਾਣੀ) ਦੇ ਹਵਾਲੇ ਨਾਲ ਭਾਈ ਸਾਹਿਬ ਨੇ ਫਰਮਾਇਆ ਕਿ ਅੱਜ ਦਾ ਮਨੁੱਖ ਮਾਇਆ ਦੇ ਜਾਲ ਵਿੱਚ ਇੰਨਾ ਗ੍ਰਸਿਆ ਹੋਇਆ ਹੈ ਕਿ ਉਹ ਸੁਪਨੇ ਵੀ ਮਾਇਆ ਦੇ ਹੀ ਲੈਂਦਾ ਹੈ।ਉਨ੍ਹਾਂ ਮਾਇਆ ਦੀ ਤੁਲਨਾ ਇੱਕ ਅਜਿਹੀ ਦਲਦਲ ਨਾਲ ਕੀਤੀ, ਜਿੱਥੇ ਇਨਸਾਨ ਜਿੰਨੇ ਹੱਥ-ਪੈਰ ਮਾਰਦਾ ਹੈ, ਉਨਾ ਹੀ ਹੋਰ ਧਸਦਾ ਜਾਂਦਾ ਹੈ।ਅੱਜ ਸਮਾਂ ਹੈ ਕਿ ਅਸੀਂ 'ਮਾਇਆ ਦੇ ਕੀੜੇ' ਬਣਨ ਦੀ ਬਜਾਏ 'ਸੱਚ ਦੇ ਪਾਂਧੀ' ਬਣੀਏ। ਉਨ੍ਹਾ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਰਾਜਪਿਤਾ ਰਮਿਤ ਜੀ ਸਮੁੱਚੀ ਮਨੁੱਖਤਾ ਨੂੰ ਭਰਮਾਂ ਦੇ ਹਨੇਰੇ ਵਿੱਚੋਂ ਕੱਢ ਕੇ ਬ੍ਰਹਮ ਗਿਆਨ ਦੇ ਚਾਨਣ ਵੱਲ ਲੈ ਕੇ ਜਾ ਰਹੇ ਹਨ।ਉਹ ਦੁਨੀਆ ਦੇ ਕੋਨੇ-ਕੋਨੇ ਵਿੱਚ ਇਹ ਸੰਦੇਸ਼ ਪਹੁੰਚਾ ਰਹੇ ਹਨ ਤਾਂ ਜੋ ਮਨੁੱਖ ਜਨਮ-ਮਰਨ ਦੇ ਚੱਕਰ ਤੋਂ ਮੁਕਤੀ ਪ੍ਰਾਪਤ ਕਰ ਸਕੇ। ਸਮਾਗਮ ਦੀ ਸ਼ੁਰੂਆਤ ਵਿੱਚ ਜਗਤਾਰ ਸਿੰਘ (ਮੁਖੀ ਬਾਦਸ਼ਾਹਪੁਰ ਬਰਾਂਚ) ਤੇ ਰਮਨਪ੍ਰੀਤ ਸਿੰਘ (ਸੇਵਾਦਲ ਅਧਿਕਾਰੀ) ਨੇ ਭਾਈ ਗੁਰਦੇਵ ਸਿੰਘ ਜੀ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਉੱਘੇ ਕਵੀ ਬਚਿੱਤਰ ਸਿੰਘ ਪਾਰਸ, ਗਾਇਕ ਪੁਸ਼ਪਿੰਦਰ ਸਿੰਘ ਪੱਪੀ, ਲੱਖਣ ਪੱਪੀ, ਸਤਨਾਮ ਸਿੰਘ ਵਿਲੱਖਣ, ਵਿਜੇ ਵਰਮਾ (ਸੰਯੋਜਕ ਪਾਤੜਾ) ਤੇ ਭੀਮ ਸੈਨ (ਮੁੱਖੀ ਘੱਗਾ ਬਰਾਂਚ) ਸਮੇਤ ਕਈ ਮਹਾਂਪੁਰਸ਼ਾਂ ਨੇ ਆਪਣੇ ਗੀਤਾਂ, ਕਵਿਤਾਵਾਂ ਤੇ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਅੰਤ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

# ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ : ਰਾਜ ਸਿੰਘ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਡੀ ਜੀ ਪੀ ਮਾਨਯੋਗ ਸ੍ਰੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਤੇ ਐੱਸ ਐੱਸ ਪੀ ਅਜੈ ਗਾਂਧੀ ਤੇ ਡਿਪਟੀ ਅਨਵਰ ਅਲੀ ਦੀ ਰਹਿਨੁਮਾਈ ਹੇਠ ਨਿਹਾਲ ਸਿੰਘ ਵਾਲਾ ਦਾ ਚਾਰਜ ਸੰਭਾਲਣ ਸਮੇਂ ਐੱਸ ਐੱਚ ਓ ਰਾਜ ਸਿੰਘ ਨੇ ਕਿਹਾ ਕਿ ਉਨ੍ਹਾਂ ਵੱਲੋਂ ਸ਼ਰਾਰਤੀ ਅਨਸਰਾਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਇਸ ਮੌਕੇ ਐੱਸ ਐੱਚ ਓ ਰਾਜ ਸਿੰਘ



ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ਰਾਰਤੀ ਅਨਸਰਾਂ ਨੂੰ ਚਿਤਾਵਨੀ ਦਿੱਤੀ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ ਨਹੀਂ ਤਾਂ ਕਿਸੇ ਵੀ ਹਾਲਤ 'ਚ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਆਮ ਜਨਤਾ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਸਮੱਸਿਆ ਹੈ ਤਾਂ ਉਹ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ।

# ਗਗਨਦੀਪ ਕੌਰ ਦਾ ਪਾਇਲਟ ਬਣਨ 'ਤੇ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਸਨਮਾਨ

**ਲੌਂਗੋਵਾਲ (ਪ੍ਰਦੀਪ ਸੱਪਲ)** : ਸੰਗਰੂਰ ਜ਼ਿਲ੍ਹੇ ਦੇ ਪਿੰਡ ਕਿਲ੍ਹਾ ਭਰੀਆਂ ਦੀ ਪਾਇਲਟ ਬਣੀ ਗਗਨਦੀਪ ਕੌਰ ਦਾ ਪਿੰਡ ਪਹੁੰਚਣ 'ਤੇ ਜਿੱਥੇ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਤੇ ਸਨਮਾਨ ਕੀਤਾ ਗਿਆ, ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਵੀ ਵਿਸ਼ੇਸ਼ ਤੌਰ 'ਤੇ ਕਿਲ੍ਹਾ ਭਰੀਆਂ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸਿਰੋਪਾਓ ਦੀ ਬਖਸ਼ਿਸ਼ ਸਾਰੇ ਪਰਿਵਾਰ ਨੂੰ ਦੇ ਕੇ ਸਨਮਾਨਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਥ ਪ੍ਰਧਾਨ ਸਤਿਨਾਮ ਸਿੰਘ ਰੱਤੋਕੇ ਨੇ ਗਗਨਦੀਪ ਕੌਰ ਤੇ ਸਮੂਹ ਪਰਵਾਰ ਨੂੰ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ



ਲੜਕੀਆਂ ਨੂੰ ਸਪੋਰਟ ਕਰਨੀ ਚਾਹੀਦੀ ਹੈ, ਪੰਜਾਬ ਦੀਆਂ ਲੜਕੀਆਂ ਕਿਸੇ ਨਾਲੋਂ ਘੱਟ ਨਹੀਂ ਹਨ ਤੇ ਲੜਕੀਆਂ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ।ਇਸ ਤਰ੍ਹਾਂ ਪਿੰਡਾਂ ਵਿੱਚੋਂ ਆਮ ਪਰਿਵਾਰਾਂ ਵਿੱਚੋਂ ਉੱਠ ਕੇ ਵੱਡੇ-ਵੱਡੇ ਅਫਸਰ ਰੈਂਕ, ਖੇਡਾਂ, ਫੌਜ ਹੋਰ ਵੀ ਵੱਖ-ਵੱਖ ਅਦਾਰਿਆਂ ਵਿੱਚ ਜਾਣਾ ਵੱਡੀ ਗੱਲ ਹੈ।ਪਰਵਾਰ ਨੂੰ ਵਧਾਈ ਦਿੰਦਿਆਂ ਯੂਥ ਆਗੂ ਰੱਤੋਕੇ ਨੇ ਸਮੂਹ ਦੇਸ਼ ਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣ ਤਾਂ ਜੋ ਉਹ ਆਪਣੇ ਸੂਬੇ ਤੇ ਆਪਣੇ ਮਾਪਿਆਂ ਦਾ ਨਾਮ ਉੱਚਾ ਕਰ ਸਕਣ।ਇਸ ਮੌਕੇ ਕੋਮਲਪ੍ਰੀਤ ਸਿੰਘ ਧਨੌਲਾ, ਅਰਸ਼ਦੀਪ ਸਿੰਘ, ਸਪਿੰਦਰ ਸਿੰਘ, ਬਿੰਦਰ ਸਿੰਘ, ਗਾਗ, ਲਵੀ (ਸਾਰੇ ਕਿਲ੍ਹਾ ਭਰੀਆਂ), ਸ਼ਾਹਬਾਜ ਸਿੰਘ ਲੌਂਗੋਵਾਲ, ਨਵਦੀਪ ਸਿੰਘ ਲੌਂਗੋਵਾਲ ਆਦਿ ਯੂਥ ਆਗੂ ਹਾਜ਼ਰ ਸਨ।

# ਦਲਿਤ ਖੁਦਕੁਸ਼ੀਆਂ ਸੰਬੰਧੀ ਜਾਗਰੂਕਤਾ ਸੈਮੀਨਾਰ ਨੇ ਧਾਰਿਆ ਰੈਲੀ ਦਾ ਰੂਪ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਬੀਤੀ ਦਿਨ ਸਥਾਨਕ ਦੀਪ ਹਸਪਤਾਲ ਵਿਖੇ ਹੋਇਆ ਦਲਿਤ ਖੁਦਕੁਸ਼ੀਆਂ ਬਾਰੇ ਸੈਮੀਨਾਰ ਅਤਿਅੰਤ ਸਫ਼ਲ ਹੋ ਨਿੱਬੜਿਆ, ਜਦੋਂ ਪ੍ਰਬੰਧਕਾਂ ਵੱਲੋਂ ਕੀਤੇ ਪ੍ਰਬੰਧ ਵੀ ਛੋਟੇ ਪੈ ਗਏ।500 ਦੇ ਕਰੀਬ ਆਏ ਜਗਿਆਸੂ ਵੀਰਾਂ/ਭੈਣਾਂ ਨੇ ਸੈਮੀਨਾਰ ਨੂੰ ਰੈਲੀ ਦੇ ਰੂਪ ਵਿੱਚ ਬਦਲ ਦਿੱਤਾ।ਸੈਮੀਨਾਰ ਦੀ ਸ਼ੁਰੂਆਤ ਸ਼ਹੀਦੇ-ਆਜ਼ਮ ਭਗਤ ਸਿੰਘ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ ਸਰੂਪਾਂ ਨੂੰ ਫੁੱਲ ਅਰਪਿਤ ਕਰਕੇ ਕੀਤੀ ਗਈ।ਇਸ ਉਪਰੰਤ ਪੰਜਾਬ ਦੇ ਕੋਨੇ-ਕੋਨੇ ਤੋਂ ਆਏ ਪ੍ਰਮੁੱਖ ਬੁਲਾਰਿਆਂ ਤੇ ਪਤਵੰਤੇ ਸੱਜਣਾਂ ਨੇ ਡਾਕਟਰ ਹਰਗੁਰਪ੍ਰਤਾਪ ਸਿੰਘ ਦੀ ਦਲਿਤ ਖੁਦਕੁਸ਼ੀਆਂ ਉੱਪਰ ਲਿਖੀ ਪੁਸਤਕ ਦਾ ਲੋਕ ਅਰਪਣ ਕੀਤਾ।ਸਮਾਗਮ ਵਿੱਚ ਆਏ ਸਾਰੇ ਵੀਰਾਂ/ਭੈਣਾਂ ਨੂੰ ਦਲਿਤ ਖੁਦਕੁਸ਼ੀਆਂ ਸਬੰਧੀ ਕਿਤਾਬ ਦੀ ਇੱਕ-ਇੱਕ ਕਾਪੀ ਮੁਫ਼ਤ ਭੇਟਾ ਕੀਤੀ ਗਈ। ਸ੍ਰੀ ਦੀਪ ਸ਼ੇਰਗਿੱਲ ਗਿੱਦੜਬਾਹਾ, ਮੰਗਾ ਸਿੰਘ ਵੈਰੋਕੇ, ਬਲਰਾਜ ਮੌੜ, ਮੁਕਤਸਰ ਨੇ ਵਿਸਥਾਰ ਰੂਪ ਵਿੱਚ ਖੁਦਕੁਸ਼ੀਆਂ ਸੰਬੰਧੀ ਤੱਥਾਂ ਨੂੰ ਲੋਕ ਕਚਹਿਰੀ ਵਿਚ ਰੱਖਿਆ।ਉਨ੍ਹਾਂ ਇਸ ਮੌਕੇ ਸਮਾਗਮ ਦੇ



ਮੁੱਖ ਮਹਿਮਾਨ ਸ੍ਰੀ ਮਨਜੀਤ ਸਿੰਘ ਤੇ ਸ਼੍ਰੀਮਤੀ ਜਸਜੀਤ ਕੌਰ ਦੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਦਲਿਤਾਂ ਦੇ ਮਸਲਿਆਂ ਉੱਪਰ ਖੋਜ ਕਰਨ ਵਾਲੇ ਪੁੱਤਰ (ਡਾ. ਦੀਪ) ਨੂੰ ਜਨਮ ਦਿੱਤਾ ਹੈ।ਪ੍ਰਸਿੱਧ ਵਿਦਵਾਨ ਸ੍ਰੀ ਨਰਿੰਦਰ ਬੋਹਾ ਮਾਨਸਾ ਤੇ ਗੁਰਮੀਤ ਕੜਿਆਲਵੀ ਮੋਗਾ ਨੇ ਆਪਣੇ ਭਾਸ਼ਣ ਰਾਹੀਂ ਆਈਆਂ ਹੋਈਆਂ ਸਮੁੱਚੀਆਂ ਸੰਗਤਾਂ ਨੂੰ ਕੀਲ ਕੇ ਰੱਖ ਦਿੱਤਾ ਅਤੇ ਪੰਡਾਲ ਅੰਤ ਤੱਕ ਖਚਾਖਚ ਭਰਿਆ ਰਿਹਾ।ਸਮਾਗਮ ਦੇ ਅੰਤ ਵਿੱਚ ਸਰਕਾਰ ਤੋਂ ਦਲਿਤ ਖੁਦਕੁਸ਼ੀਆਂ ਸੰਬੰਧੀ ਮੰਗ ਕਰਦੇ ਚਾਰ ਮਤੇ ਪੇਸ਼ ਕੀਤੇ ਗਏ, ਜੋ ਕਿ ਸਰਬ ਸੰਮਤੀ ਨਾਲ ਸੰਗਤ ਨੇ ਪਾਸ ਕੀਤੇ।ਇਨ੍ਹਾਂ ਮਤਿਆਂ ਦੀ ਇਕ ਕਾਪੀ ਇਲਾਕੇ ਦੇ ਐੱਮ.ਐੱਲ.ਏ. ਸ੍ਰ. ਮਨਜੀਤ ਸਿੰਘ ਬਿਲਾਸਪੁਰ ਨੂੰ ਭੇਟ ਕੀਤੀ ਗਈ, ਜਿਨ੍ਹਾਂ ਨੇ ਮਤਿਆਂ ਸਬੰਧੀ ਹਾਂ-ਪੱਖੀ ਹੁੰਗਾਰਾ ਭਰਿਆ ਤੇ ਜਨਤਾ ਦੀ ਆਵਾਜ਼ ਨੂੰ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਦਾ ਵਾਅਦਾ ਕੀਤਾ। ਅੰਤ ਵਿੱਚ ਡਾਕਟਰ ਹਰਗੁਰਪ੍ਰਤਾਪ ਸਿੰਘ ਨੇ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ।ਤਰਸੇਮ ਗੋਪੀਕਾ, ਸੁਖਦੇਵ ਲੱਧੜ, ਪ੍ਰਗਟ ਸਿੰਘ ਸਮਾਧ ਭਾਈ ਦੀ ਟੀਮ ਵੱਲੋਂ ਆਏ ਹੋਏ ਮਹਿਮਾਨਾਂ ਤੇ ਪਤਵੰਤੇ ਸੱਜਣਾਂ ਦਾ ਸਿਰਪਾਉ ਪਾ ਕੇ ਸਨਮਾਨ ਕੀਤਾ ਗਿਆ।ਉਤਸ਼ਾਹ ਨਾਲ ਭਰੇ ਹੋਏ ਸਾਥੀਆਂ ਨੇ ਦਲਿਤ ਤੇ ਮਜ਼ਦੂਰ ਹੱਕਾਂ ਲਈ ਪੰਜਾਬ ਦੇ ਕੋਨੇ-ਕੋਨੇ ਵਿੱਚ ਸੈਮੀਨਾਰ ਕਰਨ ਦੇ ਪ੍ਰਣ ਕੀਤੇ।

# ਸਹਾਰਾ ਸਮਾਜ ਸੇਵਾ ਵੱਲੋਂ ਸਹਾਰਾ ਧਾਮ ਦੀ ਸ਼ੁਰੂਆਤ : ਸੰਦੀਪ ਵਰਮਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸਹਾਰਾ ਸਮਾਜ ਸੇਵਾ ਰਾਮਪੁਰਾ ਫੂਲ ਦੇ ਪ੍ਰਧਾਨ ਸੰਦੀਪ ਵਰਮਾ ਨੇ ਕਿਹਾ ਕਿ ਮਾਨਵਤਾ ਦੀ ਸੇਵਾ ਤੋਂ ਵੱਡਾ ਕੋਈ ਧਰਮ ਨਹੀਂ ਹੁੰਦਾ ਤੇ ਇਹੀ ਸੋਚ ਨਾਲ ਉਨ੍ਹਾਂ ਦੀ ਟੀਮ ਪਿਛਲੇ ਲੰਬੇ



ਸਮੇਂ ਤੋਂ ਸੜਕ ਹਾਦਸਿਆਂ ਵਿੱਚ ਜ਼ਖਮੀ ਹੋਏ ਲੋਕਾਂ ਦੀ ਮਦਦ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ 'ਐਂਬੂਲੈਂਸ' ਰਾਹੀਂ ਜਿੱਥੇ ਵੀ ਐਕਸੀਡੈਂਟ ਦੀ ਸੂਚਨਾ ਮਿਲਦੀ ਹੈ, ਉਨ੍ਹਾਂ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚ ਕੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਉਂਦੀ ਹੈ, ਪਹਿਲਾਂ ਮਕਸਦ ਬੇ-ਸਹਾਰੇ ਵਿਅਕਤੀਆਂ ਤੇ ਲਵਾਰਿਸ ਲਾਸ਼ਾਂ ਦੀ ਪਹਿਚਾਣ ਕਰਵਾਉਣਾ, ਵਿਅਕਤੀਆਂ ਦੀ ਸ਼ਨਾਖਤ ਨਾ ਹੋਣ 'ਤੇ ਆਸ਼ਰਮ ਵਿੱਚ ਭੇਜਣਾ ਤੇ ਲਵਾਰਿਸ ਲਾਸ਼ਾਂ ਦਾ ਅੰਤਿਮ ਸੰਸਕਾਰ ਕਰਨਾ ਅਤੇ ਲੋੜ ਪੈਣ 'ਤੇ ਖੂਨ ਦਾਨ ਕੈਂਪ ਅਤੇ ਹੋਰ ਸਹਾਇਤਾ ਵੀ ਮੁਹੱਈਆ ਕਰਵਾਈ ਜਾਂਦੀ ਹੈ। ਸੰਦੀਪ ਵਰਮਾ ਨੇ ਦੱਸਿਆ ਕਿ ਕਿ ਸਹਾਰਾ ਸਮਾਜ ਸੇਵਾ ਵੱਲੋਂ ਬੇਸਹਾਰਾ ਤੇ ਲੋੜਵੰਦ ਲੋਕਾਂ ਲਈ ਇੱਕ ਬੇ-ਸਹਾਰਿਆਂ ਦਾ ਘਰ ਤਿਆਰ ਕੀਤਾ ਜਾ ਰਿਹਾ ਹੈ, ਤਾਂ ਜੋ ਜਿਨ੍ਹਾਂ ਕੋਲ ਰਹਿਣ ਲਈ ਥਾਂ ਨਹੀਂ, ਉਨ੍ਹਾਂ ਨੂੰ ਸੁਰੱਖਿਅਤ ਛੱਤ ਮੁਹੱਈਆ ਕਰਵਾਈ ਜਾ ਸਕੇ।ਇਸ ਉਪਰਾਲੇ ਲਈ ਉਨ੍ਹਾਂ ਨੇ ਦਾਨੀ ਸੱਜਣਾਂ ਨੂੰ ਖੁੱਲ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ, ਤਾਂ ਜੋ ਇਹ ਸੇਵਾ ਕਾਰਜ ਹੋਰ ਵਿਸਥਾਰ ਲੈ ਸਕੇ।ਇਸ ਮੌਕੇ ਸਹਾਰਾ ਦੇ ਮੀਤ ਪ੍ਰਧਾਨ ਸੁਖਦੇਵ ਸਿੰਘ ਕਾਲਾ, ਮਨੋਜ ਕੁਮਾਰ ਖਜ਼ਾਨਚੀ, ਕੇਵਲ ਸਿੰਘ ਸੈਕਟਰੀ, ਅਕਾਸ਼ ਕੌਸ਼ਲ ਕਨੂੰਨੀ ਸਲਾਹਕਾਰ, ਰਜਨੀਸ਼ ਕਰਕਰਾ ਸਹਾਇਕ ਪ੍ਰੈੱਸ ਸਕੱਤਰ, ਜਸਪਾਲ ਸਿੰਘ ਹੈਪੀ ਸਲਾਹਕਾਰ, ਮੈਂਬਰ ਗੁਰਤੇਜ ਸਿੰਘ ਕਾਲਾ, ਪ੍ਰਦੀਪ ਕੁਮਾਰ, ਜਗਤਾਰ ਸਿੰਘ ਤਾਰੀ, ਵਰਿੰਦਰ ਸਿੰਘ ਬਿੰਦਰ, ਹਰਜੀਵਨ ਸਿੰਘ ਖਾਲਸਾ, ਸੁਖਚੈਨ ਸਿੰਘ ਸੁੱਖਾ, ਗਗਨਦੀਪ ਸਿੰਘ, ਅਜੀਤ ਅੱਗਰਵਾਲ ਆਦਿ ਹਾਜ਼ਰ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਭਾਗੀਕੇ 'ਚ ਗ੍ਰੈਜੂਏਸ਼ਨ ਸਮਾਰੋਹ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਸਿੱਖਿਆ ਵਿਭਾਗ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਤੇ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਮੰਜੂ ਭਾਰਦਵਾਜ ਦੀ ਰੇਖ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਭਾਗੀਕੇ 'ਚ ਮਾਪੇ



ਆਧਿਆਪਕ ਮਿਲਣੀ, ਸਾਲਾਨਾ ਨਤੀਜਾ ਘੋਸ਼ਣਾ, ਐੱਫ. ਐੱਲ. ਐੱਨ. ਮੇਲਾ ਤੇ ਗ੍ਰੈਜੂਏਸ਼ਨ ਸਮਾਰੋਹ ਬੜੇ ਉਤਸ਼ਾਹ ਤੇ ਸਫਲਤਾਪੂਰਵਕ ਢੰਗ ਨਾਲ ਆਯੋਜਿਤ ਕੀਤਾ ਗਿਆ। ਸਕੂਲ ਮੁਖੀ ਸ੍ਰੀਮਤੀ ਅਮਰਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਪਿਆਂ ਦੀ ਸਰਗਰਮ ਭਾਗੀਦਾਰੀ ਸਕੂਲ ਦੀ ਤਰੱਕੀ ਤੇ ਬੱਚਿਆਂ ਦੇ ਚੰਗੇ ਭਵਿੱਖ ਦੀ ਮਜ਼ਬੂਤ ਬੁਨਿਆਦ ਹੈ। ਉਨ੍ਹਾਂ ਸਾਰੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਸਮਾਗਮ ਵਿੱਚ ਮਾਪਿਆਂ ਦੀ ਭਰਪੂਰ ਹਾਜ਼ਰੀ ਨੇ ਸਕੂਲ ਤੇ ਘਰ ਦੇ ਮਜ਼ਬੂਤ ਤਾਲਮੇਲ ਦੀ ਸੁੰਦਰ ਝਲਕ ਪੇਸ਼ ਕੀਤੀ। ਸਮਾਗਮ ਦੌਰਾਨ ਵਿਦਿਆਰਥੀਆਂ ਦੇ ਸਾਲਾਨਾ ਨਤੀਜੇ ਘੋਸ਼ਿਤ ਕੀਤੇ ਗਏ ਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਇਸ ਦੇ ਨਾਲ ਹੀ ਪ੍ਰੀ ਪ੍ਰਾਇਮਰੀ ਤੋਂ ਪ੍ਰਾਇਮਰੀ ਕਲਾਸਾਂ ਤੱਕ ਦੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੂੰ ਵਿਸ਼ੇਸ਼ ਸਨਮਾਨਤ ਕੀਤਾ ਗਿਆ। ਐੱਸ ਐੱਮ ਸੀ ਚੇਅਰਮੈਨ ਸ੍ਰੀਮਤੀ ਕੁਲਵਿੰਦਰ ਕੌਰ ਨੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਦੀ ਪੜ੍ਹਾਈ ਤੇ ਸਿਹਤ ਪ੍ਰਤੀ ਹੋਰ ਜ਼ਿੰਮੇਵਾਰ ਬਣਨ ਤੇ ਸਕੂਲ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭਾਗ ਲੈਣ। ਇਸ ਮੌਕੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲ ਭਾਗੀਕੇ ਦਾ ਸਟਾਫ ਹਾਜ਼ਰ ਸੀ।

# ਕਾਊਂਟ ਸੀਜ਼ਰ ਮੈਟੀ ਦੀ ਬਰਸੀ ਨੂੰ ਸਮਰਪਤ ਵਿਸ਼ਾਲ ਖੂਨਦਾਨ ਕੈਂਪ

**ਮੋਗਾ (ਇਕਬਾਲ ਸਿੰਘ ਖਹਿਰਾ)**- ਕਾਊਂਟ ਸੀਜ਼ਰ ਮੈਟੀ ਜੀ ਦੀ 130ਵੀਂ ਬਰਸੀ ਨੂੰ ਸਮਰਪਤ ਇਲੈਕਟ੍ਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਵੱਲੋਂ ਮੋਗਾ ਦੇ ਲਾਈਫ ਕੇਅਰ ਇਲੈਕਟ੍ਰੋਹੋਮਿਓਪੈਥਿਕ ਸੈਂਟਰ ਵਿਖੇ ਅੱਠਵਾਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਆਰੰਭ ਕਾਊਂਟ ਸੀਜ਼ਰ ਮੈਰਿਟ ਜੀ ਦੀ ਪ੍ਰਤਿਮਾ 'ਤੇ ਸ਼ਮ੍ਹਾਂ ਰੌਸ਼ਨ ਕਰਕੇ ਐਸੋਸੀਏਸ਼ਨ ਦੇ ਪ੍ਰਧਾਨ ਡਾ. ਸੰਤੋਖ ਸਿੰਘ ਜੋਸ਼ਨ ਤਰਨ ਤਾਰਨ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ, ਆਫਿਸ ਸਕੱਤਰ ਡਾ. ਕਮਲਜੀਤ ਕੌਰ ਸੇਖੋਂ, ਡਾ. ਪਰਮਿੰਦਰ ਕੁਮਾਰ ਪਾਠਕ ਜਨਰਲ ਸੈਕਟਰੀ, ਡਾ. ਜਗਜੀਤ ਸਿੰਘ ਗਿੱਲ, ਡਾ. ਅਵਤਾਰ ਸਿੰਘ ਦੇਵਗਨ ਪ੍ਰੈੱਸ ਸੈਕਟਰੀ, ਡਾ. ਸ਼ਿੰਦਰ ਸਿੰਘ ਕਲੇਰ, ਡਾ. ਜਗਮੋਹਨ ਸਿੰਘ ਧੂੜਕੋਟ, ਡਾ. ਜਸਵਿੰਦਰ ਸਿੰਘ ਸਮਾਧ ਭਾਈ ਕੋਰ ਕਮੇਟੀ, ਡਾ. ਸ਼ਮਸ਼ੇਰ ਸਿੰਘ ਸਿੱਧੂ ਖਜ਼ਾਨਚੀ, ਡਾ. ਸੁਰੇਸ਼ ਸ਼ਰਮਾ ਸਹਾਇਕ ਖਜ਼ਾਨਚੀ, ਡਾ. ਵਰਿੰਦਰ ਸਿੰਘ, ਡਾ. ਜਸਵੀਰ ਸ਼ਰਮਾ ਤੇ ਡਾ. ਰਾਜਵੀਰ ਸ਼ਰਮਾ ਮੌਜੂਦ ਸਨ।ਇਸ ਮੌਕੇ ਐਸੋਸੀਏਸ਼ਨ ਵੱਲੋਂ ਜਿੱਥੇ ਖੂਨ ਦਾਨ ਕਰਨ ਵਾਲਿਆਂ ਨੂੰ ਪ੍ਰਮਾਨ ਪੱਤਰ ਦਿੱਤੇ ਗਏ, ਉੱਥੇ ਹੀ ਖੂਨਦਾਨੀਆਂ ਨੂੰ ਫਲ ਤੇ ਜੂਸ ਮੁਹੱਈਆ ਕਰਵਾਇਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ



ਕਰਦਿਆਂ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਨੇ ਕਿਹਾ ਕਿ ਇਲੈਕਟਰੋ ਹੋਮਿਓਪੈਥਿਕ ਦੇ ਜਨਮਦਾਤਾ ਕਾਊਂਟ ਸੀਜ਼ਰ ਮੈਟਰੀ ਦੀ 130ਵੀਂ ਬਰਸੀ ਨੂੰ ਸਮਰਪਤ ਅੱਜ ਲਾਈਵ ਕੇਅਰ ਸੈਂਟਰ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਉਦੇਸ਼ ਸਮਾਜ ਦੇ ਬਹੁਤ ਸਾਰੇ ਇਹੋ ਜਿਹੇ ਮਰੀਜ਼, ਜਿਨ੍ਹਾਂ ਨੂੰ ਖੂਨ ਦੀ ਬਹੁਤ ਜ਼ਰੂਰਤ ਰਹਿੰਦੀ ਹੈ, ਜਿਨ੍ਹਾਂ ਵਿੱਚ ਸਰਕਾਰੀ ਹਸਪਤਾਲ ਦੇ ਵਿੱਚ ਦਾਖਲ ਥੈਲੇਸੀਮੀਆਂ ਦੇ ਮਰੀਜ਼, ਗਰਭਵਤੀ ਔਰਤਾਂ ਤੇ ਰੋਡ ਐਕਸੀਡੈਂਟ ਵਿੱਚ ਜ਼ਖਮੀ ਹੋਏ ਲੋਕਾਂ ਨੂੰ ਸਮੇਂ ਸਿਰ ਬਲੱਡ ਬੈਂਕ ਵਿੱਚੋਂ ਖੂਨ ਮਿਲ ਸਕੇ ਅਤੇ ਉਨ੍ਹਾਂ ਦੀ ਜਾਨ ਬਚਾਈ ਜਾ ਸਕੇ।

● ਕੈਂਪ ਦੌਰਾਨ 158 ਖੂਨਦਾਨੀਆਂ ਨੇ ਕੀਤਾ ਖੂਨਦਾਨ

ਉਨ੍ਹਾਂ ਕਿਹਾ ਕਿ ਇਲੈਕਟਰੋ ਹੋਮਿਓਪੈਥੀ ਦੇ ਜਨਮਦਾਤਾ ਨੇ ਜੜ੍ਹੀਆਂ ਬੂਟੀਆਂ ਦੇ ਅਰਕ 'ਤੇ ਅਧਾਰਤ ਇੱਕ ਅਜਿਹੀ ਪੈਥੀ ਦੀ ਖੋਜ ਕੀਤੀ ਤੇ ਉਨ੍ਹਾਂ ਵੱਲੋਂ ਕੈਮੀਕਲ ਤੇ ਜ਼ਹਿਰ ਰਹਿਤ ਦਵਾਈਆਂ ਬਣਾਈਆਂ ਗਈਆਂ, ਜੋ ਮਨੁੱਖੀ ਸਰੀਰ ਲਈ ਅਤਿਅੰਤ ਫਾਇਦੇਮੰਦ ਹਨ ਤੇ ਇਲੈਕਟਰੋ ਹੋਮਿਓ ਪੈਥਿਕ ਦਵਾਈਆਂ ਦਾ ਸਰੀਰ 'ਤੇ ਵੀ ਕੋਈ ਦੁਸ਼ ਪ੍ਰਭਾਵ ਨਹੀਂ ਪੈਂਦਾ ਅਤੇ ਇਨ੍ਹਾਂ ਦਵਾਈਆਂ ਨਾਲ ਹੁਣ ਲਾ- ਇਲਾਜ ਬਿਮਾਰੀਆਂ ਦਾ ਵੀ ਇਲਾਜ ਕੀਤਾ ਜਾਂਦਾ ਹੈ।ਇਸ ਮੌਕੇ ਬਲੱਡ ਟ੍ਰਾਂਸਮਿਸ਼ਨ ਅਫਸਰ ਸਿਵਲ ਹਸਪਤਾਲ ਮੋਗਾ ਡਾ. ਅਕਾਂਕਸ਼ਾ ਸ਼ਰਮਾ ਨੇ ਕਿਹਾ ਕਿ ਇਲੈਕਟਰੋ ਹੋਮਿਓਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਵੱਲੋਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਸਿਵਲ ਹਸਪਤਾਲ ਦੀ ਟੀਮ ਵੱਲੋਂ 158 ਦੇ ਕਰੀਬ ਡਾਕਟਰਾਂ ਤੇ ਸ਼ਹਿਰ ਵਾਸੀਆਂ ਵੱਲੋਂ ਦਿੱਤੇ ਖੂਨ ਨੂੰ ਇਕੱਤਰ ਕੀਤਾ ਗਿਆ।ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਵਿਅਕਤੀ ਨੂੰ ਖੂਨ ਦਾਨ ਕਰਨਾ ਚਾਹੀਦਾ ਹੈ, ਜਿਸ ਨਾਲ ਉਸ ਸ਼ਰੀਰ ਨਵਾਂ ਖੂਨ ਬਣਾਉਂਦਾ ਹੈ ਤੇ ਉਹ ਵਿਅਕਤੀ ਨਿਰੋਗ ਵੀ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਤੁਹਾਡੇ ਵੱਲੋਂ ਦਿੱਤਾ ਖੂਨ ਕਿਸੇ ਵਿਅਕਤੀ ਦੀ ਬੁਝ ਰਹੀ ਜੀਵਨ ਜੋਤ ਨੂੰ ਰੌਸ਼ਨ ਕਰ ਸਕਦਾ ਹੈ।ਕੈਂਪ ਦੇ ਅਖੀਰ ਵਿੱਚ ਪ੍ਰੈੱਸ ਸਕੱਤਰ ਡਾਕਟਰ ਅਵਤਾਰ ਸਿੰਘ ਦੇਵਗਨ ਨੇ ਸਮੁੱਚੇ ਖੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਲੈਕਟਰੋ ਹੋਮਿਓਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਵੱਲੋਂ ਸਮੇਂ ਸਮੇਂ 'ਤੇ ਸਮਾਜ ਸੇਵਾ ਦੇ ਕਾਰਜ ਕੀਤੇ ਜਾਂਦੇ ਹਨ।

# ਡੀ ਸੀ ਦਫ਼ਤਰ ਕਾਮਿਆਂ ਵੱਲੋਂ ਸ਼ਹਿਰ 'ਚ ਮੋਟਰਸਾਈਕਲ ਮਾਰਚ

## ਸਰਕਾਰ ਦਾ ਪਿੱਟ-ਸਿਆਪਾ ਕਰਕੇ ਐੱਸ ਐੱਚ ਓ ਖਿਲਾਫ਼ ਕਾਰਵਾਈ ਦੀ ਮੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪੰਜਾਬ ਰਾਜ ਜ਼ਿਲ੍ਹਾ ਡੀ. ਸੀ. ਦਫ਼ਤਰ ਕਰਮਚਾਰੀ ਯੂਨੀਅਨ ਵੱਲੋਂ ਐੱਸ.ਐੱਚ.ਓ. ਜੰਡਿਆਲਾ ਗੁਰੂ ਦੇ ਖਿਲਾਫ਼ ਕਾਰਵਾਈ ਦੀ ਮੰਗ ਨੂੰ ਲੈ ਕੇ ਜਥੇਬੰਦੀ ਦੀ ਸੂਬਾ ਬਾਡੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਡੀ. ਸੀ. ਦਫ਼ਤਰ ਕਰਮਚਾਰੀ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਕਰਮਚਾਰੀਆਂ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਤੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਦੀ ਅਗਵਾਈ



ਹੇਠ ਮੋਟਰਸਾਈਕਲ ਰੈਲੀ ਕੱਢਦੇ ਹੋਏ ਸਰਕਾਰ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀਂ ਐੱਸ.ਐੱਚ.ਓ. ਜੰਡਿਆਲਾ ਗੁਰੂ ਵੱਲੋਂ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਨੂੰ ਗੈਰ-ਮਨੁੱਖੀ ਢੰਗ ਨਾਲ ਗ੍ਰਿਫਤਾਰ ਕਰਕੇ ਧਾਰਮਿਕ ਕਕਾਰਾਂ ਦੀ ਬੇਅਦਬੀ ਕਰਨ ਕਾਰਨ ਐੱਸ.ਐੱਚ.ਓ. ਖਿਲਾਫ਼ ਕਾਰਵਾਈ ਦੀ ਮੰਗ ਨੂੰ ਲੈ ਕੇ ਅੱਜ ਸੂਬੇ ਭਰ ਵਿੱਚ ਪੰਜਾਬ ਸਰਕਾਰ ਤੇ ਐੱਸ.ਐੱਚ.ਓ. ਜੰਡਿਆਲਾ ਗੁਰੂ ਖਿਲਾਫ਼ ਮੋਟਰਸਾਈਕਲ ਮਾਰਚ ਕਰਕੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ।ਕਰਮਚਾਰੀਆਂ ਵੱਲੋਂ ਮੋਟਰਸਾਈਕਲ ਰੈਲੀ ਡੀ. ਸੀ. ਦਫ਼ਤਰ ਤੋਂ ਸ਼ੁਰੂ ਕਰਕੇ ਚੱਕ ਬੀੜ ਸਰਕਾਰ, ਕੋਟਕਪੂਰਾ ਚੌਕ, ਬਠਿੰਡਾ ਰੋਡ ਆਦਿ ਤੋਂ ਹੁੰਦਾ ਹੋਇਆ ਵਾਪਸ ਡੀ. ਸੀ. ਦਫ਼ਤਰ ਵਿਖੇ ਸਮਾਪਤ ਹੋਇਆ।ਆਗੂਆਂ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਮੋਟਰਸਾਈਕਲ ਰੈਲੀ ਕੱਢੀ ਗਈ, ਜਦਕਿ 2 ਅਪ੍ਰੈਲ (ਵੀਰਵਾਰ) ਨੂੰ ਨਰੇਸ਼ ਕੁਮਾਰ, ਮਲੂਕ ਸਿੰਘ ਦੀ ਗੁੰਡਾਗਰਦੀ ਵਿਰੁੱਧ ਦਫ਼ਤਰ ਐੱਸ ਐੱਸ ਪੀ ਦਿਹਾਤੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਮੁੜ ਘਿਰਾਓ ਕਰਕੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ 7 ਅਪ੍ਰੈਲ (ਮੰਗਲਵਾਰ) ਨੂੰ ਵਿਧਾਨ ਸਭਾ ਹਲਕਾ, ਜੰਡਿਆਲਾ ਗੁਰੂ ਦੇ ਹਲਕਾ ਵਿਧਾਇਕ ਦੇ ਘਰ/ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ, ਕਿਉਂਕਿ ਥਾਣਾ ਜੰਡਿਆਲਾ ਗੁਰੂ, ਇਸੇ ਵਿਧਾਨ ਸਭਾ ਹਲਕੇ ਵਿੱਚ ਪੈਂਦਾ ਹੈ ਤੇ ਹਲਕਾ ਵਿਧਾਇਕ ਦਾ ਥਾਣੇ ਦੀ ਪੁਲਸ ਤੇ ਕੋਈ ਕੰਟਰੋਲ ਨਹੀਂ ਹੈ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਦੋਸ਼ੀ ਐੱਸ.ਐੱਚ.ਓ. ਖਿਲਾਫ਼ ਕਾਰਵਾਈ ਨਾ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਕੁਮਾਰ ਪੀ.ਏ., ਗੁਰਮੀਤ ਪਾਲ ਰੀਡਰ, ਹਰਬੰਸ ਸਿੰਘ, ਓਮਪਾਲ, ਜਗਪ੍ਰੀਤ ਸਟੈਨੋ, ਖੁਸ਼ਕਰਨਜੀਤ ਪ੍ਰਧਾਨ ਪੀ.ਐੱਸ.ਐੱਮ.ਐੱਸ.ਯੂ. ਸ੍ਰੀ ਮੁਕਤਸਰ ਸਾਹਿਬ, ਜਸਵੀਰ ਕੌਰ, ਸੁਖਪਾਲ ਕੌਰ, ਰਜਨੀ ਬਾਲਾ, ਕਮਲਦੀਪ ਕੌਰ, ਅਮੀਸ਼ਾ ਆਦਿ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।

# ਬਾਦਲ ਪਰਵਾਰ ਨੇ ਬੇਅਦਬੀ ਦੇ ਦੋਸ਼ੀਆਂ ਦੀ ਖੁੱਲੇਆਮ ਪੁਸ਼ਤਪਨਾਹੀ ਕੀਤੀ : ਗਿਆਨੀ ਹਰਪ੍ਰੀਤ ਸਿੰਘ

**ਸੰਗਰੂਰ (ਪ੍ਰਵੀਨ ਸਿੰਘ)** : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਇਨਸਾਫ਼ ਨਾ ਮਿਲਣ ਕਰਕੇ ਸਿੱਖ ਜਗਤ ਅੰਦਰ ਅਜੇ ਵੀ ਰੋਹ ਜਿਉਂ ਦਾ ਤਿਉਂ ਹੈ।ਸਮੇਂ ਸਮੇਂ ਬਣੀਆਂ ਸਰਕਾਰਾਂ ਨੇ ਬੇਅਦਬੀ ਮਾਮਲਿਆਂ ਨੂੰ ਗੰਭੀਰਤਾ ਨਾਲ ਨਹੀਂ ਲਿਆ। ਸੰਗਤ ਅੰਦਰ ਇਹ ਰੋਹ ਵੀ ਕਾਇਮ ਹੈ ਕਿ ਬਾਦਲ ਪਰਵਾਰ ਨੇ ਸਰਕਾਰ ਹੁੰਦਿਆਂ ਬੇਅਦਬੀ ਦੇ ਦੋਸ਼ੀਆਂ ਦੀ ਖੁੱਲੇਆਮ ਪੁਸ਼ਤਪਨਾਹੀ ਕੀਤੀ। ਉਨ੍ਹਾਂ ਇਹ ਦੋਸ਼ ਵੀ ਲਾਏ ਕਿ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਨੂੰ ਲਮਕਾਉਣ ਵਿੱਚ ਵੀ ਬਾਦਲ ਪਰਿਵਾਰ ਦੀ ਵੱਡੀ ਭੂਮਿਕਾ ਹੈ।ਉਨ੍ਹਾਂ ਸਰਕਾਰਾਂ ਨੂੰ ਸਿੱਖ ਵਿਚਾਰਧਾਰਾ ਦੀਆਂ ਵਿਰੋਧੀ ਦੱਸਦਿਆਂ ਕਿਹਾ ਕਿ ਸਿੱਖ ਵਿਰੋਧੀ ਸ਼ਕਤੀਆਂ ਪੂਰੀਆਂ ਸਰਗਰਮ ਹਨ। ਉਹ ਇਥੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਜਥੇਬੰਦੀ ਵੱਲੋਂ ਡਿਪਟੀ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਦਿੱਤੇ ਵਿਸ਼ਾਲ ਰੋਸ ਧਰਨੇ ਨੂੰ ਸੰਬੋਧਨ ਕਰ ਰਹੇ ਸਨ ਇਹ ਧਰਨਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਖਿਲਾਫ ਸਖ਼ਤ ਸਜ਼ਾਵਾਂ ਦੇਣ ਵਾਲਾ ਕਾਨੂੰਨ ਬਣਾਉਣ ਤੇ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਤੁਰੰਤ ਕਰਵਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਟਾਵਰ ਮੋਰਚੇ ਦੀ ਹਮਾਇਤ ਵਿੱਚ ਦਿੱਤਾ ਗਿਆ। ਧਰਨੇ ਨੂੰ ਗੁਰਬਾਣੀ ਰਾਹੀਂ ਹਵਾਲੇ ਦਿੰਦਿਆਂ ਕਿਹਾ ਕਿ ਸਿੱਖੀ ਸਿਧਾਂਤਾਂ ਤੇ ਅਕਾਲੀ ਰਵਾਇਤਾਂ ਨੂੰ ਤਿਲਾਂਜਲੀ



ਦੇਣ ਵਾਲਿਆਂ ਨੂੰ ਸਿਆਸਤ ਤੋਂ ਵੱਖ ਕਰਨ ਦਾ ਸਮਾਂ ਆ ਗਿਆ ਹੈ। ਉਨ੍ਹਾਂ ਨਸ਼ਿਆਂ ਦੀਆਂ ਤਾਜ਼ਾ ਤਰੀਨ ਰਿਪੋਰਟਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰਾਂ ਫੇਲ੍ਹ ਸਾਬਿਤ ਹੋਈਆਂ ਹਨ। ਸਿਤਮ ਦੀ ਗੱਲ ਹੈ ਕਿ ਗੁਰੂਆਂ, ਫ਼ਕੀਰਾਂ ਤੇ ਯੋਧਿਆਂ ਦੀ ਧਰਤੀ ਨਸ਼ਿਆਂ ਦਾ ਕੇਂਦਰੀ ਸਥਾਨ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਕਮਜ਼ੋਰ, ਮਜ਼ਦੂਰ ਲਾਚਾਰ ਤੇ ਨੌਜਵਾਨ ਬੇਰੁਜ਼ਗਾਰ ਹੋ ਰਿਹਾ ਹੈ।ਉਨ੍ਹਾਂ ਪਾਰਟੀ ਵੱਲੋਂ ਦਿੱਤੇ ਜਾ ਰਹੇ ਧਰਨਿਆਂ ਵਿੱਚ ਸੰਗਤ ਦੇ ਬੇਮਿਸਾਲ ਇਕੱਠਾਂ ਨੇ ਸਾਬਿਤ ਕਰ ਦਿੱਤਾ ਹੈ ਕਿ ਧਰਮੀ ਲੋਕਾਂ ਦੀ ਸਾਂਝ ਪਕੇਰੀ ਹੁੰਦੀ ਜਾ ਰਹੀ ਹੈ, ਸਮੁੱਚਾ ਪੰਥ ਇੱਕ ਦਿਨ ਪੰਥਕ ਸਿਧਾਂਤਾਂ ਤੇ ਪੰਜਾਬ ਦੇ ਭਲੇ ਲਈ ਇੱਕਜੁੱਟਤਾ ਨਾਲ ਅੱਗੇ ਵਧੇਗਾ। ਇਸ ਮੌਕੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਕੁੱਝ ਤਾਕਤਾਂ ਸਿੱਖੀ ਵਿਚਾਰਧਾਰਾ ਉੱਪਰ ਹਮਲੇ ਕਰ ਰਹੀਆਂ ਹਨ, ਉਨ੍ਹਾਂ ਨੂੰ ਮਨ ਵਿੱਚੋਂ ਇਹ ਭੁਲੇਖਾ ਕੱਢ ਦੇਣਾ ਚਾਹੀਦਾ ਹੈ ਕਿ ਸਿਧਾਂਤਾਂ ਤੇ ਰਵਾਇਤਾਂ ਨੂੰ ਢਾਹ ਲਾ ਕੇ ਸਿਆਸਤ ਕਰ ਲੈਣਗੇ, ਜੋ ਵੀ ਅਕਾਲ ਤਖ਼ਤ ਨੂੰ ਪਿੱਠ ਦਿਖਾਏਗਾ ਉਸ ਨੂੰ ਕਲਗੀ ਨਹੀਂ ਲੱਗ ਸਕਦੀ। ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀਆਂ ਕੀਤੀਆਂ ਬੱਜਰ ਗਲਤੀਆਂ ਕਾਰਨ ਸਿੱਖ ਕੌਮ ਇਸ ਮੋੜ 'ਤੇ ਆ ਖੜੀ ਹੈ।ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਖਿਲਾਫ ਸਖ਼ਤ ਸਜ਼ਾਵਾਂ ਵਾਲਾ ਕਾਨੂੰਨ ਬਣਾਉਣ ਤੇ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਕਰਵਾਉਣ ਦੀ ਮੰਗ ਤੋਂ ਇਲਾਵਾ ਸੰਗਤ ਨੂੰ ਅਪੀਲ ਕੀਤੀ ਗਈ ਕਿ ਨਸ਼ਿਆਂ ਖਿਲਾਫ ਮੁਹਿੰਮ ਚਲਾਈ ਜਾਵੇ ਤੇ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਮੋਰਚਾ ਖੋਲਿਆ ਜਾਵੇ।

# ਸਪਰਿੰਗ ਫੀਲਡ ਕਾਨਵੈਂਟ ਸਕੂਲ ਦਾ ਸਾਲਾਨਾ ਨਤੀਜਾ ਸ਼ਾਨਦਾਰ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਦਾ ਸਲਾਨਾ ਨਤੀਜਾ ਇਸ ਵਾਰ ਬਹੁਤ ਹੀ ਸ਼ਾਨਦਾਰ ਰਿਹਾ। ਇਸ ਮੌਕੇ ਸਕੂਲ ਪ੍ਰੰਗਣ ਨੂੰ ਖੂਬਸੂਰਤੀ ਨਾਲ ਸਜਾਇਆ ਗਿਆ ਸੀ। ਇਸ ਮੌਕੇ ਵਿਦਿਆਰਥੀਆਂ ਨੂੰ ਸਲਾਨਾ ਨੰਬਰਾਂ ਦੇ ਰਿਪੋਰਟ ਕਾਰਡ ਵੰਡੇ ਗਏ। ਨਾਲ ਹੀ ਵਧੀਆ ਪ੍ਰਦਰਸ਼ਨ ਕਰਨ ਵਾਲੇ ਅਤੇ ਮੈਰਿਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਰਿਟ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਸਾਇੰਸ ਪ੍ਰੈਕਟੀਕਲ, ਖੇਡਾਂ ਅਤੇ ਕੰਪਿਊਟਰ ਪ੍ਰੋਜੈਕਟਰ ਸਮੇਤ ਹਰ ਤਰ੍ਹਾਂ ਦੀ ਸਹੂਲਤ ਸਮੇਂ ਸਿਰ ਮੁਹੱਈਆ ਕਰਵਾਈ ਗਈ, ਤਾਂ ਜੋ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਗੁਣਵੱਤਾ ਭਰੀ ਸਿੱਖਿਆ ਮਿਲ ਸਕੇ। ਸਕੂਲ ਪ੍ਰਿੰਸੀਪਲ ਬਾਇਜੂ ਵਿਜੇ ਦੀ ਯੋਗ ਅਗਵਾਈ ਅਤੇ ਅਧਿਆਪਕਾਂ ਦੀ ਲਗਨ ਨਾਲ ਕੀਤੀ ਗਈ ਮਿਹਨਤ ਦਾ ਹੀ ਨਤੀਜਾ ਹੈ ਕਿ ਸਕੂਲ ਦਾ ਰਿਜ਼ਲਟ 100 ਫੀਸਦੀ ਰਿਹਾ। ਸਾਰੇ ਵਿਦਿਆਰਥੀਆਂ ਨੇ ਵਧੀਆ ਨੰਬਰ ਹਾਸਲ ਕਰਦੇ ਹੋਏ ਕਾਮਯਾਬੀ ਪ੍ਰਾਪਤ ਕੀਤੀ। ਨਰਸਰੀ ਬਲਾਕ 'ਸਪਰਿੰਗ ਪਰਲ' ਦੀ ਇੰਚਾਰਜ ਮੈਡਮ ਅਨੁਪਮ ਸ਼ਰਮਾ ਦੀ ਰਹਿਨੁਮਾਈ ਹੇਠ ਛੋਟੇ ਬੱਚਿਆਂ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਵਧੀਆ ਪੁਜੀਸ਼ਨਾਂ ਹਾਸਲ ਕੀਤੀਆਂ। ਇਸ ਮੌਕੇ



ਪ੍ਰਿੰਸੀਪਲ ਬਾਇਜੂ ਵਿਜੇ ਅਤੇ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਨੇ ਮਾਪਿਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਸਕੂਲ ਨੂੰ ਇਹ ਸਫਲਤਾ ਮਿਲੀ ਹੈ। ਚੇਅਰਮੈਨ ਨਰ ਸਿੰਘ ਬਰਾੜ ਅਤੇ ਸਕੂਲ ਮੈਨੇਜਮੈਂਟ ਨੇ ਵੀ ਵਿਦਿਆਰਥੀਆਂ ਨੂੰ ਸ਼ਾਨਦਾਰ ਨਤੀਜਿਆਂ ਲਈ ਵਧਾਈ ਦਿੱਤੀ।

# ਸ੍ਰੀ ਗੁਰੂ ਰਵਿਦਾਸ ਚੇਤਨ ਸਮਾਜ ਸਭਾ ਦੇ ਬਲਬੀਰ ਸਿੰਘ ਪੁਆਰ ਪ੍ਰਧਾਨ ਬਣੇ

**ਜਲਾਲਾਬਾਦ (ਜੀਤ ਕੁਮਾਰ)**- ਸ੍ਰੀ ਗੁਰੂ ਰਵਿਦਾਸ ਚੇਤਨ ਸਮਾਜ ਸਭਾ (ਰਜਿ.) ਦੀ ਅਹਿਮ ਮੀਟਿੰਗ ਜਲਾਲਾਬਾਦ ਵਿਖੇ ਹੋਈ। ਇਸ ਮੀਟਿੰਗ ਵਿੱਚ ਦਲਿਤ ਅਤੇ ਰਵਿਦਾਸੀਆ ਭਾਈਚਾਰੇ ਨੂੰ ਦਰਪੇਸ਼ ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸ਼ਾਮਲ ਮੈਂਬਰਾਂ ਨੇ ਰਵਿਦਾਸ ਭਾਈਚਾਰੇ ਦੀ ਇੱਕ ਮਜ਼ਬੂਤ ਜਥੇਬੰਦੀ ਬਣਾਉਣ ਦੀ ਜ਼ੋਰਦਾਰ ਵਕਾਲਤ ਕੀਤੀ। ਮੀਟਿੰਗ ਵਿੱਚ



ਸਰਵਸੰਮਤੀ ਨਾਲ ਸ੍ਰੀ ਗੁਰੂ ਰਵਿਦਾਸ ਚੇਤਨ ਸਮਾਜ ਸਭਾ (ਰਜਿ.) ਦਾ ਜਲਾਲਾਬਾਦ ਪੁਨਰਗਠਨ ਕੀਤਾ ਗਿਆ ਅਤੇ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਪ੍ਰਸਤ ਗੁਰਦੇਵ ਸਿੰਘ ਮਹਿਮੀ, ਰਾਜ ਕੁਮਾਰ ਸੀਵਾਨ, ਮਹਿੰਦਰ ਲਾਲ ਬਾਲੀ, ਪ੍ਰਧਾਨ ਬਲਬੀਰ ਸਿੰਘ ਪੁਆਰ, ਜਨਰਲ ਸਕੱਤਰ ਜੋਗਿੰਦਰ ਪਾਲ ਸੁਮਨ, ਕੈਸ਼ੀਅਰ ਡਾ. ਰਜਿੰਦਰ ਸਿੰਘ ਭੱਟੀ, ਸਹਿ ਕੈਸ਼ੀਅਰ ਚਰੰਜੀ ਲਾਲ , ਪ੍ਰੈਸ ਸਕੱਤਰ :ਡਾ. ਰਮੇਸ਼ ਲਾਲ ਲਾਡੀ, ਮੀਡੀਆ ਸਲਾਹਕਾਰ ਸੂਰਜ ਕੁਮਾਰ ਬੱਲੂਆਣਾ, ਸੀਨੀਅਰ ਮੀਤ ਪ੍ਰਧਾਨ ਤਿਲਕ ਰਾਜ ਸਰਪੰਚ ਬੱਲੂਆਣਾ, ਗੁਰਚੇਤ ਸਿੰਘ ਚੱਕ ਸੈਦੋ ਕੇ, ਗਿਆਨ ਚੰਦ ਐਸ.ਡੀ.ਓ, ਚਰਨ ਸਿੰਘ ਪ੍ਰਧਾਨ ਕਬੱਡੀ ਐਸੋਸੀਏਸ਼ਨ ਜ਼ਿਲ੍ਹਾ ਫਾਜ਼ਿਲਕਾ, ਮੀਤ ਪ੍ਰਧਾਨ ਨਿਰਭੈ ਸਿੰਘ ਜਲਾਲਾਬਾਦ, ਮਨੋਹਰ ਲਾਲ ਪੰਜਾਬ ਰੋਡਵੇਜ਼, ਸਲਾਹਕਾਰ ਦੇਵਾ ਨੰਦ, ਓਮ ਪ੍ਰਕਾਸ਼ ਬੱਲੂਆਣਾ, ਰਾਜੇਸ਼ ਕੁਮਾਰ ਬਲੂਆਣਾ, ਪ੍ਰਕਾਸ਼ ਦੋਸ਼ੀ, ਰਾਮ ਗੋਪਾਲ ਅਤ ਬਤੌਰ ਮੈਂਬਰ ਰਵਿੰਦਰ ਸਿੰਘ ਮਿੰਟੂ, ਬੀਰਬਲ, ਪੂਰਨ ਚੰਦ, ਸੁਰਿੰਦਰ ਸਿੰਘ ਜਲਾਲਾਬਾਦ ਚੁਣੇ ਗਏ।

ਮੀਟਿੰਗ ਦੇ ਅੰਤ ਵਿੱਚ ਸਭਾ ਦੇ ਪ੍ਰਧਾਨ ਬਲਬੀਰ ਸਿੰਘ ਪੁਆਰ ਨੇ ਕਿਹਾ ਕਿ ਉਨ੍ਹਾਂ ਨੂੰ ਮਿਲੀ ਜ਼ੁੰਮੇਵਾਰੀ ਨੂੰ ਉਹ ਪੂਰੀ ਲਗਨ ਅਤੇ ਤਨਦੇਹੀ ਦੇ ਨਾਲ ਨਿਭਾਉਣਗੇ।

# ਜ਼ੀਰਾ 'ਚ ਹੋਈ ਰੋਗ-ਨਿਵਾਰਨ ਜੀਵਨਧਾਰਾ ਦੀ ਨਵੇਕਲੀ ਸ਼ੁਰੂਆਤ

**ਜ਼ੀਰਾ (ਨਰਿੰਦਰ ਅਨੇਜਾ)**— ਕੋਟ ਈਸੇ ਖਾਂ ਰੋਡ ਜ਼ੀਰਾ ਵਿਖੇ 'ਰੋਗ ਨਿਵਾਰਨ ਜੀਵਨਧਾਰਾ' ਦੀ ਨਵੇਕਲੀ ਸ਼ੁਰੂਆਤ ਕੀਤੀ ਗਈ।ਇਸ ਸ਼ੁਰੂਆਤ ਮੌਕੇ ਇਲਾਕੇ ਦੇ ਸੈਂਕੜੇ ਲੋਕ ਸ਼ਾਮਲ ਹੋਏ।ਪਿਛਲੇ ਕੇ ਰੋਗ ਨਿਵਾਰਨ ਜੀਵਨ ਧਾਰਾ ਦੀ ਸ਼ੁਰੂਆਤ ਕੀਤੀ ਹੈ।ਸ੍ਰੀ ਜਪੁਜੀ ਸਾਹਿਬ ਦੇ ਪਾਠ ਤੋਂ ਬਾਅਦ ਨਗਰ ਕੀਰਤਨ ਹੋਇਆ।ਉਪਰੰਤ ਜਿਹੜੇ ਕਾਰੀਗਰਾਂ, ਕਿਰਤੀਆਂ ਤੇ ਸਹਿਯੋਗੀਆਂ ਨੇ ਇਸ ਜਾਏਗਾ।ਕੋਈ ਸਵਾ ਦੋ ਏਕੜ ਵਿੱਚ ਬਣੇ ਇਸ ਕੇਂਦਰ ਵਿੱਚ ਕਈ ਤਰ੍ਹਾਂ ਦੇ ਵਿਰਾਸਤੀ ਤੇ ਮੈਡੀਸਨ ਨਾਲ ਸਬੰਧਤ ਪੌਦੇ ਲਗਾਏ ਗਏ ਹਨ।ਸਾਹਿਤਕਾਰ ਡਾਕਟਰ ਨੂਰਪੁਰ ਨੇ ਕਿਹਾ ਕਿ ਇਹ ਸਮੇਂ ਪੂਰੀ ਦੁਨੀਆ ਦੇ ਲੋਕ ਵੱਖ-ਵੱਖ ਤਰ੍ਹਾਂ ਦੇ ਸੰਕਟਾਂ, ਮੁਸ਼ਕਿਲਾਂ, ਪ੍ਰੇਸ਼ਾਨੀਆਂ ਚੋਂ ਗੁਜ਼ਰ ਰਹੇ ਹਨ।ਇਸ ਲਈ ਬੜਾ ਜ਼ਰੂਰੀ ਹੈ ਕਿ ਮਨੁੱਖ ਆਪਣੇ ਆਪ ਨਾਲ ਜੁੜੇ, ਆਪਣੀਆਂ ਜੜ੍ਹਾਂ ਨਾਲ ਅਤੇ ਕੁਦਰਤ ਨਾਲ ਜੁੜੇ ਤਾਂ ਕਿ ਉਹ ਜੀਵਨ ਦੀ ਠੱਜਭਜ ਦੀ ਵਿਅਰਥਤਾ ਨੂੰ ਸਮਝ ਸਕੇ। ਇਸ ਮੌਕੇ ਗਵੀਸ਼ ਭਾਰਦਵਾਜ, ਡਾ. ਜਗਨਨਾਥ ਸ਼ਰਮਾ, ਡਾ. ਲਖਵਿੰਦਰ ਸ਼ਰਮਾ, ਅਸ਼ਵਨੀ ਸ਼ਰਮਾ, ਪ੍ਰਸਿੱਧ



ਕੋਈ ਪੰਜ ਸਾਲਾਂ ਤੋਂ ਇਸ ਤਿਆਰ ਕੀਤੇ ਜਾ ਰਹੇ ਕੁਦਰਤੀ ਮਾਹੌਲ ਵਿੱਚ ਜਿੱਥੇ ਇੱਕ ਆਯੁਰਵੈਦਿਕ ਹਸਪਤਾਲ ਹੋਵੇਗਾ, ਉਥੇ ਮੈਡੀਟੇਸ਼ਨ, ਧਿਆਨ, ਕੌਂਸਲਿੰਗ, ਬਰੀਥਿੰਗ, ਸਾਊਂਡ ਹੀਲਿੰਗ, ਵਰਗੀਆਂ ਮਨ ਦੇ ਵਿਕਾਰਾਂ ਨੂੰ ਦੂਰ ਕਰਕੇ ਮਨ ਨੂੰ ਸ਼ਾਂਤ ਕਰਨ ਲਈ ਥਰੈਪੀਆਂ ਵੀ ਹੋਣਗੀਆਂ। ਗੁਰਚਰਨ ਸਿੰਘ ਨੂਰਪੁਰ ਜੋ ਕਿ ਆਪ ਇੱਕ ਪ੍ਰਸਿੱਧ ਲੇਖਕ ਵਿਦਵਾਨ ਤੇ ਚਿੰਤਕ ਹਨ ਅਤੇ ਉਨ੍ਹਾਂ ਦੀਆਂ ਬੇਟੀਆਂ ਡਾ. ਅਮਨਦੀਪ ਕੌਰ, ਡਾ. ਰਜਨੀਤ ਕੌਰ ਤੇ ਬੇਟਾ ਡਾ. ਸੰਦੀਪ ਸਿੰਘ ਨੇ ਮਿਲ ਦੀ ਤਿਆਰੀ 'ਚ ਬੜੀ ਸੁਹਿਰਦਤਾ ਨਾਲ ਕੰਮ ਕੀਤਾ, ਉਨ੍ਹਾਂ ਨੂੰ ਸਰੋਪੇ ਤੇ ਯਾਦ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਬੰਧੀ ਦੱਸਦਿਆਂ ਗੁਰਚਰਨ ਸਿੰਘ ਨੂਰਪੁਰ ਨੇ ਕਿਹਾ ਕਿ ਇਲਾਕੇ ਵਿੱਚ ਇਹ ਇੱਕ ਨਵੇਕਲਾ ਹਸਪਤਾਲ ਤੇ ਨਰੋਏ ਜੀਵਨ ਦਾ ਕੇਂਦਰ ਹੋਏਗਾ, ਜਿਸ ਵਿੱਚ ਸਾਡੇ ਦੌਰ ਦੀਆਂ ਵਧ ਰਹੀਆਂ ਤਲਖੀਆਂ, ਬੇਚੈਨੀ, ਉਦਾਸੀ, ਨਿਰਾਸ਼ਾ ਤੇ ਹੋਰ ਕਈ ਤਰ੍ਹਾਂ ਦੇ ਮਾਨਸਿਕ ਵਿਕਾਰਾਂ ਤੋਂ ਨਿਜਾਤ ਦਵਾਉਣ ਲਈ ਮੈਡੀਟੇਸ਼ਨ, ਧਿਆਨ ਤੇ ਹੋਰ ਵਿਧੀਆਂ ਨਾਲ ਮਨ ਨੂੰ ਠੀਕ ਕੀਤਾ ਸਾਹਿਤਕਾਰ ਡਾ. ਦਵਿੰਦਰ ਸੈਫ਼ੀ, ਚਿੱਤਰਕਾਰ ਜਗਤਾਰ ਸੋਖੀ, ਪ੍ਰੀਤ ਜੱਗੀ, ਹਰਭਿੰਦਰ ਸਿੰਘ ਪ੍ਰਧਾਨ ਲਿਖਾਰੀ ਸਭਾ ਪੀਰ ਮੁਹੰਮਦ, ਕੁਲਦੀਪ ਸਿੰਘ ਜ਼ੀਰਾ, ਲੈਬ ਐਸੋਸੀਏਸ਼ਨ ਦੇ ਪ੍ਰਧਾਨ ਗੁਰਚਰਨ ਸ਼ਰਮਾ, ਲੈਬ ਟੈਕਨੀਸ਼ੀਅਨ ਡਾ. ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

ਇਸ ਮੌਕੇ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਨੂੰ ਉਨ੍ਹਾਂ ਦੇ ਵੱਖ ਵੱਖ ਸਮਾਜਿਕ ਸਰੋਕਾਰਾਂ ਲਈ ਵੱਖ-ਵੱਖ ਸੰਸਥਾਵਾਂ ਵੱਲੋਂ ਮਾਨ ਸਨਮਾਨ ਭੇਟ ਕੀਤੇ ਗਏ।

# ਪੰਜਾਬ ਨੰਬਰਦਾਰ ਯੂਨੀਅਨ ਨੇ 38ਵਾਂ ਸਥਾਪਨਾ ਦਿਵਸ ਮਨਾਇਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਪੰਜਾਬ ਨੰਬਰਦਾਰ ਯੂਨੀਅਨ ਵੱਲੋਂ ਜਥੇਬੰਦੀ ਦੇ 38ਵੇਂ ਸਥਾਪਨਾ ਦਿਵਸ ਦੇ ਮੌਕੇ ਸਬ-ਤਹਿਸੀਲ ਨਥਾਣਾ ਵਿਖੇ ਧਾਰਮਿਕ ਸਮਾਗਮ ਕਰਵਾ ਕੇ ਨੰਬਰਦਾਰ ਰੈਸਟ ਹਾਊਸ ਦਾ ਉਦਘਾਟਨ ਕੀਤਾ ਗਿਆ। ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 2022 ਦੀਆਂ ਚੋਣਾਂ ਸਮੇਂ ਨੰਬਰਦਾਰਾਂ ਲਈ ਦਿੱਤੀਆਂ ਗਰੰਟੀਆਂ ਨੂੰ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ। ਜਿਸ ਸਬੰਧੀ ਜਥੇਬੰਦੀ ਦੀ ਅਗਵਾਈ ਵਿੱਚ ਨੰਬਰਦਾਰਾਂ ਵੱਲੋਂ 2 ਅਪ੍ਰੈਲ ਨੂੰ ਜ਼ਿਲ੍ਹਾ ਹੈਡਕੁਆਰਟਰਾਂ 'ਤੇ ਇਕੱਤਰ ਹੋ ਕੇ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਇਹ ਮੈਮੋਰੰਡਮ ਨੰਬਰਦਾਰਾਂ ਨੂੰ ਦਿੱਤੀਆਂ ਗਰੰਟੀਆਂ ਯਾਦ ਕਰਵਾਉਣ ਲਈ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਹਾਕਮ ਧਿਰ ਦੀ ਵਾਅਦਾਖ਼ਿਲਾਫ਼ੀ ਹੋਣ 'ਤੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ ਅਤੇ ਵਿਧਾਨ ਸਭਾ ਚੋਣਾਂ 2027 ਮੌਕੇ ਪੰਜਾਬ ਭਰ 'ਚ ਸਮੂਹ ਨੰਬਰਦਾਰਾਂ ਵੱਲੋਂ ਆਮ ਆਦਮੀ ਪਾਰਟੀ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਸੂਬਾ ਕਾਰਜਕਾਰੀ ਪ੍ਰਧਾਨ ਸੁਰਜੀਤ ਸਿੰਘ ਨਨਹੇੜਾ, ਪੈਟਰਨ ਪੰਜਾਬ ਦਰਸ਼ਨ ਸਿੰਘ ਗਲੋਲੀ, ਹੁਸ਼ਿਆਰ ਸਿੰਘ ਸੀ. ਮੀਤ ਪ੍ਰਧਾਨ, ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਕਲਿਆਣ, ਹਲਕਾ ਭੁੱਚੋ ਦੇ ਇੰਚਾਰਜ ਡਾ. ਦਲਜੀਤ ਸਿੰਘ ਗੁਰੂ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਵਰਨ ਸਿੰਘ ਪੂਹਲੀ, ਅਕਾਲੀ ਆਗੂ ਗੁਰਲਾਭ ਸਿੰਘ



ਹਰਕੰਵਲ ਸਿੰਘ ਮੁੱਖ ਸੀ. ਮੀਤ ਪ੍ਰਧਾਨ, ਦਰਸ਼ਨ ਸਿੰਘ ਮਾਲਵਾ ਖਜ਼ਾਨਚੀ, ਜਨਰਲ ਸਕੱਤਰ ਰਛਪਾਲ ਸਿੰਘ ਤੇ ਪ੍ਰੈਸ ਸਕੱਤਰ ਗੁਰਦੀਪ ਸਿੰਘ ਬੰਗੀ ਨੇ ਵੀ ਸੰਬੋਧਨ ਕੀਤਾ। ਸਬ-ਤਹਿਸੀਲ ਨਥਾਣਾ ਦੇ ਪ੍ਰਧਾਨ ਮੇਜਰ ਸਿੰਘ ਬੱਜੋਆਣਾ, ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਲਹਿਰਾ ਮੁਹੱਬਤ ਤੇ ਗੁਰਸੇਵਕ ਸਿੰਘ ਮਾੜੀ ਨੇ ਪਹੁੰਚੇ ਆਗੂਆਂ ਦਾ ਸਵਾਗਤ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਢੇਲਵਾਂ, ਜਥੇਦਾਰ ਗੁਰਭੇਜ ਸਿੰਘ ਨਥਾਣਾ, ਦਿਆਲਦਾਸ ਸੋਢੀ ਸੂਬਾ ਜਰਨਲ ਸਕੱਤਰ ਭਾਜਪਾ, ਨਾਇਬ ਤਹਿਸੀਲਦਾਰ ਬੇਅੰਤ ਸਿੰਘ, ਰਜਿਸਟਰੀ ਕਾਨੂੰਗੋ ਹਰਮੇਲ ਸਿੰਘ ਪੂਹਲਾ, ਖੇਤਰੀ ਕਾਨੂੰਗੋ, ਐੱਸ. ਐੱਚ. ਓ ਨਥਾਣਾ ਅਮਰਿੰਦਰ ਸਿੰਘ ਸਮੇਤ ਵੱਖ ਵੱਖ ਹਲਕਾ ਮਾਲ ਕਰਮਚਾਰੀ, ਵਕੀਲ ਸਾਹਿਬਾਨ, ਵਸੀਕਾ ਨਵੀਸ ਅਤੇ ਅਰਜ਼ੀ ਨਵੀਸ ਆਦਿ ਮੌਜੂਦ ਸਨ।

## ਲੋਕ ਮੁੱਖ ਮੰਤਰੀ ਮਾਨ ਦੀਆਂ ਨੀਤੀਆਂ ਤੋਂ ਖ਼ੁਸ਼ : ਸੰਦੀਪ ਬਾਂਸਲ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਸਥਾਨਕ ਉਦਯੋਗਪਤੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੰਦੀਪ ਬਾਂਸਲ ਨੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬੇ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਲਏ ਗਏ ਇਤਿਹਾਸਕ ਫੈਸਲਿਆਂ ਨੇ ਆਮ ਲੋਕਾਂ ਦੇ ਜੀਵਨ ਪੱਧਰ ਵਿੱਚ ਵੱਡਾ ਸੁਧਾਰ ਲਿਆਂਦਾ ਹੈ, ਜਿਸ ਕਾਰਨ ਹਰ ਵਰਗ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਸੰਦੀਪ ਬਾਂਸਲ ਨੇ ਵਿਸ਼ੇਸ਼ ਤੌਰ 'ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਸਕੀਮ ਨੇ ਔਰਤਾਂ ਅੰਦਰ ਇੱਕ ਨਵੀਂ ਉਮੀਦ ਅਤੇ ਸਤਿਕਾਰ ਦੀ ਭਾਵਨਾ ਪੈਦਾ ਕੀਤੀ ਹੈ। ਉਨ੍ਹਾਂ ਸਰਕਾਰ ਦੀਆਂ ਹੋਰ ਪ੍ਰਾਪਤੀਆਂ ਗਿਣਵਾਉਂਦਿਆਂ ਕਿਹਾ ਕਿ ਆਪ ਸਰਕਾਰ ਨੇ ਆਪਣੇ ਅਹਿਮ ਵਾਅਦੇ ਪੂਰੇ ਕੀਤੇ ਹਨ। ਅੱਜ ਪੰਜਾਬ ਦੇ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਸਿਹਤ ਸਹੂਲਤਾਂ ਦੇ ਖੇਤਰ ਵਿੱਚ ਮੁਹੱਲਾ ਕਲੀਨਿਕਾਂ ਦੀ ਸਥਾਪਨਾ ਅਤੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਨੇ ਸਿਹਤ ਕ੍ਰਾਂਤੀ ਲਿਆਂਦੀ ਹੈ, ਜੋ ਕਿ ਪਹਿਲੀਆਂ ਸਰਕਾਰਾਂ ਦੇ ਸਮੇਂ ਸਿਰਫ਼ ਇੱਕ ਸੁਪਨਾ ਸੀ।



## ਤੇਜਿੰਦਰ ਸਿੰਘ ਖਹਿਰਾ ਯੂਥ ਵਿੰਗ ਦਾ ਸੂਬਾ ਵਾਈਸ ਪ੍ਰਧਾਨ ਨਿਯੁਕਤ

**ਨਾਭਾ (ਵਰਿੰਦਰ ਵਰਮਾ)** ਆਮ ਆਦਮੀ ਦੀ ਲੀਡਰਸ਼ਿਪ ਵੱਲੋਂ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨਿਭਾਉਣ ਅਤੇ ਮਿਹਨਤ ਤੇ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਵਰਕਰਾਂ ਤੇ ਆਗੂਆਂ ਨੂੰ ਅਹੁਦੇਦਾਰੀਆਂ ਨਾਲ ਨਿਵਾਜਿਆ ਗਿਆ, ਜਿਸ ਤਹਿਤ ਤੇਜਿੰਦਰ ਖਹਿਰਾ ਡਾਇਰੈਕਟਰ ਪੰਜਾਬ ਡਿਵੈਲਪਮੈਂਟ ਬੋਰਡ ਨੂੰ ਇਕ ਹੋਰ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ। ਤੇਜਿੰਦਰ ਸਿੰਘ ਖਹਿਰਾ ਨੂੰ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਯੂਥ ਵਿੰਗ ਦਾ ਸੂਬਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਤੇਜਿੰਦਰ ਸਿੰਘ ਖਹਿਰਾ ਨੂੰ ਸੂਬਾ ਉਪ ਪ੍ਰਧਾਨ ਬਣਨ ਦੀ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਪਾਰਟੀ ਕਰਵਾਇਆ । ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪਾਰਟੀ ਨੇ ਹਮੇਸ਼ਾ ਹੀ ਮਿਹਨਤੀ ਅਤੇ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਵਰਕਰਾਂ ਅਤੇ ਆਗੂਆਂ ਨੂੰ ਅਹੁਦੇ ਦੇ ਕੇ ਨਿਵਾਜਿਆ ਹੈ। ਜੋ ਵਿਅਕਤੀ ਪਾਰਟੀ ਲਈ ਮਿਹਨਤ ਕਰਦੇ ਹਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ 'ਚ ਸਿੰਘ ਵੱਡਾ ਯੋਗਦਾਨ ਪਾਉਂਦੇ ਹਨ, ਆਮ ਆਦਮੀ ਪਾਰਟੀ ਨੇ ਉਨ੍ਹਾਂ ਨੂੰ ਹਮੇਸ਼ਾ ਹੀ ਬਨਦਾ ਮਾਨ ਸਤਿਕਾਰ ਦਿੱਤਾ ਹੈ। ਨਵ-ਨਿਯੁਕਤ ਸੂਬਾ ਉਪ ਪ੍ਰਧਾਨ ਯੂਥ ਵਿੰਗ ਆਪ ਤੇਜਿੰਦਰ ਸਿੰਘ ਖਹਿਰਾ ਨੇ ਕਿਹਾ ਕਿ ਉਹ ਪਾਰਟੀ ਦੇ ਸੁਪਰੀਮੋ ਅਤੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਹਲਕਾ ਵਿਧਾਇਕ ਗੁਰਦੇਵ ਚ ਸਿੰਘ ਦੇਵ ਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਨੂੰ ਮਿਲੀ ਜ਼ਿੰਮੇਵਾਰੀ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣਗੇ। ਉਨ੍ਹਾਂ ਕਿਹਾ ਕਿ ਵੱਡੇ ਪੱਧਰ ਤੇ ਯੂਥ ਨੂੰ ਪਾਰਟੀ ਨਾਲ ਜੋੜਨਗੇ ਅਤੇ ਪਾਰਟੀ ਦੀ ਮਜ਼ਬੂਤੀ ਲਈ ਬੂਥ ਪੱਧਰ 'ਤੇ ਦਿਨ ਰਾਤ ਮਿਹਨਤ ਕਰਨਗੇ।



## ਭਲਕੇ ਕਾਲਾ ਦਿਵਸ ਮਨਾਇਆ ਜਾਵੇਗਾ : ਯੂਨਾਈਟਿਡ ਫ਼ਰੰਟ ਆਫ਼ ਟਰੇਡ ਯੂਨੀਅਨਜ਼



**ਲੁਧਿਆਣਾ (ਐੱਮ ਐੱਸ ਭਾਟੀਆ)**- ਯੂਨਾਈਟਿਡ ਫ਼ਰੰਟ ਆਫ਼ ਟ੍ਰੇਡ ਯੂਨੀਅਨਜ਼ ਲੁਧਿਆਣਾ, ਜਿਸ ਵਿੱਚ ਏਟਕ, ਸੀਟੂ, ਸੀਟੀਯੂ ਪੰਜਾਬ, ਇੰਟਕ, ਐਕਟੂ ਤੇ ਹੋਰ ਜਨਤਕ ਜਥੇਬੰਦੀਆਂ ਅਤੇ ਯੂਨੀਅਨਾਂ ਸ਼ਾਮਲ ਹਨ, ਵੱਲੋਂ ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ 'ਤੇ ਪਹਿਲੀ ਅਪ੍ਰੈਲ ਨੂੰ ਕਾਲਾ ਦਿਵਸ ਮਨਾਉਣ ਦੇ ਹਿੱਸੇ ਵਜੋਂ ਉਸ ਦਿਨ ਯਾਨੀ ਇਕ ਅਪ੍ਰੈਲ ਨੂੰ ਨਗਰ ਨਿਗਮ ਦੇ ਜ਼ੋਨ ਸੀ ਦੇ ਦਫਤਰ ਸਾਹਮਣੇ ਸਵੇਰੇ 10 ਵਜੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਰੈਲੀ ਤੋਂ ਬਾਅਦ ਅਸਿਸਟੈਂਟ ਲੇਬਰ ਕਮਿਸ਼ਨਰ ਗਿੱਲ ਰੋਡ ਦੇ ਦਫਤਰ ਤੱਕ ਮਾਰਚ ਕੀਤਾ ਜਾਵੇਗਾ।ਆਗੂ ਸਾਥੀਆਂ ਨੇ ਸਮੂਹ ਵਰਕਰਾਂ ਨੂੰ ਬੇਨਤੀ ਕੀਤੀ ਹੈ ਕਿ ਉਸ ਵਿੱਚ ਵੱਡੀ ਤੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਾ ਹੈ।ਅਪੀਲ ਜਾਰੀ ਕਰਨ ਵਾਲਿਆਂ ਵਿੱਚ ਕਾਮਰੇਡ ਐੱਮ ਐੱਸ ਭਾਟੀਆ, ਸੁਖਵਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਜੈ ਪਰਕਾਸ਼ ਨਰਾਇਣ, ਸਰਬਜੀਤ ਸਿੰਘ ਸਰਹਾਲੀ, ਵਿਜੇ ਕੁਮਾਰ, ਪਰਮਜੀਤ ਸਿੰਘ, ਰਾਮ ਲਾਲ ਤੇ ਕਾਮਰੇਡ ਕੇਵਲ ਸਿੰਘ ਬਨਵੈਤ ਸ਼ਾਮਲ ਹਨ।

# ਮਯੰਕ ਫਾਊਂਡੇਸ਼ਨ ਵੱਲੋਂ ਵਰਮੀ-ਕੰਪੋਸਟਿੰਗ ਵਰਕਸ਼ਾਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਮਯੰਕ ਫਾਊਂਡੇਸ਼ਨ ਵੱਲੋਂ 'ਦਿ ਗ੍ਰੀਨ ਕਾਰਨੀਵਲ' ਦੇ ਤਹਿਤ ਪਿੰਡ ਸੋਢੇਵਾਲਾ (ਫਿਰੋਜ਼ਪੁਰ) ਵਿਖੇ ਬਲੈਕ ਗੋਲਡ ਜੈਵਿਕ ਖਾਦ ਵਿੱਚ ਮੋਹਨਜੀਤ ਸਿੰਘ ਤੇ ਉਨ੍ਹਾਂ ਦੀ ਟੀਮ ਦੇ ਸਹਿਯੋਗ ਨਾਲ ਵਰਮੀ-ਕੰਪੋਸਟਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਜੈਕਟ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਦੇ ਸਹਿਯੋਗ ਨਾਲ ਤੇ ਭਾਰਤ ਸਰਕਾਰ ਦੇ ਮਿਨਿਸਟਰੀ ਆਫ ਐਨਵਾਇਰਨਮੈਂਟ, ਫਾਰੇਸਟ ਐਂਡ ਕਲਾਈਮਟ ਚੇਂਜ ਵੱਲੋਂ ਐਨਵਾਇਰਨਮੈਂਟ ਐਜੂਕੇਸ਼ਨ ਪ੍ਰੋਗਰਾਮ ਅਧੀਨ ਫੰਡ ਕੀਤਾ ਗਿਆ। ਕਾਰਜਕ੍ਰਮ ਦੀ ਸ਼ੁਰੂਆਤ ਸੈਕਟਰੀ ਰਾਜੀਵ ਸੇਤਿਆ ਤੇ ਦੀਪਕ ਸ਼ਰਮਾ ਵੱਲੋਂ ਸਭ ਮਹਿਮਾਨਾਂ ਤੇ ਭਾਗੀਦਾਰਾਂ ਦਾ ਸਵਾਗਤ ਕਰਕੇ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਧਰਮ ਪਾਲ ਬੰਸਲ, ਚੇਅਰਮੈਨ, ਸ਼ਹੀਦ ਭਗਤ ਸਿੰਘ ਨਰਸਿੰਗ ਤੇ ਹਰਮੋਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਪ੍ਰੋ. ਏ. ਕੇ. ਸੇਠੀ ਸਾਬਕਾ ਪ੍ਰਿੰਸੀਪਲ ਆਰ ਐੱਸ ਡੀ ਕਾਲਜ ਹਾਜ਼ਰ ਰਹੇ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੁਰੱਖਿਆ ਲਈ ਪ੍ਰੇਰਿਤ ਕੀਤਾ। ਮੁੱਖ ਵਕਤਾ ਵਜੋਂ ਨੌਜਵਾਨ ਪ੍ਰਗਤੀਸ਼ੀਲ ਕਿਸਾਨ ਤੇ ਆਗੂ ਅਵਤਾਰ ਮਹਿਮਾ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਜੈਵਿਕ ਖੇਤੀ ਦੀ ਲੋੜ 'ਤੇ ਜ਼ੋਰ ਦਿੱਤਾ। ਮੋਹਨਜੀਤ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਵਰਮੀ-ਕੰਪੋਸਟ ਤਿਆਰ ਕਰਨ ਦੀ ਪ੍ਰਕਿਰਿਆ ਦਾ ਪ੍ਰੈਕਟੀਕਲ ਡੈਮੋ ਦਿੱਤਾ ਗਿਆ, ਜਿਸ ਨਾਲ ਭਾਗੀਦਾਰਾਂ ਨੂੰ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਹੋਈ।



ਇਸ ਵਰਕਸ਼ਾਪ ਵਿੱਚ ਸ਼ਹੀਦ ਭਗਤ ਸਿੰਘ ਨਰਸਿੰਗ ਕਾਲਜ ਦੇ ਲਗਭਗ 125 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਜੈਵਿਕ ਕਚਰੇ ਦੇ ਪ੍ਰਬੰਧਨ ਬਾਰੇ ਸਿੱਖਿਆ ਪ੍ਰਾਪਤ ਕੀਤੀ। ਇਸ ਮੌਕੇ ਸਾਰੇ ਭਾਗੀਦਾਰਾਂ ਨੂੰ ਪੌਦੇ ਭੇਟ ਕੀਤੇ ਗਏ।

# ਸੰਗਰੂਰ ਪੀ ਜੀ ਆਈ ਦੇ ਮੁੱਦੇ 'ਤੇ ਡਾ. ਧਰਮਵੀਰ ਗਾਂਧੀ ਵੱਲੋਂ ਵੱਡੀ ਮਦਦ ਦਾ ਭਰੋਸਾ

**ਸੰਗਰੂਰ (ਪ੍ਰਵੀਨ ਸਿੰਘ)**- ਸੰਗਰੂਰ ਪੀ ਜੀ ਆਈ ਸੈਟੇਲਾਈਟ ਸੈਂਟਰ ਦੀ ਬਦਹਾਲੀ ਅਤੇ ਸਿਹਤ ਸਹੂਲਤਾਂ ਦੀ ਘਾਟ ਨੂੰ ਲੈ ਕੇ ਇਲਾਕੇ ਦੇ ਸੁਚੇਤ ਨਾਗਰਿਕਾਂ ਵੱਲੋਂ ਚਲਾਈ ਜਾ ਰਹੀ ਮੁਹਿੰਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਅਤੇ ਸਿਹਤ ਸਬੰਧੀ ਸੰਸਦੀ ਸਟੈਂਡਿੰਗ ਕਮੇਟੀ ਦੇ ਮੈਂਬਰ ਡਾ. ਧਰਮਵੀਰ ਗਾਂਧੀ ਨੇ ਇਸ ਮੁੱਦੇ ਨੂੰ ਹੱਲ ਕਰਵਾਉਣ ਲਈ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।ਇਸ ਮੁੱਦੇ 'ਤੇ ਐਡਵੋਕੇਟ ਕਮਲ ਆਨੰਦ ਨੇ ਕਿਹਾ, ਅਸੀਂ ਡਾ. ਗਾਂਧੀ ਜੀ ਨੂੰ ਮੰਗ ਪੱਤਰ ਸੌਂਪ ਕੇ ਅਪੀਲ ਕੀਤੀ ਹੈ ਕਿ ਸੰਸਦੀ ਕਮੇਟੀ ਦੀ ਰਿਪੋਰਟ ਵਿੱਚ ਜੋ ਕਮੀਆਂ ਸਾਹਮਣੇ ਆਈਆਂ ਹਨ, ਉਨ੍ਹਾਂ ਨੂੰ ਪਾਰਲੀਮੈਂਟ ਵਿੱਚ ਗੰਭੀਰਤਾ ਨਾਲ ਉਠਾਇਆ ਜਾਵੇ। ਡਾਕਟਰ ਸਾਹਿਬ ਨੇ ਸਾਨੂੰ ਵਿਸ਼ਵਾਸ ਦਿਵਾਇਆ ਹੈ ਕਿ ਉਹ ਇੱਕ ਡਾਕਟਰ ਅਤੇ ਸੰਸਦੀ ਮੈਂਬਰ ਹੋਣ ਦੇ ਨਾਤੇ ਇਸ ਕੇਂਦਰ ਦੀ ਕਾਇਆ-ਕਲਪ ਲਈ ਦਿੱਲੀ ਵਿੱਚ ਪੂਰੀ ਵਾਹ ਲਾਉਣਗੇ। ਅਸੀਂ ਉਨ੍ਹਾਂ ਦੇ ਇਸ ਹਾਂ-ਪੱਖੀ ਹੁੰਗਾਰੇ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ।ਸੰਗਰੂਰ ਦੇ ਸੁਚੇਤ ਨਾਗਰਿਕ ਜਤਿੰਦਰ ਕਾਲੜਾ ਨੇ ਕਿਹਾ, ਸਾਡੀ ਲੜਾਈ ਸੰਗਰੂਰ ਦੇ ਲੋਕਾਂ ਦੇ ਸਿਹਤ ਅਧਿਕਾਰਾਂ ਲਈ ਹੈ। ਅਸੀਂ ਸੰਗਰੂਰ ਦੇ ਐਮ.ਪੀ. ਗੁਰਮੀਤ ਸਿੰਘ ਮੀਤ ਹੇਅਰ ਨੂੰ ਵੀ ਮੰਗ ਪੱਤਰ ਭੇਜਿਆ ਹੈ। ਸਾਡੀ ਮੰਗ ਹੈ ਕਿ ਸੰਗਰੂਰ ਪੀ ਜੀ ਆਈ ਨੂੰ ਖੁਦਮੁਖਤਿਆਰ ਬਣਾਇਆ ਜਾਵੇ ਅਤੇ ?500 ਕਰੋੜ ਦਾ ਬਜਟ ਜਾਰੀ ਕਰਵਾ ਕੇ ਇੱਥੇ 24 ਘੰਟੇ ਐਮਰਜੈਂਸੀ, ਐਮ ਆਰ ਆਈ ਅਤੇ ਮੈਡੀਕਲ ਕਾਲਜ ਵਰਗੀਆਂ ਸਹੂਲਤਾਂ ਤੁਰੰਤ ਸ਼ੁਰੂ ਕਰਵਾਈਆਂ ਜਾਣ।ਇਸ ਮੌਕੇ ਵਫ਼ਦ ਵਿੱਚ ਸ਼ਾਮਲ ਐਡਵੋਕੇਟ ਭਗਵੰਤ ਸਿੰਘ, ਇੰਦਰਜੀਤ ਅਰੋੜਾ, ਅਤੁਲ ਕੁਮਾਰ, ਦਲੀਪ ਮਿਸ਼ਰਾ, ਰੌਸ਼ਨ ਗਰਗ, ਪ੍ਰਵੀਨ ਬਾਂਸਲ, ਨਵਦੀਪ ਸਿੰਗਲਾ ਅਤੇ ਸੰਜੀਵ ਬਾਂਸਲ ਨੇ ਸਪੱਸ਼ਟ ਕੀਤਾ ਕਿ ਸੰਗਰੂਰ ਪੀ ਜੀ ਆਈ ਦਾ ਮੁੱਦਾ ਕਿਸੇ ਰਾਜਨੀਤਿਕ ਪਾਰਟੀ ਦਾ ਨਹੀਂ, ਬਲਕਿ ਪੂਰੇ ਪੰਜਾਬ ਦਾ ਸਾਂਝਾ ਮੁੱਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਚੁਣੇ ਹੋਏ ਨੁਮਾਇੰਦੇ ਇੱਕਜੁੱਟ ਹੋ ਕੇ ਆਵਾਜ਼ ਉਠਾਉਣ, ਤਾਂ ਇਲਾਕੇ ਦੇ ਲੋਕਾਂ ਨੂੰ ਇਲਾਜ ਲਈ ਚੰਡੀਗੜ੍ਹ ਜਾਂ ਹੋਰ ਦੂਰ-ਦੁਰਾਡੇ ਦੇ ਸ਼ਹਿਰਾਂ ਵਿੱਚ ਭਟਕਣ ਦੀ ਲੋੜ ਨਹੀਂ ਪਵੇਗੀ।

## ਸਨਾਤਨ ਧਰਮ ਪ੍ਰੇਮੀਆਂ ਨੇ ਮੋਗਾ 'ਚ ਕੱਢੀ ਦੂਸਰੀ ਭਗਵਾਂ ਯਾਤਰਾ

**ਮੋਗਾ (ਇਕਬਾਲ ਸਿੰਘ ਖਹਿਰਾ)**- ਮੋਗਾ ਪੀੜਤ ਸਹਾਇਤਾ ਸਮਾਰਕ ਸਮਿਤੀ ਵੱਲੋਂ ਦੂਜੀ ਭਗਵਾਂ ਯਾਤਰਾ ਵਿੱਚ ਤੇ ਸ਼੍ਰੀ ਸਨਾਤਨ ਧਰਮ ਦੇ ਭਗਤਾਂ ਤੇ ਪੰਜਾਬ ਦੇ ਨਾਗਰਿਕਾਂ ਵਿੱਚ ਰਾਸ਼ਟਰੀ ਏਕਤਾ ਦੇ ਪ੍ਰਣ ਨਾਲ, ਸ਼ਹਿਰ ਵਾਸੀਆਂ, ਸਨਾਤਨ ਧਰਮ ਪ੍ਰੇਮੀਆਂ, ਸਮਾਜ ਸੇਵਕਾਂ, ਰਾਜਨੀਤਕ ਆਗੂਆਂ, ਧਾਰਮਿਕ ਸੰਸਥਾਵਾਂ ਤੇ ਨੌਜਵਾਨਾਂ ਨੇ ਬਹੁਤ ਉਤਸ਼ਾਹ ਦਿਖਾਇਆ ਅਤੇ ਦੂਜੀ ਭਗਵਾ ਯਾਤਰਾ ਵਿੱਚ ਇਤਿਹਾਸ ਰਚਿਆ।ਇਸ ਯਾਤਰਾ ਤੋਂ ਪਹਿਲਾਂ ਪੰਡਿਤ ਨੰਦ ਲਾਲ ਸ਼ਰਮਾ ਤੇ ਆਚਾਰੀਆ ਸੁਨੀਲ ਸ਼ਾਸਤਰੀ ਨੇ ਹਵਨ ਕਰਕੇ ਵਿਸ਼ਵ ਅਤੇ ਸਾਰਿਆਂ ਦੇ ਕਲਿਆਣ ਲਈ ਪ੍ਰਾਰਥਨਾ ਕੀਤੀ, ਜਿਸ ਤੋਂ ਬਾਅਦ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮੰਤ ਗਰਗ, ਕੈਂਬਰਿਜ ਸਕੂਲ ਦੇ ਚੇਅਰਮੈਨ ਦਵਿੰਦਰਪਾਲ ਸਿੰਘ ਰਿਪੀ ਤੇ ਹੋਰਨਾਂ ਸਮੇਤ ਸਾਰੇ ਮੇਜ਼ਬਾਨਾਂ ਨੇ ਗੀਤਾ ਭਵਨ ਵਿੱਚ ਪੂਜਾ ਕੀਤੀ।ਇਹ ਭਗਵਾਂ ਯਾਤਰਾ ਗੀਤਾ ਭਵਨ ਤੋਂ ਸ਼ੁਰੂ ਹੋ ਕੇ ਜਵਾਹਰ ਨਗਰ, 1 ਨਿਊ ਟਾਊਨ, ਆਰੀਆ ਸਕੂਲ ਰੋਡ, ਓਲਡ ਸਿਟੀ ਰੋਡ, ਦੇਵ ਹੋਟਲ, ਮੇਨ ਬਾਜ਼ਾਰ, ਪ੍ਰਤਾਪ ਰੋਡ, ਚੈਂਬਰ ਰੋਡ, ਰੇਲਵੇ ਰੋਡ ਤੋਂ ਹੁੰਦੀ ਹੋਈ ਭਾਰਤ ਮਾਤਾ ਮੰਦਰ ਦੇ ਨੇੜੇ ਹਨੂੰਮਾਨ ਮੂਰਤੀ ਦੇ ਸਾਹਮਣੇ ਸਮਾਪਤ ਹੋਈ। ਇਸ ਦੂਜੇ ਭਗਵੇਂ ਜਲੂਸ ਵਿੱਚ ਮੋਗਾ ਪੀੜਤ ਰਾਹਤ ਕਮੇਟੀ ਦੇ ਪ੍ਰਧਾਨ ਅਭਿਸ਼ੇਕ ਜਿੰਦਲ, ਆਰ.ਐੱਸ.ਐੱਸ. ਦੇ ਜ਼ਿਲ੍ਹਾ ਕੋਆਰਡੀਨੇਟਰ ਸਵਾਮੀ ਵੇਦਾਂਤ ਪ੍ਰਕਾਸ਼ ਨੇ ਹਿੱਸਾ ਲਿਆ।



## ਦੇਸ਼ ਭਗਤ ਆਯੁਰਵੈਦਿਕ ਕਾਲਜ 'ਚ ਵਿਸ਼ਵ ਤਪਦਿਕ ਦਿਵਸ 'ਤੇ ਜਾਗਰੂਕਤਾ ਭਾਸ਼ਣ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)** ਵਿਸ਼ਵ ਤਪਦਿਕ ਦਿਵਸ 2026 ਨੂੰ ਮਨਾਉਣ ਦੇ ਮੌਕੇ ਦੇਸ਼ ਭਗਤ ਆਯੁਰਵੈਦਿਕ ਕਾਲਜ ਅਤੇ ਹਸਪਤਾਲ ਨੇ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਤਪਦਿਕ ਅਤੇ ਇਸ ਦੀ ਰੋਕਥਾਮ ਬਾਰੇ ਜਾਗਰੂਕ ਕਰਨ ਲਈ ਇੱਕ ਜਾਗਰੂਕਤਾ ਭਾਸ਼ਣ ਕਰਵਾਇਆ।ਇਹ ਪ੍ਰੋਗਰਾਮ ਕੈਂਪਸ ਦੇ ਡਾਇਰੈਕਟਰ ਡਾ. ਕੁਲਭੂਸ਼ਣ ਅਤੇ ਪ੍ਰਿੰਸੀਪਲ ਡਾ. ਹੇਮ ਰਾਜ ਦੀ ਅਗਵਾਈ ਹੇਠ ਕਰਵਾਇਆ ਗਿਆ। ਮੁੱਖ ਬੁਲਾਰੇ, ਰੋਗ ਨਿਦਾਨ ਏਵਮ ਵਿਕ੍ਰਤੀ ਵਿਗਿਆਨ ਵਿਭਾਗ ਵਿੱਚ ਸਹਾਇਕ ਪ੍ਰੋਫੈਸਰ ਡਾ. ਇੰਦੂ ਨੇ ਤਪਦਿਕ ਬਾਰੇ ਭਾਸ਼ਣ ਦਿੱਤਾ। ਉਨ੍ਹਾਂ ਨੇ ਬਿਮਾਰੀ ਦੇ ਕਾਰਨਾਂ, ਲੱਛਣਾਂ, ਸੰਚਾਰ ਦੇ ਤਰੀਕਿਆਂ ਅਤੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਦੱਸਿਆ, ਨਾਲ ਹੀ ਪ੍ਰਭਾਵਸ਼ਾਲੀ ਰੋਕਥਾਮ ਉਪਾਵਾਂ 'ਤੇ ਵੀ ਚਾਨਣਾ ਪਾਇਆ। ਜਲਦੀ ਪਤਾ ਲਗਾਉਣ, ਸਹੀ ਇਲਾਜ ਅਤੇ ਭਾਈਚਾਰਕ ਪੱਧਰ 'ਤੇ ਜਾਗਰੂਕਤਾ ਫੈਲਾਉਣ 'ਤੇ ਜ਼ੋਰ ਦਿੱਤਾ ਗਿਆ।ਇਸ ਸੈਸ਼ਨ ਵਿੱਚ ਬੀ ਏ ਐਮ ਐਸ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ। ਇਸ ਮੌਕ ਫੈਕਲਟੀ ਮੈਂਬਰਾਂ ਵਿੱਚ ਡਾ. ਅਮਨਦੀਪ ਸ਼ਰਮਾ, ਵਾਈਸ-ਪ੍ਰਿੰਸੀਪਲ ਅਤੇ ਐਸੋਸੀਏਟ ਪ੍ਰੋਫੈਸਰ, ਅਗਦਤੰਤਰ ਵਿਭਾਗ, ਡਾ. ਹਰੀ ਨਾਥ ਮਿਸ਼ਰਾ, ਪ੍ਰੋਫੈਸਰ, ਸ਼ਾਲਕਿਆ ਤੰਤਰ ਵਿਭਾਗ, ਡਾ: ਸ਼ਾਰਦਿੰਦੂ ਸ਼ਰਮਾ, ਪ੍ਰੋਫੈਸਰ, ਰੋਗ ਨਿਦਾਨ ਵਿਭਾਗ, ਈਵਮ ਵਿਕ੍ਰਿਤੀ ਵਿਗਿਆਨ, ਡਾ. ਵਿਨਾਇਕ, ਵਿਨਾਇਕ ਵਿਭਾਗ ਦੇ ਪ੍ਰੋ: ਵਿਨਾਇਕ, ਡਾ. ਮਧੂ ਜੋਸ਼ੀ, ਪ੍ਰੋਫੈਸਰ, ਪ੍ਰਸੂਤੀ ਤੰਤਰ ਇਵਮ ਸਤਰੀ ਰੋਗ ਵਿਭਾਗ, ਡਾ. ਨਿਸ਼ਾਂਤ ਪਾਈਕਾ ਆਦਿ ਹਾਜ਼ਰ ਸਨ।



# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਮਾਨਸਾ ਦੀ ਅਹਿਮ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਸੱਤ ਪਾਲ ਰਿਸ਼ੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਵੱਖ ਵੱਖ ਬਲਾਕਾਂ ਦੀਆਂ ਆਗੂ ਟੀਮਾਂ ਤੋਂ ਇਲਾਵਾ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਸਹਾਇਕ ਵਿੱਤ ਸਕੱਤਰ ਤਾਰਾ ਚੰਦ ਭਾਵਾ, ਜ਼ਿਲ੍ਹਾ ਚੇਅਰਮੈਨ ਰਘਵੀਰ ਚੰਦ ਅਕਲੀਆ, ਸਕੱਤਰ ਸਿਮਰਜੀਤ ਸਿੰਘ ਗਾਗੋਵਾਲ, ਕੈਸ਼ੀਅਰ ਅਮਰੀਕ ਸਿੰਘ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਜਥੇਬੰਦਕ ਪਰਿਵਾਰ 'ਚ ਵਾਪਰੀਆਂ ਅਣਹੋਣੀਆਂ ਘਟਨਾਵਾਂ 'ਚ ਵਿੱਛੜੇ ਮੈਂਬਰਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਮੀਟਿੰਗ ਦੌਰਾਨ ਆਗੂਆਂ ਵੱਲੋਂ ਮੌਜੂਦਾ ਹਾਲਤਾਂ 'ਤੇ ਵਿਚਾਰ ਸਾਂਝੇ ਕੀਤੇ ਗਏ ਤੇ ਜਥੇਬੰਦਕ ਤਾਣੇ ਬਾਣੇ ਦੀ ਮਜ਼ਬੂਤੀ ਤੇ ਲਾਮਬੰਦੀ ਸਬੰਧੀ ਵਿਉਂਤਬੰਦੀ ਵੀ ਕੀਤੀ ਗਈ। ਸੂਬਾ ਪ੍ਰਧਾਨ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਪੈਨਲ ਮੀਟਿੰਗ ਤੇ ਚੋਣਾਂ ਸਮੇਂ ਕੀਤੇ ਤਮਾਮ ਵਾਅਦਿਆਂ ਤੋਂ ਮੁੱਕਰ ਰਹੀ ਹੈ, ਜਿਸ ਕਾਰਨ ਸੂਬੇ ਭਰ ਦੇ



**● ਮੰਗਾਂ ਲਈ ਤਿੱਖਾ ਸੰਘਰਸ਼ ਵਿੱਢਣ ਦਾ ਫੈਸਲਾ : ਗੋਇਲ**

ਪ੍ਰੈਕਟੀਸ਼ਨਰਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਸਿਖਲਾਈ ਤੇ ਮਾਨਤਾ ਦੀ ਮੰਗ ਮਨਵਾਉਣ ਲਈ ਸੂਬਾ ਪੱਧਰੀ ਵਿਸ਼ਾਲ ਸੰਘਰਸ਼ ਵਿੱਢਣ ਲਈ ਸੂਬੇ ਭਰ ਦੇ ਪ੍ਰੈਕਟੀਸ਼ਨਰ ਤਿਆਰ ਰਹਿਣ। ਹਾਜ਼ਰ ਆਗੂਆਂ ਵੱਲੋਂ ਸਰਬਸੰਮਤੀ ਨਾਲ ਫੈਸਲੇ ਕੀਤਾ ਗਿਆ ਕਿ ਸੂਬਾ ਕਮੇਟੀ ਵੱਲੋਂ ਉਲੀਕੇ ਹਰ ਸੰਘਰਸ਼ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਇਸ ਸਮੇਂ ਜ਼ਿਲ੍ਹਾ ਸਹਾਇਕ ਕੈਸ਼ੀਅਰ ਅਸ਼ੋਕ ਗਾਮੀਵਾਲਾ, ਸਹਾਇਕ ਸਕੱਤਰ ਹਰਬੰਸ ਸਿੰਘ ਦਿਆਲਪੁਰਾ, ਬਲਾਕ ਬਰੇਟਾ ਦੇ ਪ੍ਰਧਾਨ ਪ੍ਰੇਮ ਸਿੰਘ ਕਿਸ਼ਨਗੜ੍ਹ, ਝੁਨੀਰ ਦੇ ਅੰਗਰੇਜ਼ ਸਿੰਘ ਸਾਹਨੇਵਾਲੀ, ਸਕੱਤਰ ਜਸਵੀਰ ਸਿੰਘ ਤੇ ਕੈਸ਼ੀਅਰ ਰਾਜ ਸਿੰਘ ਝੰਡੂਕੇ, ਜੋਗਾ ਦੇ ਗੁਰਵਿੰਦਰ ਸਿੰਘ, ਭੀਖੀ ਦੇ ਸਤਵੰਤ ਸਿੰਘ, ਮਾਨਸਾ ਦੇ ਚੇਅਰਮੈਨ ਗੁਰਨਾਮ ਸਿੰਘ ਕੋਟੜਾ, ਸਕੱਤਰ ਰਨਵੀਰ ਸਿੰਘ, ਸੀਨੀਅਰ ਵਾਇਸ ਪ੍ਰਧਾਨ ਅਜਮੇਰ ਖਿਆਲਾ ਤੇ ਮਨੋਜ ਖਿਆਲਾ, ਬੁਢਲਾਡਾ ਦੇ ਚੇਅਰਮੈਨ ਰਮਜ਼ਾਨ, ਸਕੱਤਰ ਬੂਟਾ ਸਿੰਘ ਸਸਪਾਲੀ, ਵਾਇਸ ਪ੍ਰਧਾਨ ਲੱਖਾ ਸਿੰਘ ਅਹਿਮਦਪੁਰ ਤੇ ਬੋਹਾ ਦੇ ਆਗੂ ਅਸ਼ੋਕ ਕੁਮਾਰ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਸੂਬਾਈ ਲੀਡਰਸ਼ਿਪ ਵੱਲੋਂ ਉਲੀਕੇ ਸੰਘਰਸ਼ ਤੇ ਹਰ ਪ੍ਰੋਗਰਾਮ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

## ਭੂੰਦੜ ਸਕੂਲ ਦੇ 6 ਵਿਦਿਆਰਥੀ ਮੈਰੀਟੋਰੀਅਸ ਦਾਖਲਾ ਪ੍ਰੀਖਿਆ 'ਚ ਪਾਸ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਸਰਕਾਰੀ ਹਾਈ ਸਕੂਲ ਭੂੰਦੜ ਦੇ 6 ਵਿਦਿਆਰਥੀਆਂ ਨੇ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਗਿਆਰਵੀਂ ਜਮਾਤ ਲਈ ਕਰਵਾਈ ਗਈ ਮੈਰੀਟੋਰੀਅਸ ਤੇ ਸਕੂਲ ਆਫ ਐਮੀਨੈਂਸ ਦਾਖ਼ਲਾ ਪ੍ਰੀਖਿਆ ਪਾਸ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਸਕੂਲ ਦੇ ਵਿਦਿਆਰਥੀ ਸਤਵੀਰ ਕੌਰ, ਹਰਸਿਮਰਨ ਕੌਰ, ਸੁਖਪ੍ਰੀਤ ਕੌਰ, ਪਰਦੀਪ ਕੌਰ, ਮਨਪ੍ਰੀਤ ਸਿੰਘ ਤੇ ਮਨਿੰਦਰ ਸਿੰਘ ਨੇ ਇਹ ਪ੍ਰੀਖਿਆ ਪਾਸ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਵਿਦਿਆਰਥੀਆਂ ਦੀ ਕਾਮਯਾਬੀ ਨੇ ਸਕੂਲ ਨੂੰ ਮੋਹਰੀ ਸਿੱਖਿਆ ਸੰਸਥਾ ਵਜੋਂ ਹੋਰ ਵਧੇਰੇ ਮਜ਼ਬੂਤ ਕੀਤਾ ਹੈ। ਸਕੂਲ ਮੁਖੀ ਸ੍ਰੀਮਤੀ ਪੂਜਾ ਰਾਣੀ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਤੇ ਮੈਂਬਰਾਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਪ੍ਰਭੂ ਯਿਸੂ ਮਸੀਹ ਨੇ ਸਾਨੂੰ ਸ਼ਾਂਤੀ ਤੇ ਪਿਆਰ ਦਾ ਸੰਦੇਸ਼ ਦਿੱਤਾ : ਪਾਸਟਰ ਰਾਜੇਸ਼ ਮਸੀਹ

**ਮੱਖੂ, (ਰਛਪਾਲ ਸਿੰਘ ਸੰਧੂ)**- ਮਸੀਹ ਭਾਈਚਾਰੇ ਵੱਲੋਂ ਮੱਖੂ ਵਿੱਚ ਖਜੂਰੀ ਐਤਵਾਰ ਦਾ ਦਿਨ ਬੜਾ ਸ਼ਰਧਾ ਤੇ ਉਲ੍ਹਾਸ ਨਾਲ ਮਨਾਇਆ ਗਿਆ। ਇਸ ਮੌਕੇ ਸ਼ਹਿਰ ਵਿੱਚ ਜੱਲ੍ਹਾ ਚੌਂਕੀ ਤੋਂ ਜ਼ੀਰਾ ਵਾਲਾ ਮੋੜ ਤੱਕ ਯਾਤਰਾ ਕੱਢੀ ਗਈ। ਪਵਿੱਤਰ ਬਾਈਬਲ ਦੇ ਅਨੁਸਾਰ ਇਸ ਐਤਵਾਰ ਪ੍ਰਭੂ ਯਿਸੂ ਮਸੀਹ ਇੱਕ ਗਧੇ ਦੇ ਬੱਚੇ 'ਤੇ ਸਵਾਰ ਹੋ ਕੇ ਅਖੀਰਲੀ ਵਾਰ ਯਰੂਸ਼ਲਮ ਵਿੱਚ ਗਏ ਸਨ। ਲੋਕਾਂ ਨੇ ਖਜੂਰ ਦੀਆਂ ਟਾਹਣੀਆਂ ਅਤੇ ਕੀਮਤੀ ਕੱਪੜੇ ਰਸਤੇ ਵਿੱਚ ਵਿਛਾ ਦਿੱਤੇ ਅਤੇ ਹੋ ਸਨਾ ਹੋ ਸਨਾ ਦੇ ਨਾਅਰੇ ਲਗਾ ਪ੍ਰਭੂ ਦੀ ਉਸਤਤ ਕੀਤੀ। ਪਾਸਟਰ ਰਾਜੇਸ਼ ਮਸੀਹ ਨੇ ਦੱਸਿਆ ਕਿ ਪ੍ਰਭੂ ਯਿਸ਼ੂ ਮਸੀਹ ਏਕ ਗਧੇ ਦੇ ਬੱਚੇ ਦੀ ਸਵਾਰੀ ਇਸ ਲਈ ਕੀਤੀ ਕਿ ਉਨ੍ਹਾਂ ਨੇ ਆਪਣੇ ਆਪ ਨੂੰ ਬਹੁਤ ਨੀਵਾਂ ਕਰਕੇ ਦਿਖਾਇਆ । ਪ੍ਰਭੂ ਯਿਸੂ ਮਸੀਹ ਨੇ ਸਾਨੂੰ ਪਿਆਰ ਅਤੇ ਸ਼ਾਂਤੀ ਨਾਲ ਰਹਿਣ ਦਾ ਸੰਦੇਸ਼ ਦਿੱਤਾ, ਉਨ੍ਹਾਂ ਦੇ ਸੰਦੇਸ਼ ਤੋਂ ਪ੍ਰਭਾਵਿਤ ਹੋ ਕੇ ਪੂਰੀ ਦੁਨੀਆ ਵਿੱਚ ਲੋਕ ਵੱਡੀ ਗਿਣਤੀ ਵਿੱਚ ਪ੍ਰਭੂ ਯਿਸੂ ਮਸੀਹ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਆਪਣੀ ਜ਼ਿੰਦਗੀ ਜੀ ਰਹੇ ਹਨ। ਇਸ ਮੌਕੇ ਪਾਸਟਰ ਮਰਕਸ ਮਸੀਹ, ਪਾਸਟਰ ਕਸ਼ਮੀਰ ਮਸੀਹ, ਪਾਸਟਰ ਸੋਨੂੰ ਮਸੀਹ, ਪਾਸਟਰ ਬਲਦੇਵ ਮਸੀਹ, ਪਾਸਟਰ ਸ਼ੇਰਾ ਮਸੀਹ, ਪਾਸਟਰ ਅਮਰੀਕ ਮਸੀਹ ਆਦਿ ਹਾਜ਼ਰ ਸਨ।



# ਝੱਖੜਵਾਲਾ ਵਿਖੇ ਸਿਹਤ ਤੇ ਸਿੱਖਿਆ ਸੰਬੰਧੀ ਸੈਮੀਨਾਰ

**ਕੋਟਕਪੂਰਾ (ਰਛਪਾਲ ਭੁੱਲਰ)** : ਨੇੜਲੇ ਪਿੰਡ ਝੱਖੜਵਾਲਾ ਦੇ ਗੁਰਦਵਾਰਾ ਸਾਹਿਬ ਵਿਖੇ ਸਿਹਤ ਤੇ ਸਿੱਖਿਆ ਸਬੰਧੀ ਕੀਤੇ ਸੈਮੀਨਾਰ ਦੌਰਾਨ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਕੋਟਕਪੂਰਾ ਦੀ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਆਖਿਆ ਕਿ ਮੇਰੀ ਪਿਛਲੇ ਲੰਮੇ ਸਮੇਂ ਤੋਂ ਦਿਲੀ ਇੱਛਾ ਰਹੀ ਹੈ ਕਿ ਸਾਡੇ ਪੰਜਾਬੀ ਨੌਜਵਾਨ ਮੁੰਡੇ-ਕੁੜੀਆਂ ਨੂੰ ਆਈ.ਏ.ਐੱਸ. ਤੇ ਆਈ.ਪੀ.ਐੱਸ. ਦੀ ਕੋਚਿੰਗ ਦੇ ਕੇ ਜੇਕਰ ਉਨ੍ਹਾ ਨੂੰ ਸਮਰੱਥ ਬਣਾਇਆ ਜਾਵੇ ਤਾਂ ਪੰਜਾਬ ਦੀ ਕਾਇਆਕਲਪ ਹੋ ਸਕਦੀ ਹੈ, ਕਿਉਂਕਿ ਪਹਿਲਾਂ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਵਿੱਚ ਪੰਜਾਬੀ ਨੌਜਵਾਨ ਆਈ.ਏ.ਐੱਸ. ਤੇ ਆਈ.ਪੀ.ਐੱਸ. ਦੀਆਂ ਕੁਰਸੀਆਂ 'ਤੇ ਬਿਰਾਜ਼ਮਾਨ ਹੁੰਦੇ ਸਨ, ਪਰ ਅੱਜ ਪੰਜਾਬ ਵਿੱਚ ਦੂਜੇ ਰਾਜਾਂ ਦੇ ਆਈ.ਏ.ਐੱਸ. ਤੇ ਆਈ.ਪੀ.ਐੱਸ. ਆਦਿਕ ਅਧਿਕਾਰੀਆਂ ਦੀ ਬਹੁਤਾਤ ਹੈ।ਮੈਂ ਆਪਣੇ ਵੱਲੋਂ ਆਈ.ਏ.ਐੱਸ. ਤੇ ਆਈ.ਪੀ.ਐੱਸ. ਦੇ ਨਾਲ-ਨਾਲ ਡਾਕਟਰ, ਡਿਫੈਂਸ ਅਫਸਰ, ਆਰਕੀਟੈਕਟ, ਨਾਟਾ, ਕਲੈਟ/ਜੱਜ ਟ੍ਰੇਨਿੰਗ ਸਮੇਤ ਹੋਰ ਬਹੁਤ ਸਾਰੇ ਅਜਿਹੇ ਕੋਰਸ ਕਰਵਾਉਣ ਦੀ ਯੋਜਨਾ ਬਣਾ ਰਿਹਾ ਹਾਂ, ਕਿਉਂਕਿ ਮੇਰਾ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਾਲਾ ਕੰਪਲੈਕਸ ਲਗਭਗ 7 ਏਕੜ ਵਿੱਚ ਬਣਿਆ ਹੋਇਆ ਹੈ, ਜਿੱਥੇ ਉਕਤ ਕੋਰਸ ਆਰਾਮ ਨਾਲ ਕਰਵਾਏ ਜਾ ਸਕਦੇ ਹਨ।ਇਹ ਸੰਸਥਾ ਪੰਜਾਬ ਹੀ ਨਹੀਂ, ਬਲਕਿ ਐਨੇ ਖੁੱਲੇ ਚੌੜੇ ਖੇਤਰਫਲ ਵਿੱਚ ਉੱਤਰੀ ਭਾਰਤ ਦੀ ਪਹਿਲੀ ਸੰਸਥਾ ਹੋਵੇਗੀ।ਕਾਲਜ ਦੀਆਂ ਵਿਜ਼ਡਮ ਕੋਟਾ ਕਲਾਸਾਂ ਦੇ ਡਾਇਰੈਕਟਰ ਵਿਨੋਦ ਵਰਮਾ ਤੇ ਗੁੱਡ ਮੌਰਨਿੰਗ ਕਲੱਬ ਦੇ ਸੰਸਥਾਪਕ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਹੈਰਾਨੀ ਪ੍ਰਗਟਾਈ ਕਿ ਅਕਸਰ ਲੋਕ ਬੱਚਿਆਂ ਨੂੰ ਦਸਵੀਂ ਤੋਂ ਬਾਅਦ ਕਿਸੇ ਨਿੱਜੀ ਸਕੂਲ ਵਿੱਚ ਡੰਮੀ ਦਾਖਲਾ ਕਰਵਾ ਕੇ ਨੀਟ ਤੇ ਜੇ.ਈ.ਈ. ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੱਡੇ ਸ਼ਹਿਰਾਂ ਵਿੱਚ ਭੇਜ ਦਿੰਦੇ ਹਨ, ਜਿਸ ਨਾਲ ਉਨ੍ਹਾ ਦੀ ਪ੍ਰੰਪਰਿਕ ਪੜ੍ਹਾਈ ਅਧੂਰੀ ਰਹਿ ਜਾਣ ਕਾਰਨ ਉਨ੍ਹਾ ਨੂੰ ਵਿਸ਼ੇ ਦਾ ਪੂਰਨ ਗਿਆਨ ਨਹੀਂ ਮਿਲਦਾ।ਉਨ੍ਹਾਂ ਦਾਅਵਾ ਕੀਤਾ ਕਿ ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਵੀ ਦਿੱਤੀ ਜਾਵੇਗੀ।ਇਸ ਮੌਕੇ ਉਪਰੋਕਤ ਤੋਂ ਇਲਾਵਾ ਡਾ. ਗੁਰਮੇਲ ਸਿੰਘ ਚਾਹਲ, ਮਾ. ਜਸਵੰਤ ਸਿੰਘ, ਸੁਖਬੀਰ ਸਿੰਘ ਬਰਾੜ ਸਮੇਤ ਅਨੇਕਾਂ ਪਤਵੰਤੇ ਹਾਜ਼ਰ ਸਨ।



# ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਪਾਤੜਾਂ ਦੀ ਚੋਣ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵੱਲੋਂ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਦੀ ਪ੍ਰਧਾਨਗੀ ਹੇਠ ਹੋਏ ਡੈਲੀਗੇਟ ਅਜਲਾਸ ਦੌਰਾਨ ਸਰਬਸੰਮਤੀ ਨਾਲ ਬਲਾਕ ਪਾਤੜਾਂ ਦੀ ਚੋਣ ਕੀਤੀ ਗਈ।ਚੋਣ ਅਬਜ਼ਰਵਰ ਦੀ ਜ਼ਿੰਮੇਵਾਰੀ ਭਾਗ ਸਿੰਘ ਫਤਿਹਪੁਰ ਤੇ ਯਾਦਵਿੰਦਰ ਸਿੰਘ ਕੂਕਾ ਵੱਲੋਂ ਨਿਭਾਈ ਗਈ।ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸਵਾਜਪੁਰ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਵਿਧੀ ਵਿਧਾਨ ਮੁਤਾਬਕ ਬਲਾਕ ਪਾਤੜਾਂ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਵਿਰਕਮਜੀਤ ਸਿੰਘ ਅਰਨੋ ਨੂੰ ਪ੍ਰਧਾਨ, ਮਹਿੰਦਰ ਸਿੰਘ ਜਨਰਲ ਸਕੱਤਰ, ਖਜ਼ਾਨਚੀ ਮਨਿੰਦਰਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਮਹਿੰਦਰ ਸਿੰਘ, ਮੀਤ ਪ੍ਰਧਾਨ ਸੁਖਦੇਵ ਸਿੰਘ, ਪ੍ਰੈੱਸ ਸਕੱਤਰ ਸਰਵਜੀਤ ਸਿੰਘ ਤੇ ਮੀਤ ਸਕੱਤਰ ਗੁਰਮੀਤ ਸਿੰਘ ਨੂੰ ਚੁਣਿਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਸਮਾਣਾ ਗੁਰਨਾਮ ਸਿੰਘ ਢੈਠਲ ਤੇ ਬਲਾਕ ਕਾਰਜਕਾਰੀ ਪ੍ਰਧਾਨ ਪਟਿਆਲਾ ਪਵਨ ਕੁਮਾਰ ਪਸ਼ਿਆਣਾ ਨੇ ਕਿਹਾ ਕਿ ਸਰਕਾਰਾਂ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੇ ਮਨਸੂਬੇ ਘੜੇ ਜਾ ਰਹੇ ਹਨ।ਉਨ੍ਹਾਂ ਬਿਜਲੀ ਤੇ ਬੀਜ ਸੋਧ ਬਿਲ, ਐੱਮ ਐੱਸ ਪੀ ਕਾਨੂੰਨੀ ਗਰੰਟੀ, ਹੜ੍ਹਾਂ ਦੌਰਾਨ ਬਰਬਾਦ ਹੋਈਆਂ ਫਸਲਾਂ ਦਾ ਯੋਗ ਮੁਆਵਜ਼ਾ, ਖਨੌਰੀ ਤੇ ਸ਼ੰਭੂ ਮੋਰਚੇ ਤੋਂ ਚੋਰੀ ਹੋਏ ਸਾਮਾਨ ਦੀ ਭਰਪਾਈ ਕਰਵਾਉਣ ਲਈ ਡੱਟਵੇਂ ਸੰਘਰਸ਼ ਦਾ ਸੱਦਾ ਦਿੱਤਾ।ਆਗੂਆਂ ਨੇ ਕਿਹਾ ਕਿ ਜਥੇਬੰਦੀ ਦਾ ਸੂਬਾ ਅਜਲਾਸ 5 ਤੇ 6 ਅਪ੍ਰੈਲ ਨੂੰ ਜ਼ੀਰਾ ਵਿਖੇ ਹੋ ਰਿਹਾ ਹੈ, ਜਿਸ ਵਿੱਚ ਪੰਜਾਬ ਭਰ ਤੋਂ ਕਿਸਾਨ ਹਿੱਸਾ ਲੈਣਗੇ। ਅੰਤ ਵਿੱਚ ਪ੍ਰਧਾਨ ਵਿਕਰਮਜੀਤ ਸਿੰਘ ਅਰਨੋ ਤੇ ਸਮੁੱਚੀ ਟੀਮ ਨੇ ਚੋਣ ਵਿੱਚ ਸ਼ਾਮਲ ਹੋਏ ਸਾਰੇ ਕਿਸਾਨਾਂ, ਡੈਲੀਗੇਟਸ, ਅਬਜ਼ਰਵਰ ਤੇ ਜ਼ਿਲ੍ਹਾ ਆਗੂਆਂ ਦਾ ਧੰਨਵਾਦ ਕਰਦੇ ਹੋਏ ਕਿਸਾਨੀ ਹੱਕਾਂ ਲਈ ਦ੍ਰਿੜ੍ਹ ਖਾੜਕੂ ਘੋਲ ਲੜਨ ਦਾ ਅਹਿਦ ਲਿਆ।



## ਏ ਆਈ ਟਾਵਰ ਲੋਕਾਂ ਲਈ ਹੋਵੇਗਾ ਘਾਤਕ : ਸੁਖਬੀਰ ਬਾਦਲ

**ਲੌਂਗੋਵਾਲ (ਪ੍ਰਦੀਪ ਸੱਪਲ)**- ਭਗਵੰਤ ਮਾਨ ਸਰਕਾਰ ਵੱਲੋਂ ਮੋਹਾਲੀ ਵਿੱਚ ਲਗਾਇਆ ਜਾ ਰਿਹਾ ਏ ਆਈ ਟਾਵਰ ਉਥੋਂ ਦੇ ਲੋਕਾਂ ਲਈ ਘਾਤਕ ਸਾਬਿਤ ਹੋਵੇਗਾ।ਇਹ ਗੱਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਗੱਲਬਾਤ ਕਰਦਿਆਂ ਕਹੀ।ਉਨ੍ਹਾਂ ਕਿਹਾ ਕਿ ਇਹ ਟਾਵਰ ਲਗਾਉਣਾ ਬਹੁਤ ਹੀ ਸੰਵੇਦਨਸ਼ੀਲ ਮੁੱਦਾ ਹੈ, ਜਿਸ ਸਬੰਧੀ ਸਰਕਾਰ ਨੂੰ ਸੋਚ ਸਮਝ ਕੇ ਫ਼ੈਸਲਾ ਲੈਣਾ ਚਾਹੀਦਾ ਹੈ।ਉਨ੍ਹਾਂ ਸਿਹਤ ਬੀਮਾ ਯੋਜਨਾ ਨੂੰ ਕੋਰੀ ਡਰਾਮੇਬਾਜ਼ੀ ਦੱਸਦਿਆਂ ਕਿਹਾ ਕਿ 90 ਪ੍ਰਤੀਸ਼ਤ ਲੋਕਾਂ ਦੇ ਇਹ ਕਾਰਡ ਬਣੇ ਨਹੀਂ ਤੇ ਜਿਨ੍ਹਾਂ ਦੇ ਬਣੇ ਹਨ, ਉਨ੍ਹਾਂ ਦੇ ਚਲਦੇ ਨਹੀਂ ਤੇ ਅਜਿਹੀਆ ਡਰਾਮੇਬਾਜ਼ੀਆਂ ਕਰਕੇ ਸਰਕਾਰ ਲੋਕਾਂ ਨਾਲ ਧੋਖਾ ਕਰ ਰਹੀ ਹੈ। ਇਸ ਤੋਂ ਪਹਿਲਾਂ ਸੁਖਬੀਰ ਬਾਦਲ ਨੇ ਲੌਂਗੋਵਾਲ ਵਿਖੇ ਸ਼ਹੀਦ ਊਧਮ ਸਿੰਘ ਸਪੋਰਟਸ ਐਂਡ ਵੈੱਲਫੇਅਰ ਸੁਸਾਇਟੀ ਲੌਂਗੋਵਾਲ ਵੱਲੋਂ ਕਰਵਾਏ ਗਏ ਖੇਡ ਮੇਲੇ ਦੌਰਾਨ ਵੱਡੇ ਇੱਕਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਮੁੜ ਬਨਣ 'ਤੇ ਕਬੱਡੀ ਤੇ ਕੁਸ਼ਤੀ ਦੇ ਵਰਲਡ ਕੱਪ ਕਰਾਵਾਂਗੇ।ਬਾਦਲ ਨੇ ਕਿਹਾ ਕਿ 2017 ਤੋਂ ਬਾਅਦ ਕਿਸੇ ਵੀ ਸਰਕਾਰ ਨੇ ਪੰਜਾਬ ਦੀ ਮਾਂ ਖੇਡ ਕਬੱਡੀ ਵੱਲ ਗੌਰ ਨਹੀਂ ਕੀਤੀ।ਅਕਾਲੀ ਸਰਕਾਰ ਵਲੋਂ ਕਰਵਾਏ ਵਰਲਡ ਕੱਪ ਇੰਨੇ ਕੁ ਪ੍ਰਸਿੱਧ ਹੋਏ ਕਿ ਈਰਾਨ ਦੇ ਤਤਕਾਲੀਨ ਉਪ ਪ੍ਰਧਾਨ ਮੰਤਰੀ ਤੇ ਪਾਕਿਸਤਾਨ ਦੇ ਹੁਣ ਦੇ ਮੌਜੂਦਾ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਇਨ੍ਹਾਂ ਕਬੱਡੀ ਕੱਪਾਂ ਨੂੰ ਵੇਖਣ ਲਈ ਪੰਜਾਬ ਪੁੱਜੇ ਸਨ।ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਦੀਆਂ ਕਬੱਡੀ ਅਤੇ ਹੋਰ ਪੇਂਡੂ ਖੇਡਾਂ ਨੂੰ ਵਿਸ਼ਵ ਪੱਧਰ ਤੇ ਲੈਕੇ ਜਾਵਾਂਗੇ।ਇਸ ਮੌਕੇ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਤੇ ਮੇਲਾ ਪ੍ਰਬੰਧਕਾਂ ਨੇ ਸੁਖਬੀਰ ਬਾਦਲ ਦਾ ਸਵਾਗਤ ਕੀਤਾ। ਇਸ ਮੌਕੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਅਰਵਿੰਦ ਖੰਨਾ, ਅਮਰਜੀਤ ਸਿੰਘ ਬਡਰੁੱਖਾਂ, ਸੁਖਵਿੰਦਰ ਸਿੰਘ ਚਹਿਲ ਸਾਬਕਾ ਸਰਪੰਚ, ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਆਦਿ ਮੌਜੂਦ ਸਨ।



# ਭਾਮ 'ਚ ਸਾਲਾਨਾ 11 ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਆਰੰਭ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਭਾਮ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨਆਰਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਨੌਜਵਾਨ ਸਪੋਰਟਸ ਕਲੱਬ ਭਾਮ ਵੱਲੋਂ ਸਲਾਨਾ 11 ਸਾਈਡ ਨਾਈਟ ਸ਼ਾਨਦਾਰ ਫੁੱਟਬਾਲ ਕੱਪ ਟੂਰਨਾਮੈਂਟ 28 ਮਾਰਚ ਤੋਂ 5 ਅਪ੍ਰੈਲ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਮੁੱਖ ਪ੍ਰਬੰਧਕ ਜਥੇਦਾਰ ਹਰੀ ਸਿੰਘ ਜਸਵਾਲ, ਰਾਜਬਲਵੀਰ ਸਿੰਘ, ਗੁਰਪ੍ਰੀਤ ਸਿੰਘ ਗੋਪੀ ਭਾਮ, ਦੀਪਕ ਕੁਮਾਰ ਜਸਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ 11 ਸਾਈਡ ਨਾਈਟ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦੇ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਉੱਘੇ ਖੇਡ ਪ੍ਰਮੋਟਰ ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਉੱਘੇ ਸਮਾਜ ਸੇਵਕ ਰਾਜਬਲਵੀਰ ਸਿੰਘ ਭਾਮ, ਨੰਬਰਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ ਨੇ ਅਰਦਾਸ ਹੋਣ ਉਪਰੰਤ ਰੀਬਨ ਕੱਟ ਕੇ ਸਾਂਝੇ ਤੌਰ 'ਤੇ ਉਦਘਾਟਨ ਕੀਤਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਉਦਘਾਟਨੀ ਮੈਚ ਪਿੰਡ ਗੋਦਪੁਰ ਅਤੇ ਅੱਛਰਵਾਲ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਗੋਦਪੁਰ ਦੀ ਟੀਮ ਜੇਤੂ ਰਹੀ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਇਸ ਸਲਾਨਾ 11 ਸਾਈਡ ਨਾਇਟ ਫੁੱਟਬਾਲ ਸ਼ਾਨਦਾਰ ਕੱਪ ਟੂਰਨਾਮੈਂਟ ਵਿਚ ਪੰਜਾਬ ਦੀਆਂ ਨਾਮਵਰ 24 ਟੀਮਾਂ ਪੁੱਜ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 2010 ਏਜ ਕੈਟਾਗਰੀ ਦੀਆ 8 ਟੀਮਾਂ ਹਿੱਸਾ ਲੈਣਗੀਆਂ।





ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਲਾਨਾ 11 ਸਾਈਡ ਨਾਈਟ ਸ਼ਾਨਦਾਰ ਫੁੱਟਬਾਲ ਕੱਪ ਦਾ ਪਹਿਲਾ ਇਨਾਮ 71,000 ਹਜ਼ਾਰ ਰੁਪਏ ਰਾਜਬਲਵੀਰ ਸਿੰਘ ਦੇਣਗੇ ਅਤੇ ਦੂਜਾ ਇਨਾਮ 61,000 ਹਜ਼ਾਰ ਰੁਪਏ ਜਥੇਦਾਰ ਹਰੀ ਸਿੰਘ ਜਸਵਾਲ ਭਾਮ ਵੱਲੋਂ ਦਿੱਤਾ ਜਾਵੇਗਾ। ਪ੍ਰਬੰਧਕਾਂ ਨੇ ਦੱਸਿਆ ਕਿ 5 ਅਪ੍ਰੈਲ ਨੂੰ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਰਾਜਬਲਵੀਰ ਸਿੰਘ ਅਤੇ ਗ੍ਰਾਮ ਪੰਚਾਇਤ ਵੱਲੋਂ ਸਾਂਝੇ ਤੌਰ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ। ਇਸ ਮੌਕੇ ਟੂਰਨਾਮੈਂਟ ਦੌਰਾਨ ਉੱਘੇ ਖੇਡ ਪ੍ਰਮੋਟਰ ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਉੱਘੇ ਸਮਾਜ ਸੇਵਕ ਰਾਜਬਲਵੀਰ ਸਿੰਘ ਭਾਮ, ਸਰਪੰਚ ਪਰਵਿੰਦਰ ਸਿੰਘ ਜਸਵਾਲ ਭਾਮ, ਗੁਰਪ੍ਰੀਤ ਸਿੰਘ ਗੋਪੀ ਭਾਮ, ਦੀਪਕ ਜਸਵਾਲ, ਗੁਰਸੇਵਕ ਸਿੰਘ ਭਾਮ, ਨੰਬਰਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਚੇਅਰਮੈਨ ਰਣਜੀਤ ਕੌਰ ਭਾਮ, ਉੱਘੇ ਸਮਾਜ ਸੇਵਕ ਸਤਪਾਲ ਜੱਖੂ, ਨੰਬਰਦਾਰ ਅਮਰਜੀਤ ਸਿੰਘ ਜਸਵਾਲ, ਰਜਿੰਦਰ ਸਿੰਘ ਫੌਜੀ, ਉਕਾਰ ਸਿੰਘ ਜਸਵਾਲ, ਗੁਰਜਿੰਦਰ ਸਿੰਘ ਗੋਗੀ ਭਾਮ, ਰਛਪਾਲ ਸਿੰਘ ਪਾਲੀ ਗੋਦਪੁਰ, ਬਲਵੀਰ ਸਿੰਘ ਪੰਚ, ਕਿਸ਼ਨ ਗੋਪਾਲ ਪੰਚ, ਕਮਲਜੀਤ ਕੌਰ ਪੰਚ, ਪ੍ਰਧਾਨ ਸੁਮਨ ਅਲੀ, ਪਰਮਜੀਤ ਕੌਰ ਮੀਤ ਪ੍ਰਧਾਨ, ਰਜੀਆ ਬੇਗਮ, ਕਰਮਜੀਤ ਕੌਰ, ਨੀਸਮ, ਕਮਲਜੀਤ, ਰਜਨੀ ਬਾਲਾ, ਹਰਜਿੰਦਰ ਕੌਰ ਜੱਸੀ, ਰਜੀਆ, ਸੰਤੋਸ਼ ਕੁਮਾਰੀ, ਸੁਰਿਤ ਕੁਮਾਰੀ, ਰਾਜਵਿੰਦਰ ਕੌਰ, ਗੁਰਮੀਤ ਕੌਰ, ਕਾਂਤਾ ਦੇਵੀ ਆਦਿ ਹਾਜ਼ਰ ਸਨ।

# ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ ਟਰੇਡ ਯੂਨੀਅਨਾਂ ਵੱਲੋਂ ਮੁਜ਼ਾਹਰਾ ਭਲਕੇ

**ਜਲੰਧਰ ( ਰਾਜੇਸ਼ ਥਾਪਾ)**-ਇਫਟੂ, ਸੀ ਟੀ ਯੂ, ਏਟਕ ਸਮੇਤ ਕੇਂਦਰੀ ਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਵਲੋਂ ਚਾਰ ਲੇਬਰ ਕੋਡਾਂ ਦੇ ਵਿਰੋਧ ਵਿੱਚ ਕਾਲਾ ਦਿਵਸ ਐਲਾਨਦਿਆਂ 1 ਅਪ੍ਰੈਲ ਨੂੰ ਪੰਜਾਬ ਭਰ 'ਚ ਸੰਘਰਸ਼ ਦਿਵਸ ਮਨਾਉਣ ਦਾ ਫ਼ੈਸਲਾ ਕੀਤਾ ਹੈ। ਇਸ ਕੜੀ ਵਜੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇਕੱਠੇ ਹੋ ਕੇ ਸ਼ਹਿਰ ਵਿੱਚ ਮੁਜ਼ਾਹਰਾ ਕੀਤਾ ਜਾਵੇਗਾ। ਏਥੇ ਮਜ਼ਦੂਰ ਆਗੂ ਹਰੀਮੁਨੀਂ ਸਿੰਘ ਦੀ ਪ੍ਰਧਾਨਗੀ ਹੇਠ ਟਰੇਡ ਯੂਨੀਅਨਾਂ ਦੀ ਹੋਈ ਮੀਟਿੰਗ 'ਚ ਫ਼ੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸੀਟੀਯੂ ਦੇ ਹਰੀਮੁਨੀ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ, ਏਟਕ ਆਗੂ ਰਣਜੀਤ ਸਿੰਘ ਔਲਖ ਤੇ ਰਛਪਾਲ ਕੈਲੇ ਆਦਿ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਪੱਕੀ ਨੌਕਰੀ ਦੀ ਥਾਂ 'ਫਿਕਸਡ ਟਰਮ ਇੰਪਲਾਇਮੈਂਟ ਲਾਗੂ ਹੋਵੇਗਾ,ਨੌਕਰੀ ਦੀ ਸੁਰੱਖਿਆ ਖ਼ਤਮ ਹੋ ਜਾਵੇਗੀ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਇਸ ਦਾ ਡੱਟ ਕੇ ਵਿਰੋਧ ਕੀਤਾ ਜਾਣਾ ਚਾਹੀਦਾ ਹੈ।

# ਸਰਬਜੀਤ ਸਿੰਘ ਮੋਮੀ ਡੇਰਾ ਸੱਚਖੰਡ ਬੱਲਾਂ ਵਿਖੇ ਹੋਏ ਨਤਮਸਤਕ

**ਟਾਂਡਾ ਉੜਮੁੜ**
**(ਜਸਵਿੰਦਰ ਸੰਧੂ, ਓਂਕਾਰ ਸਿੰਘ)**



ਧੰਨ-ਧੰਨ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ ਪਾਵਨ ਪਵਿੱਤਰ ਅਸਥਾਨ ਡੇਰਾ ਸੰਤ ਸਰਵਣ ਦਾਸ ਸੱਚਖੰਡ ਬੱਲਾਂ ਵਿਖੇ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਨਵ ਨਿਯੁਕਤ ਜਿਲਾ ਪ੍ਰਧਾਨ ਹੁਸ਼ਿਆਰਪੁਰ ਸਰਬਜੀਤ ਸਿੰਘ ਮੋਮੀ ਦਿਹਾਤੀ ਦੇ ਪ੍ਰਧਾਨ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਣ ਲਈ ਪਹੁੰਚੇ। ਇਸ ਮੌਕੇ ਮੌਜੂਦਾ ਗੱਦੀ ਨਸ਼ੀਨ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੇ ਉਹਨਾਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸੰਤ ਨਿਰੰਜਨ ਦਾਸ ਮਹਾਰਾਜ ਨੇ ਉਹਨਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਨੂੰ ਮੂਨਕ ਖੁਰਦ ਦੇ ਮੀਤ ਪ੍ਰਧਾਨ ਅਮਰਜੀਤ ਸਿੰਘ, ਸਮਾਜ ਸੇਵੀ ਸੁਰਜੀਤ ਸਿੰਘ ਕਾਲਾ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਮੂਨਕ ਖੁਰਦ ਦੇ ਮੁੱਖ ਬੁਲਾਰੇ ਪਰਮਜੀਤ ਸਿੰਘ ਮੂਨਕਾਂ ਨੂੰ ਅਸ਼ੀਰਵਾਦ ਦੇਣ ਦੇ ਨਾਲ-ਨਾਲ ਸਨਮਾਨਿਤ ਕਰਦੇ ਹੋਏ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਅਪਾਰ ਕਿਰਪਾ ਤੇ ਰਹਿਮਤ ਸਦਕਾ ਅੱਜ ਸਮੁੱਚੀ ਕੌਮ ਚੜਦੀ ਕਲਾ ਵਿੱਚ ਹੈ। ਇਸ ਮੌਕੇ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਸਮੁੱਚੇ ਵਿਸ਼ਵ ਦੇ ਨਾਲ ਨਾਲ ਡੇਰਾ ਸੱਚਖੰਡ ਬੱਲਾਂ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਪਵਿੱਤਰ ਜਨਮ ਸਥਾਨ ਸ਼੍ਰੀ ਗੋਵਰਨਪੁਰ ਕਾਸ਼ੀ ਯੂ.ਪੀ ਵਿੱਚ ਬਹੁਤ ਹੀ ਸ਼ਰਧਾ ਉਤਸ਼ਾਹ ਤੇ ਸਤਿਕਾਰ ਨਾਲ ਫਰਵਰੀ 2027 ਵਿੱਚ ਮਨਾਇਆ ਜਾ ਰਿਹਾ ਹੈ ਅਤੇ ਇਸ ਦੇ ਸਬੰਧ ਵਿੱਚ ਸਾਰੀਆਂ ਤਿਆਰੀਆਂ ਸੰਗਤਾਂ ਵੱਲੋਂ ਬੜੀ ਵੱਡੀ ਪੱਧਰ ਤੇ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਜਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਸੰਤ ਨਿਰੰਜਨ ਦਾਸ ਮਹਾਰਾਜ ਅਤੇ ਪਵਿੱਤਰ ਅਸਥਾਨ ਡੇਰਾ ਸੱਚਖੰਡ ਬੱਲਾਂ ਦੇ ਸਮੁੱਚੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

# ਕਾਂਗਰਸ ਦੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ



**ਸੁਲਤਾਨਪੁਰ ਲੋਧੀ**
**(ਧਾਲੀਵਾਲ/ਸੋਨੀਆ/ਪ੍ਰਦੀਪ ਸਿੰਘ)**

ਹਲਕਾ ਸੁਲਤਾਨਪੁਰ ਲੋਧੀ ਵਿੱਚ ਕਾਂਗਰਸ ਪਾਰਟੀ ਵੱਲੋਂ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦੀ ਅਗਵਾਈ ਹੇਠ ਹੋਈ ਵਿਸ਼ਾਲ ਮੀਟਿੰਗ ਨੇ ਰੈਲੀ ਦਾ ਰੂਪ ਧਾਰ ਲਿਆ। ਹਜ਼ਾਰਾਂ ਦੀ ਗਿਣਤੀ ਵਿੱਚ ਇਕੱਠੇ ਹੋਏ ਵਰਕਰਾਂ ਨੇ ਨਾ ਸਿਰਫ਼ ਪਾਰਟੀ ਦੀ ਮਜ਼ਬੂਤੀ ਦਰਸਾਈ, ਸਗੋਂ ਆਉਣ ਵਾਲੀਆਂ ਚੋਣਾਂ ਲਈ ਮਜਬੂਤ ਸੰਕੇਤ ਵੀ ਦਿੱਤਾ।ਮੀਟਿੰਗ ਦੌਰਾਨ ਵਰਕਰਾਂ ਵਿੱਚ ਅਸਧਾਰਣ ਜੋਸ਼ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ। ਹਾਲਾਤ ਇਹ ਸਨ ਕਿ ਬੈਠਣ ਲਈ ਕੁਰਸੀਆਂ ਵੀ ਘੱਟ ਪੈ ਗਈਆਂ ਅਤੇ ਜਗ੍ਹਾ ਵੀ ਛੋਟੀ ਸਾਬਤ ਹੋਈ। ਵਰਕਰਾਂ ਦਾ ਇਹ ਉਤਸ਼ਾਹ ਸਾਫ਼ ਦਰਸਾ ਰਿਹਾ ਸੀ ਕਿ ਜ਼ਮੀਨੀ ਪੱਧਰ 'ਤੇ ਕਾਂਗਰਸ ਦੀ ਪਕੜ ਲਗਾਤਾਰ ਮਜ਼ਬੂਤ ਹੋ ਰਹੀ ਹੈ।ਇਸ ਮੌਕੇ ਸੰਬੋਧਨ ਕਰਦੇ ਹੋਏ ਚੀਮਾ ਨੇ ਕਿਹਾ ਕਿ ਵਰਕਰਾਂ ਦੀ ਏਕਤਾ ਅਤੇ ਜਜ਼ਬਾ ਹੀ ਪਾਰਟੀ ਦੀ ਅਸਲੀ ਤਾਕਤ ਹੈ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਹਰ ਵਰਕਰ ਪਿੰਡ-ਪਿੰਡ, ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮ ਲੋਕਾਂ ਤੱਕ ਪਹੁੰਚਾਵੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਆਉਣ ਵਾਲੇ ਇੱਕ-ਡੇਢ ਮਹੀਨੇ ਵਿੱਚ ਇਸ ਤੋਂ ਵੀ ਵੱਡੀ ਮੀਟਿੰਗ ਕੀਤੀ ਜਾਵੇਗੀ।

# ਨੌਕਰੀਆਂ ਪ੍ਰਦਾਨ ਕਰਨਾ ਮਾਨ ਸਰਕਾਰ ਦੀ ਵੱਡੀ ਪ੍ਰਾਪਤੀ : ਟੀਟੂ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਨੀਲ ਅਰੋੜਾ ਟੀਟੂ ਨੇ



ਕਿਹਾ ਕਿ ਪੰਜਾਬ ਸਰਕਾਰ ਦਾ 65,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਕਿਸੇ ਰਸਮੀ ਕਾਰਵਾਈ ਅਤੇ ਬਿਨਾਂ ਕਿਸੇ ਖਰਚੇ ਦੇ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਦਾ ਫੈਸਲਾ ਇੱਕ ਇਤਿਹਾਸਕ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਅੰਕੜਾ ਨਹੀਂ, ਸਗੋਂ ਹਜ਼ਾਰਾਂ ਪਰਵਾਰਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਕਦਮ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇੱਕ ਪਾਰਦਰਸ਼ੀ ਅਤੇ ਯੋਗਤਾ-ਅਧਾਰਤ ਭਰਤੀ ਪ੍ਰਕਿਰਿਆ ਲਾਗੂ ਕਰਕੇ ਇਹ ਸਾਬਤ ਕੀਤਾ ਹੈ ਕਿ ਸਰਕਾਰ ਨੂੰ ਇਮਾਨਦਾਰੀ ਨਾਲ ਵੀ ਚਲਾਇਆ ਜਾ ਸਕਦਾ ਹੈ।ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਦਾਨ ਕਰਨ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ।ਅਰੋੜਾ ਨੇ ਅੱਗੇ ਕਿਹਾ ਕਿ ਸਰਕਾਰ ਦਾ ਟੀਚਾ ਸਿਰਫ਼ ਨੌਕਰੀਆਂ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਪਣੇ ਸੂਬੇ ਵਿੱਚ ਇੱਕ ਬਿਹਤਰ ਭਵਿੱਖ ਪ੍ਰਦਾਨ ਕਰਨਾ ਵੀ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਸਾਲਾਨਾ ਨਤੀਜਾ ਐਲਾਨਿਆ

**ਸ੍ਰੀ ਅਨੰਦਪੁਰ ਸਾਹਿਬ**
**(ਅਰਵਿੰਦਰ ਸਿੰਘ ਬਿੰਦੀ)**

ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਾਲਾਨਾ ਨਤੀਜਾ ਐਲਾਨਿਆ ਗਿਆ। ਇਸ ਸਬੰਧ ਵਿੱਚ ਕਰਵਾਏ ਗਏ ਸਮਾਗਮ ਮੌਕੇ ਡਾਇਰੈਕਟਰ ਐਜੂਕੇਸ਼ਨ ਗੁਰਮਿੰਦਰ ਸਿੰਘ ਭੁੱਲਰ ਮੁੱਖ ਮਹਿਮਾਨ ਵੱਜੋਂ ਤੇ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ ਵਿਸ਼ੇਸ਼ ਮਹਿਮਾਨ ਵੱਜੋਂ ਹਾਜ਼ਰ ਹੋਏ। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਆਏ ਹੋਏ ਮਹਿਮਾਨਾਂ ਤੇ ਮਾਤਾ ਪਿਤਾ ਸਾਹਿਬਾਨ ਨੂੰ ਜੀ ਆਇਆਂ ਕਿਹਾ ਅਤੇ ਸਕੂਲ ਦੀ ਪ੍ਰਗਤੀ ਰਿਪੋਰਟ ਵਿਸਥਾਰ ਪੂਰਵਕ ਦੱਸੀ। ਮੁੱਖ ਮਹਿਮਾਨ ਗੁਰਮਿੰਦਰ ਸਿੰਘ ਭੁੱਲਰ ਤੇ ਵਿਸ਼ੇਸ਼ ਮਹਿਮਾਨ ਪਾਖਰ ਸਿੰਘ ਭੱਠਲ ਨੇ ਵਿਦਿਆਰਥੀਆਂ ਨੂੰ ਪੂਰੀ ਲਗਨ ਅਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਸਮਾਗਮ ਦੌਰਾਨ ਧਾਰਮਿਕ ਇਮਤਿਹਾਨ, ਖੇਡ ਪ੍ਰਤੀਯੋਗਿਤਾਵਾਂ, ਅਬੈਕਸ ਅਤੇ ਵੈਦਿਕ ਮੈਥ ਦੇ ਇਮਤਿਹਾਨ ਅਤੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਤਕਸੀਮ ਕੀਤੇ ਗਏ। ਆਏ ਹੋਏ ਮਹਿਮਾਨਾਂ ਅਤੇ ਮਾਤਾ ਪਿਤਾ ਸਾਹਿਬਾਨ ਲਈ ਸਕੂਲ ਵੱਲੋਂ ਵਧੀਆ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ। ਇਸ ਮੌਕੇ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਦੇ ਪ੍ਰਧਾਨ ਸਰਬਜੀਤ ਸਿੰਘ ਰੈਣੂੰ, ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ, ਉੱਘੇ ਸਮਾਜ ਸੇਵੀ ਨੰਬਰਦਾਰ ਕੁਲਦੀਪ ਸਿੰਘ, ਪ੍ਰਿੰਸੀਪਲ ਆਸ਼ਾ ਰਾਣੀ, ਆਪ ਆਗੂ ਠੇਕੇਦਾਰ ਜਗਜੀਤ ਸਿੰਘ ਜੱਗੀ, ਡਾਕਟਰ ਮਨਜੀਤ ਸਿੰਘ, ਮਨਜੀਤ ਸਿੰਘ ਬੀਬਾ, ਸਮੂਹ ਸਕੂਲ ਸਟਾਫ, ਮਾਤਾ ਪਿਤਾ ਤੇ ਵਿਦਿਆਰਥੀ ਹਾਜ਼ਰ ਸਨ।



# ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

**ਬੰਗਾ (ਅਵਤਾਰ ਕਲੇਰ)**

ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਨਵੀਂ ਆਬਾਦੀ ਪਿੰਡ ਦੁਸਾਂਝ ਕਲਾਂ ਵਿਖੇ ਸਕੂਲ ਦਾ ਨਤੀਜਾ ਸੌ ਫ਼ੀਸਦੀ ਰਹਿਣ ਕਾਰਨ ਸਕੂਲ ਪ੍ਰਬੰਧਕਾਂ ਵੱਲੋਂ ਇੱਕ ਵਿਸ਼ੇਸ਼ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ 'ਚ ਪੰਜਵੀਂ ਜਮਾਤ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਦੇ ਮੈਂਬਰਾਂ ਵੱਲੋਂ ਜਿਵੇਂ ਕਿ ਅੰਮ੍ਰਿਤ ਪਾਲ ਹੈਪੀ ਪੁਰਤਗਾਲ, ਸੁਦੇਸ਼ ਕੁਮਾਰ ਇੰਗਲੈਂਡ, ਮਨਦੀਪ ਇਟਲੀ, ਅਮਰੀਸ਼ ਸਪੇਨ, ਜਗਦੀਸ਼ ਪੁਰਤਗਾਲ,ਲੱਕੀ ਪੁਰਤਗਾਲ, ਹਰਜਿੰਦਰ ਜਰਮਨ ਵੱਲੋਂ ਸਾਇਕਲ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਤਰਸੇਮ ਸਿੰਘ ਕਨੇਡਾ ਵੱਲੋਂ ਸਕੂਲ ਦੀ ਇੱਕ ਅਧਿਆਪਕਾ ਨੂੰ ਤਨਖਾਹ ਦੇਣ ਦਾ ਉਪਰਾਲਾ ਸ਼ੁਰੂ ਕੀਤਾ ਗਿਆ। ਇਸ ਸਮੇਂ ਸਕੂਲ ਦੇ ਸਟਾਫ ਵੱਲੋਂ ਆਏ ਹੋਏ ਪਤਵੰਤਿਆਂ ਸੱਜਣਾਂ ਨੂੰ ਵੀ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਮੁਖੀ ਕੁਲਵਿੰਦਰ ਕੌਰ ਨੇ ਦਾਨੀ ਸੱਜਣਾਂ ਦਾ ਦਿੱਤੇ ਸਹਿਯੋਗ ਲਈ ਤਹਿਦਿਲੋਂ ਧੰਨਵਾਦ ਕੀਤਾ ਅਤੇ ਸਰਪੰਚ ਨਿਰਮਲ ਕੁਮਾਰ ਨੇ ਦੱਸਿਆ ਕਿ ਸਕੂਲ ਦੀ ਬੇਹਤਰੀ ਵਾਸਤੇ ਐਨ ਆਰ ਆਈ ਵੱਲੋਂ ਮਾਲੀ ਸਹਾਇਤਾ ਦੇਣ ਲਈ ਤਹਿਦਿਲੋਂ ਧੰਨਵਾਦ ਕੀਤਾ ਅਤੇ ਅੱਗੋਂ ਤੋਂ ਵੀ ਸਹਿਯੋਗ ਦੇਣ ਦਾ ਐਲਾਨ ਕੀਤਾ। ਇਸ ਮੌਕੇ ਸਕੂਲ ਮੁਖੀ ਕੁਲਵਿੰਦਰ ਕੌਰ, ਸਰਪੰਚ ਨਿਰਮਲ ਕੁਮਾਰ ਨਵੀਂ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਕੌਰ, ਸਿਖਿਆ ਮਾਹਰ ਸੁਖਵਿੰਦਰ ਕੌਰ,



ਚੈਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਸੁਨੀਤਾ ਕੁਮਾਰੀ, ਪੰਚ ਤਨੀਸ਼ਾ ਮਾਹੀ,ਸੀ ਐੱਸ ਟੀ ਸੁਖਵਿੰਦਰ ਸਿੰਘ, ਡਾ. ਰਣਜੀਤ ਰਾਣਾ ਸਵੀਡਨ, ਹਰਮੇਸ਼ ਵਿਰਦੀ, ਜਗਤਾਰ ਸਿੰਘ, ਸਾਬਕਾ ਪੰਚ ਰਾਮ ਨਾਥ, ਪੰਚ ਅਮਨਦੀਪ, ਮਾ. ਰਣਜੀਤ ਸਿੰਘ ਤੋਂ ਇਲਾਵਾਂ ਬੱਚਿਆਂ ਦੇ ਮਾਪੇ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਸਮੂਹ ਮੈਂਬਰ ਆਦਿ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਮਾ. ਰਣਜੀਤ ਸਿੰਘ ਨੇ ਬਾਖੂਬੀ ਨਿਭਾਈ।

# ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਵਿਖੇ ਨਵੇਂ ਸਰੋਵਰ ਦੀ ਕਾਰ ਸੇਵਾ ਜਲਦੀ ਸ਼ੁਰੂ ਹੋਵੇਗੀ : ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ



**ਦਸੂਹਾ (ਕਰਨੈਲ ਮਾਂਗਟ)**

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਵਿਖੇ ਨਵੇਂ ਬਣਾਏ ਜਾ ਰਹੇ ਸਰੋਵਰ ਦੀ ਕਾਰ ਸੇਵਾ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ਤੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਦੀ ਮੁੱਖ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸਾਖੀ ਦੇ ਪਵਿੱਤਰ ਤਿਉਹਾਰ ਤੋਂ ਬਾਅਦ ਸ਼ੁਰੂ ਕਰ ਦਿੱਤੀ ਜਾਵੇਗੀ। ਇਸ ਸਬੰਧੀ ਗੱਲਬਾਤ ਕਰਦਿਆਂ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲਿਆਂ ਦੇ ਦੱਸਿਆ ਕਿ ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਵਿਖੇ ਕਾਰ ਸੰਪਰਦਾਏ ਦੇ ਮੁਖੀ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਵਿਖੇ ਇਕ ਆਲੀਸ਼ਾਨ ਇਮਾਰਤ ਦੀ ਕਾਰ ਸੇਵਾ ਵੀ ਲਗਭਗ ਪਿਛਲੇ ਦੋ ਸਾਲ ਤੋਂ ਚੱਲਦੀ ਆ ਰਹੀ ਹੈ। ਉਨਾਂ ਦੱਸਿਆ ਕਿ ਦੀਵਾਨ ਹਾਲ ਦੇ ਬਿਲਕੁਲ ਸਾਹਮਣੇ ਵਿਸ਼ਾਲ ਸਰੋਵਰ ਤਿਆਰ ਕੀਤਾ ਜਾਣਾ ਹੈ। ਉਨਾਂ ਦੱਸਿਆ ਕਿ ਦੀਵਾਨ ਹਾਲ ਦੇ ਅੰਦਰ ਮਾਰਬਲ ਦੀ ਸੇਵਾ ਵੀ ਵੱਡੇ ਪੱਧਰ ਤੇ ਚੱਲ ਰਹੀ ਹੈ ਜਦੋਂ ਕਿ ਨਵੀਂ ਤਕਨੀਕ ਨਾਲ 12 ਕਮਰਿਆਂ ਦੀ ਉਸਾਰੀ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਲਈ ਵੀ ਤਿਆਰ ਹੋ ਰਹੇ ਹਨ । ਉਨਾਂ ਦੱਸਿਆ ਕਿ ਇਸ ਕਾਰ ਸੇਵਾ ਵਿੱਚ ਸੰਗਤਾਂ ਵੱਧ ਚੜ ਕੇ ਭਾਗ ਲੈ ਰਹੀਆਂ ਹਨ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸਰਬਜੀਤ ਸਿੰਘ ,ਬਾਬਾ ਅਮਨਦੀਪ ਸਿੰਘ ,ਬਾਬਾ ਲਸ਼ਕਰ ਸਿੰਘ, ਹਰਪਾਲ ਸਿੰਘ ਬਿੱਟਾ, ਸਰਤਾਜ ਸਿੰਘ ਬਸਰਾਵਾਂ, ਰਾਜਗੁਰਸ਼ਰਨ ਸਿੰਘ ਬਲੱਗਣ, ਇੰਸਪੈਕਟਰ ਸੋਡੀ ਸਿੰਘ ਤੋਂ ਇਲਾਵਾ ਹੋਰ ਸੰਗਤਾਂ ਹਾਜ਼ਰ ਸਨ।

# ਭਾਈ ਮਲਕੀਤ ਸਿੰਘ ਮਸਤ ਤੇ ਅੰਮ੍ਰਿਤਪਾਲ ਸਿੰਘ ਮਹਿਤਪੁਰ ਦੇ ਜਥੇ ਦਾ ਸਨਮਾਨ



**ਮਹਿਤਪੁਰ (ਰਾਜਾ)**-ਇੰਗਲੈਂਡ ਦੇ ਸ਼ਹਿਰ ਨੋਟਿੰਘਮ ਗੁਰਦੁਆਰਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਵਿਖੇ ਸ੍ਰੀ ਹਜ਼ੂਰ ਨਾਭ ਕੰਵਲ ਰਾਜਾ ਸਾਹਿਬ ਜੀ ਦਾ 164 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੇ ਢਾਡੀ ਦਰਬਾਰ ਕਰਵਾਇਆ ਗਿਆ। ਇਸ ਮੌਕੇ ਸੰਗਤ ਵੱਲੋਂ ਢਾਡੀ ਜੱਥਾ ਭਾਈ ਮਲਕੀਤ ਸਿੰਘ ਮਸਤ ਅਤੇ ਅੰਮ੍ਰਿਤਪਾਲ ਸਿੰਘ ਮਹਿਤਪੁਰ ਦੇ ਜੱਥੇ ਦਾ ਇੰਗਲੈਂਡ ਦੀਆਂ ਸੰਗਤਾਂ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਇੰਗਲੈਂਡ ਦੀ ਸੰਗਤ ਨੇ ਸਾਰੰਗੀ ਮਾਸਟਰ ਜਤਿੰਦਰ ਸਿੰਘ ਸ਼ੇਰਗਿੱਲ, ਢਾਡੀ ਮਨਜਿੰਦਰ ਸਿੰਘ ਸ਼ੇਰਗਿੱਲ, ਢਾਡੀ ਜੁਝਾਰ ਸਿੰਘ ਸ਼ੇਰਗਿੱਲ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਸੰਗਤ ਵੱਲੋ ਗੁਰੂ ਕੇ ਲੰਗਰ ਲਗਾਏ ਗਏ। ਆਤਮਾ ਸਿੰਘ, ਮਨਦੀਪ ਸਿੰਘ ਡਰਬੀ, ਸਰਬਜੀਤ ਸਿੰਘ ਸਾਬੀ ਮਜਾਰਾ, ਅਸ਼ਵਨੀ, ਗਿਆਨੀ ਬਲਰਾਜ ਸਿੰਘ, ਢਾਡੀ ਗੁਰਬਚਨ ਸਿੰਘ ਅਣਖੀ ਆਦਿ ਹਾਜ਼ਰ ਸਨ।

# ਸ੍ਰੀ ਰਾਮ ਨੌਮੀ ਮੌਕੇ ਸ਼ੋਭਾ ਯਾਤਰਾ ਕੱਢੀ

**ਆਦਮਪੁਰ, (ਪਰਮਜੀਤ ਸਿੰਘ)**

ਧਾਰਮਿਕ ਉਤਸਵ ਸੰਮਤੀ ਆਦਮਪੁਰ ਵੱਲੋਂ ਸ੍ਰੀ ਰਾਮ ਨਾਮ ਸੁਭ ਦੇ ਸਬੰਧ ਵਿੱਚ ਆਦਮਪੁਰ ਵਿਖੇ ਪ੍ਰਾਚੀਨ ਸ਼ਿਵ ਮੰਦਿਰ ਅਲਾਵਲਪੁਰ ਰੋਡ ਐੱਸ ਡੀ ਪਬਲਿਕ ਸਕੂਲ ਆਦਮਪੁਰ ਤੋਂ ਸੰਮਤੀ ਦੇ ਚੇਅਰਮੈਨ ਸੁਆਮੀ ਰਾਮ ਭਾਰਤੀ ਅਤੇ ਪ੍ਰਧਾਨ ਮੰਗਤ ਰਾਮ ਸ਼ਰਮਾ ਦੀ ਦੇਖ ਰੇਖ ਹੇਠ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਮਤੀ ਦੇ ਸੰਯੋਜਕ ਗੁਲਸ਼ਨ ਦਿਲਬਾਗੀ ਅਤੇ ਸੁਦਾਮਾ ਭਗਤ ਨੇ ਦੱਸਿਆ ਕਿ ਸ੍ਰੀ ਰਾਮ ਨੌਮੀ ਦੇ ਮੌਕੇ ਤੇ ਸਵੇਰੇ 9 ਵਜੇ ਸ੍ਰੀ ਸੁੰਦਰ ਕਾਂਡ ਦਾ ਪਾਠ ਕਰਵਾਇਆ ਗਿਆ ਜਿਸ ਦੀ ਮੁੱਖ ਯਜਮਾਨ ਸੰਜੀਵ ਸ਼ਰਮਾ ਸਾਬਕਾ ਮੈਨੇਜਰ ਜਲੰਧਰ ਸੈਂਟਰਲ ਕੋਆਪਰੇਟਿਵ ਬੈਂਕ ਹੁਸ਼ਿਆਰਪੁਰ ਅਤੇ ਅਨੀਤਾ ਸ਼ਰਮਾ ਵੱਲੋਂ ਪੂਜਾ ਅਰਚਨਾ ਕਰਕੇ ਸ਼ੁਰੂ ਕਰਵਾਇਆ ਗਿਆ। ਸਵੇਰੇ 11 ਵਜੇ ਸੰਕੀਰਤਨ , ਉਪਰੰਤ ਕੰਜਕ ਪੂਜਨ ਅਤੇ ਭੰਡਾਰਾ ਕਰਵਾਇਆ ਗਿਆ। ਮੌਕੇ ਸੰਮਤੀ ਵੱਲੋਂ ਹਰ ਮਹੀਨੇ ਕੀਤਾ ਜਾਂਦਾ 247ਵਾਂ ਰਾਸ਼ਨ ਵੰਡ ਸਮਾਰੋਹ ਕਰਵਾਇਆ ਗਿਆ ਜਿਸ ਦੇ ਮੁੱਖ ਮਹਿਮਾਨ ਅਮਰਜੀਤ ਸਿੰਘ ਤੇ ਅਰੁਣਪਾਲ ਸਿੰਘ ਜਲੰਧਰ ਸਨ। ਠੀਕ ਦੁਪਹਿਰ 3 ਵਜੇ ਪ੍ਰਭੂ ਸ੍ਰੀ ਰਾਮ ਦੇ ਜੈਕਾਰਿਆ ਦੀ ਗੂੰਜ ਵਿੱਚ ਸ਼ੋਭਾ ਯਾਤਰਾ ਦਾ ਸ਼ੁਭ ਆਰੰਭ ਐੱਸ ਡੀ ਐੱਮ ਸਬ ਡਿਵੀਜ਼ਨ ਆਦਮਪੁਰ ਲਾਲ ਵਿਸ਼ਵਾਸ ਬੈਂਸ, ਅਨਿਲ ਸ਼ਰਮਾ, ਰਕੇਸ਼ ਆਵਲ, ਰਵੀ ਸੰਕਰ ਬਾਂਸਲ, ਸੁਸ਼ੀਲ ਡੋਗਰਾ, ਪੰਡਿਤ ਜਗਮੋਹਨ ਸ਼ਰਮਾ, ਅਰਵਿੰਦ ਪਰਾਸ਼ਰ, ਪਵਨ ਬਸੀ, ਮਨਮੋਹਨ ਸਿੰਘ ਬਾਬਾ, ਵਿਜੇ ਯਾਦਵ, ਬਲਵੀਰ ਗਿੱਰ, ਕੁਲਦੀਪ ਦੁਗਲ, ਪਵਨ



ਉਬਰਾਏ, ਰਮਨ ਦਵੇਸਰ, ਸੰਜੇ ਗੁਪਤਾ, ਰਮਨ ਪੁਰੰਗ ਬੌਬੀ, ਸ਼ਾਮ ਸੁੰਦਰ ਸ਼ਰਮਾ, ਵਿਪਨ ਉੱਪਲ ਵੱਲੋਂ ਸਾਂਝੇ ਤੌਰ ਤੇ ਜੋਤੀ ਪ੍ਰਚੰਡ ਕਰਕੇ ਅਤੇ ਨਾਰੀਅਲ ਤੋੜ ਕੇ ਕੀਤਾ। ਸ਼ੋਭਾ ਯਾਤਰਾ ਦੌਰਾਨ ਐੱਸ ਡੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਪ੍ਰਭੂ ਸ੍ਰੀ ਰਾਮ ਦੇ ਜੀਵਨ ਦੇ ਨਾਲ ਸੰਬੰਧਿਤ ਅਨੇਕਾਂ ਸੁੰਦਰ ਝਾਕੀਆਂ ਬਣਾਈਆਂ ਗਈਆਂ ਅਤੇ ਭਜਨ ਮੰਡਲੀਆਂ, ਬੈਂਡ ਪਾਰਟੀਆਂ ਤੇ ਰਾਮ ਭਗਤਾਂ ਵੱਲੋਂ ਪ੍ਰਭੂ ਸ੍ਰੀ ਰਾਮ ਜੀ ਦਾ ਗੁਣਗਾਨ ਕੀਤਾ ਗਿਆ। ਸ਼ੋਭਾ ਯਾਤਰਾ ਦੌਰਾਨ ਗੋਪਾਲ ਦੱਤਾ, ਰਘੂਵੰਸ਼ ਪਰਿਵਾਰ, ਕਰਨ ਚਾਟ ਭੰਡਾਰ, ਜੇ ਸੀ ਆਈ ਪ੍ਰਾਈਡ, ਜੇ ਸੀ ਆਦਮਪੁਰ, ਪੰਜਾਬ ਟਰੇਡ ਐਸੋਸੀਏਸ਼ਨ ਆਦਮਪੁਰ, ਹਨੀ ਜੱਗੀ, ਅਗਰਵਾਲ ਸਵੀਟ ਸ਼ਾਪ, ਜਨ-ਜਾਗਰਣ ਕਲੱਬ ਮਹੱਲਾ, ਕਾਲਰੀਆਂ, ਦਲੀਪ ਸਾਈਂ, ਗੁਰੂ ਕਿਰਪਾ ਕਰਿਆਨਾ ਸਟੋਰ, ਅਨੇਜਾ ਕਰਿਆਨਾ ਸਟੋਰ, ਬੀਕਾਨੇਰ ਸਵੀਟ ਸ਼ਾਪ, ਬਾਬਾ ਫਾਸਟ ਫੂਡ ਐਂਡ ਢਾਬਾ, ਜੈ ਮਾਤਾ ਚਿੰਤਪੁਰਨੀ ਸੇਵਾ ਸੰਮਤੀ, ਪੰਜਾਬ ਫੋਟੋ ਸਟੇਟ, ਸਾਗਰ,ਮਨੀਸ਼, ਸਾਹਿਲ, ਕਰਨ ਐਂਡ ਪਾਰਟੀ, ਗੁਪਤਾ ਮੈਡੀਕੋਜ਼, ਗੋਇਲ ਆਪਟੀਕਲ, ਪ੍ਰਕਾਸ਼ ਆਈਸ ਕ੍ਰੀਮ, ਵਾਸਦੇਵ ਸਵੀਟ ਸ਼ੋਪ ਰੋਟਰੈਕਟ ਕਲੱਬ, ਗੋਲਡਨ ਜੂਲਰ ਅਤੇ ਹੋਰ ਸੰਸਥਾਵਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਰਾਮ ਭਗਤਾਂ ਲਈ ਲੰਗਰ ਵੀ ਲਗਾਏ ਗਏ। ਸ਼ੋਭਾ ਯਾਤਰਾ ਦੌਰਾਨ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਨਗਰ ਕੌਂਸਲ ਦੇ ਪ੍ਰਧਾਨ ਦਰਸ਼ਨ ਸਿੰਘ ਕਰਵਲ, ਜਤਿੰਦਰ ਆਵਲ, ਰਾਜ ਕੁਮਾਰ ਪਾਲ, ਸਤਪਾਲ ਬਜਾਜ, ਵਿਸ਼ਾਲ ਵਰਮਾ, ਗੌਰਵ ਵਰਮਾ, ਗੁਰਮੁਖ ਸਿੰਘ ਸੂਰੀ, ਰਾਜੂ ਦੁਆ, ਸਤਵਿੰਦਰ ਅਰੋੜਾ, ਦਵਿੰਦਰ ਬਾਂਸਲ, ਡੀ.ਸੀ., ਸੰਜੀਵ ਨਈਆਰ, ਅਨਿਲ ਸੂਰੀ, ਦਵਿੰਦਰ ਸਿੰਘ ਸੂਰੀ ਨਿਰਮਲ ਕੁਮਾਰ,ਸੰਜੀਵ ਉੱਪਲ, ਪਵਨ ਯਾਦਵ ਤੇ ਹੋਰ ਰਾਮ ਭਗਤ ਹਾਜ਼ਰ ਸਨ।

# ਪੰਜਵੀਂ ਦਾ ਨਤੀਜਾ ਸੌ ਰਿਹਾ ਫ਼ੀਸਦੀ




**ਆਦਮਪੁਰ (ਪਰਮਜੀਤ ਸਿੰਘ)**

ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪੰਜਵੀਂ ਜਮਾਤ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਜਿਸ ਵਿੱਚ ਰੇਨਬੋ ਪਬਲਿਕ ਸਕੂਲ ਸਤੋਵਾਲੀ (ਆਦਮਪੁਰ) ਦਾ ਨਤੀਜਾ ਸੌ ਫ਼ੀਸਦੀ ਰਿਹਾ। ਪ੍ਰਿੰਸੀਪਲ ਜੋਧ ਸਿੰਘ ਡੋਗਰਾ ਨੇ ਦੱਸਿਆ ਕਿ ਸਾਡੇ ਸਕੂਲ ਦੇ 47 ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾਂ ਸਥਾਨ ਹਾਸਲ ਕੀਤਾ। ਜਮਾਤ ਵਿੱਚੋ ਦਵਿਜ,ਹਰਲੀਨ ਬਸਰਾ,ਸੁਖਮਨ ਕੌਰ ਨੇ 1008 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਦੀਸ਼ਕਾ ਕੁਮਾਰੀ ਨੇ 99.2% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ, ਗੁਰਜੱਸ ਰਾਮ,ਜੇਸਮੀਨ ਕੌਰ ਨੇ 98% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕਰਕੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਂ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਅਨਿਲ ਕੁਮਾਰ ਸ਼ਰਮਾ ਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਰੇਨਬੋ ਪਬਲਿਕ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਸਕੂਲ ਪ੍ਰਸ਼ਾਸਨ ਅਤੇ ਸਟਾਫ ਦੀ ਕੜੀ ਮਿਹਨਤ ਸਦਕਾਂ ਹੀ ਵਿਦਿਆਰਥੀ ਦੂਸਰੀਆਂ ਗਤੀਵਿਧੀਆਂ ਵਿਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ।

# ਵੈਦ ਨਿਰੰਜਨ ਦਾਸ ਫੁੱਟਬਾਲ ਟੂਰਨਾਮੈਂਟ ਕਰਵਾਇਆ

**ਮਾਹਿਲਪੁਰ (ਸ.ਫਰੀ)**-ਵੈਦ ਨਿਰੰਜਨ ਦਾਸ ਸਪੋਰਟਸ ਕਲੱਬ, ਪਿੰਡ ਭੁਨੋ ਵਲੋਂ ਪਿੰਡ ਵਾਸੀਆਂ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਪਹਿਲਾ ਸੈਵਨ-ਏ-ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ ਕਰਾਇਆ ਜਾ ਰਿਹਾ ਹੈ। ਜਿਸ ਦੇ ਕੁਆਰਟਰ ਫਾਈਨਲ ਵਿੱਚ ਗੋਹਗੜੋਂ ਨੇ ਹਲਟਾ ਨੂੰ ਟਾਈਬ੍ਰੇਕਰ ਨਾਲ , ਨੰਗਲ ਖਿਡਾਰੀਆ ਨੇ ਲੰਗੇਰੀ ਨੂੰ ਟਾਈਬ੍ਰੇਕਰ ਨਾਲ, ਮੈਲੀ ਨੇ ਭੂਨੋਂ ਨੂੰ 2-0 ਅਤੇ ਬੋਹਨ ਦੀ ਟੀਮ ਨੇ ਚੰਦੇਲੀ ਨੂੰ 2-0 ਨਾਲ ਹਰਾ ਕੇ ਸੈਮੀਫਾਈਨਲ ਵਿੱਚ ਪ੍ਰਵੇਸ਼ ਕੀਤਾ। ਟੂਰਨਾਮੈਂਟ ਦਾ ਸੈਮੀਫਾਈਨਲ ਮੈਚ ਹਲਟਾ ਤੇ ਗੋਹਗੜੋਂ ਅਤੇ ਬੋਹਨ ਤੇ ਨੰਗਲ ਖਿਡਾਰੀਆਂ ਦੀਆਂ ਟੀਮਾਂ ਵਿਚਕਾਰ ਖੇਡਿਆ ਜਾਵੇਗਾ। ਇਸ ਮੌਕੇ ਕਲੱਬ ਦੇ ਪ੍ਰਧਾਨ ਬਲਬੀਰ ਸਿੰਘ ਸਹੋਤਾ, ਕੈਪਟਨ ਦਿਲਬਾਗ ਸਿੰਘ ਕੈਨੇਡਾ, ਸਰਵਣ ਸਿੰਘ ਯੂ.ਕੇ., ਸੁੱਚਾ ਸਿੰਘ ਕੈਨੇਡਾ, ਬਲਬੀਰ ਸਿੰਘ ਜਰਮਨ, ਕੋਚ ਸੋਨੂੰ ਫੌਜੀ, ਜ਼ੋਰਾਵਰ ਸਿੰਘ ਰਾਜਾ, ਪਲਵਿੰਦਰ ਸਿੰਘ ਹਾਲੈਂਡ, ਨੰਬਰਦਾਰ ਕਰਨੈਲ ਸਿੰਘ, ਦਲਜੀਤ ਸਿੰਘ ਸਰਪੰਚ, ਰਵਿੰਦਰ ਸਿੰਘ ਪੰਚ, ਹਰਜਿੰਦਰ ਸਿੰਘ ਪੰਚ, ਕੋਚ ਕਰਨ ਕੁਮਾਰ, ਮਹਿੰਦਰ ਸਿੰਘ ਪੰਚ, ਮੰਜੂ ਬਾਲਾ ਪੰਚ, ਰਵਿੰਦਰ ਸਿੰਘ ਪੰਚ,, ਸੁੱਖ ਬੂਡੋ ਬਾੜੀ, ਜੀਤੀ ਬੂਡੋਬਾੜੀ, ਸੂਬੇਦਾਰ ਹਰਮਿੰਦਰਪਾਲ ਸਿੰਘ, ਦਵਿੰਦਰ ਸਿੰਘ ਇੰਸਟਾਲਿਨ, ਭੁਪਿੰਦਰ ਸਿੰਘ ਘੰਟੀ, ਜ਼ੋਰਾਵਰ ਸਿੰਘ, ਸਾਬਕਾ ਸਰਪੰਚ ਦਰਸ਼ਨ ਸਿੰਘ, ਕਾਮਰੇਡ ਸੋਹਣ ਸਿੰਘ, ਹਰਜਿੰਦਰ ਸਿੰਘ ਬਿੰਦੀ, ਮਨਦੀਪ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।




# ਖੂਨਦਾਨ ਕੈਂਪ ਲਗਾਇਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਭਾਰਤ ਵਿਕਾਸ ਪਰਿਸ਼ਦ ਮੋਰਿੰਡਾ ਵੱਲੋਂ 101ਵਾਂ ਖੂਨਦਾਨ ਕੈਂਪ ਖਾਲਸਾ ਗਰਲਜ ਕਾਲਜ ਮੋਰਿੰਡਾ ਵਿਖੇ ਪ੍ਰਧਾਨ ਜਗਦੀਸ਼ ਵਰਮਾ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ। ਬਲੱਡ ਕੈਂਪ ਦੇ ਚੇਅਰਮੈਨ ਸੁਰੇਸ਼ ਡੋਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕੈਂਪ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤਾ ਗਿਆ ਹੈ। ਕੈਂਪ ਦਾ ਉਦਘਾਟਨ ਆਈ ਡੀ ਬੀ ਆਈ ਬੈਂਕ ਦੇ ਮੈਨੇਜਰ ਅਜੇ ਕੁਮਾਰ ਵੱਲੋਂ ਕੀਤਾ ਗਿਆ ਅਤੇ ਸ਼ਮਾ ਰੋਸ਼ਨ ਦਲਜੀਤ ਸਿੰਘ ਬਿੱਟੂ ਵੱਲੋਂ ਕੀਤੀ ਗਈ। ਇਸ ਕੈਂਪ ਵਿੱਚ 36 ਯੂਨਿਟ ਖੂਨ ਪੀ ਜੀ ਆਈ ਚੰਡੀਗੜ੍ਹ ਦੀ ਬਲੱਡ ਬੈਂਕ ਦੀ ਟੀਮ ਵੱਲੋਂ ਇਕਤਰਤ ਕੀਤਾ ਗਿਆ। ਕੈਂਪ ਵਿੱਚ ਵਿਸ਼ੇਸ਼ ਸਹਿਯੋਗ ਕੈਮਿਸਟ ਐਸੋਸੀਏਸ਼ਨ ਮੋਰਿੰਡਾ ਦਾ ਰਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਿਲਾ ਕੁਆਰਡੀਨੇਟਰ ਜਤਿੰਦਰ ਗੁੰਬਰ, ਸੈਕਟਰੀ ਟੇਕ ਚੰਦ ਗੋਪਾਲ, ਕੈਸ਼ੀਅਰ ਮਨੀਸ਼ ਵਸ਼ਿਸ਼ਟ,, ਮਾਸਟਰ ਹਾਕਮ ਸਿੰਘ, ਡਾ. ਸ਼ਿਵ ਕੁਮਾਰ ਕੌੜਾ, ਜੌਲੀ ਸੂਦ, ਰਕੇਸ਼ ਪੁਰੀ ਪ੍ਰਧਾਨ ਵਾਕੀ ਟਾਕੀ ਕਲੱਬ, ਡਾਕਟਰ ਸ਼ਾਮ ਲਾਲ, ਮਨਦੀਪ ਸਿੰਘ, ਅਜੀਤ ਮੈਗੀ, ਕੁਲਦੀਪ ਦੀਪੀ, ਸੋਨਮਿੰਦਰ ਸਿੰਘ ਬਤਰਾ ਯੋਗਿੰਦਰ ਪਾਲ ਰੁਧਰਾ ,ਪੁਸ਼ਪਿੰਦਰ ਸੂਦ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਵਰੁਣ ਦੇਵ ਖੁਆਜਾ ਪੀਰ ਦਾ ਬੇੜਾ ਅਰਦਾਸ ਕਰਕੇ ਸਤਲੁਜ ਦਰਿਆ ਵਿਖੇ ਤਾਰਿਆ

**ਫਿਲੌਰ, (ਨਿਰਮਲ)**

ਬਾਬਾ ਮੋਤੀ ਰਾਮ ਮਹਿਰਾ ਕਸ਼ਯਪ ਰਾਜਪੂਤ ਸਭਾ ਫਿਲੌਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ 22 ਵਾਂ ਸ੍ਰੀ ਵਰੁਣ ਦੇਵ ਖੁਆਜਾ ਪੀਰ ਜੀ ਦਾ ਬੇੜਾ ਸਰਬੱਤ ਦੇ ਭਲੇ ਲਈ ਅਰਦਾਸ ਕਰਕੇ ਸਤਲੁਜ ਦਰਿਆ ਫਿਲੌਰ ਵਿਖੇ ਤਾਰਿਆ ਗਿਆ। ਇਸ ਮੌਕੇ ਗੜ੍ਹਾ ਰੋਡ ਵਿਖੇ ਸਥਿੱਤ ਸ੍ਰੀ ਵਰੁਣ ਦੇਵ ਖੁਆਜਾ ਪੀਰ ਦੇ ਮੰਦਰ ਵਿਖੇ ਹਵਨ ਯੱਗ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ। ਉਪਰੰਤ ਸ਼ਰਧਾਲੂ ਮਹਿਲਾਵਾਂ ਵੱਲੋਂ ਕੀਰਤਨ ਕਰਕੇ ਖੁਆਜਾ ਪੀਰ ਦੇ ਚਰਨਾਂ ਵਿੱਚ ਹਾਜ਼ਰੀ ਲਗਵਾਈ ਗਈ। ਮੰਦਰ ਤੋਂ ਵਿਸ਼ਾਲ ਸ਼ੋਭਾ ਯਾਤਰਾ ਦੇ ਰੂਪ ਵਿੱਚ ਪੈਦਲ ਸੰਗਤਾਂ ਵੱਲੋਂ ਪੂਰੇ ਸ਼ਹਿਰ ਦੀ ਪ੍ਰਤੀਕਰਮਾ ਕਰਦੇ ਹੋਏ ਸਤਲੁਜ ਦਰਿਆ ਵਿਖੇ ਪਹੁੰਚੇ ਜਿੱਥੇ ਬਾਬਾ ਰੁਸਤਮ ਅਲੀ ਜੀ ਨੇ ਖੁਆਜਾ ਪੀਰ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕਰਕੇ ਬੇੜਾ ਸਤਲੁਜ ਦਰਿਆ ਵਿਖੇ ਤਾਰਿਆ ਗਿਆ। ਇਸ ਮੌਕੇ ਅਟੁੱਟ ਲੰਗਰ ਵੀ ਵਰਤਾਇਆ ਗਿਆ। ਸਭਾ ਦੇ ਪ੍ਰਧਾਨ ਰਵੀ ਕੁਮਾਰ ਸਨਸੋਏ ਨੇ ਸਹਿਯੋਗੀ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਮੰਦਰ ਵਿਖੇ ਬਿਲਡਿੰਗ ਦਾ ਨਿਰਮਾਣ ਕਾਰਜ ਚੱਲ ਰਿਹਾ ਹੈ ਜਿਨ੍ਹਾਂ ਸੰਗਤਾਂ ਵੱਲੋਂ ਸਹਿਯੋਗ ਦੇਣਾ ਹੈ ਉਹ ਦੇ ਸੱਕਦੇ ਹਨ। ਇਸ ਮੌਕੇ ਪ੍ਰਧਾਨ ਰਵੀ ਕੁਮਾਰ ਸਨਸੋਏ, ਸੀਨੀਅਰ ਵਾਇਸ ਪ੍ਰਧਾਨ ਵਿਜੇ



ਕੁਮਾਰ ਗਾਂਗੜ,ਉਪ ਪ੍ਰਧਾਨ ਸੰਜੀਵ ਕੁਮਾਰ ਬਰਾਈਏ, ਕੈਸ਼ੀਅਰ ਪ੍ਰੋਫੈਸਰ ਸੁਖਦੀਪ ਸਿੰਘ, ਸੈਕਟਰੀ ਰਮਨ ਕੁਮਾਰ,ਉਪ ਸੈਕਟਰੀ ਜੋਨੀ ਸਿੰਘ, ਹਰਵਿੰਦਰ ਸਿੰਘ ਗੋਰਖਾ, ਅਸ਼ੋਕ ਕੁਮਾਰ,ਰਾਜ ਕੁਮਾਰ ਕੈਂਥ, ਬਲਵੀਰ ਸਿੰਘ ਮਿੰਟੂ, ਵਰਿੰਦਰ ਸਿੰਘ ਸੋਨੂੰ , ਲਖਵੀਰ ਸਿੰਘ, ਪ੍ਰਦੀਪ ਸਨਸੋਆ, ਸੁਦੇਸ਼ ਸਨਸੋਆ, ਅਮਰਜੀਤ ਸਿੰਘ ਪੰਮਾ, ਪੰਡਿਤ ਰਾਜੇਸ਼ ਕੁਮਾਰ ਅਤੇ ਹੋਰ ਹਾਜ਼ਰ ਸਨ।

# ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ



**ਬੰਗਾ (ਅਵਤਾਰ ਕਲੇਰ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਰਾਮੂੰ ਵਿਖੇ ਸਕੂਲ ਇੰਚਾਰਜ ਗਗਨਦੀਪ ਸ਼ਰਮਾ ਦੀ ਅਗਵਾਈ 'ਚ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਸਾਲ 2025-26 ਦੌਰਾਨ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਸੱਭਿਆਚਾਰ ਤੇ ਖੇਡਾਂ ਵਿਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਸਰਪੰਚ ਹਰਜਿੰਦਰ ਕੌਰ, ਪ੍ਰਧਾਨ ਮਨਜੀਤ ਸਿੰਘ ਮੰਡੇਰ ਕਨੇਡਾ, ਵਿਵੇਕ ਕੁਮਾਰ ਮੈਨੇਜਰ ਐਚ ਡੀ ਐਫ ਸੀ ਬੈਂਕ ਬਹਿਰਾਮ, ਮੇਵਾ ਸਿੰਘ ਸਾਬਕਾ ਸਰਪੰਚ ਵਿਸ਼ੇਸ਼ ਤੌਰ ਤੇ ਪਹੁੰਚੇ। ਸਕੂਲ ਇੰਚਾਰਜ਼ ਗਗਨਦੀਪ ਸ਼ਰਮਾ ਨੇ ਸਕੂਲ 'ਚ ਪਹੁੰਚੇ ਮੋਹਤਵਾਰ ਸ਼ਖਸੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਨੂੰ ਐਨ ਆਰ ਆਈਜ਼ ਅਤੇ ਨਗਰ ਨਿਵਾਸੀਆਂ ਦਾ ਹਰ ਸਮੇਂ ਵੱਡਾ ਸਹਿਯੋਗ ਮਿਲਦਾ ਰਿਹਾ ਹੈ ਜਿਸ ਕਾਰਨ ਸਕੂਲ ਦਾ ਹਰ ਕਾਰਜ ਨੇਪਰੇ ਚਾੜ੍ਹਨ ਵਿੱਚ ਕਦੀ ਵੀ ਕੋਈ ਮੁਸ਼ਕਿਲ ਨਹੀਂ ਆਈ। ਸਕੂਲ ਸਟਾਫ ਵੱਲੋਂ ਮੋਹਤਵਾਰ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਇਸ ਮੌਕੇ ਤੇ ਸਰਪੰਚ ਹਰਜਿੰਦਰ ਕੌਰ, ਮਨਜੀਤ ਸਿੰਘ ਮੰਡੇਰ ਕਨੇਡਾ, ਮੇਵਾ ਸਿੰਘ ਸਾਬਕਾ ਸਰਪੰਚ, ਵਿਵੇਕ ਕੁਮਾਰ ਮੈਨੇਜਰ ਐਚ ਡੀ ਐਫ ਸੀ ਬੈਂਕ ਬਹਿਰਾਮ, ਸੁਖਚਰਨ ਸਿੰਘ ਜੌਹਲ, ਹਰਜਾਪ ਸਿੰਘ ਖਾਲਸਾ, ਦੇਵ ਰਾਜ ਕੌਲ, ਅਧਿਆਪਕ ਰਮਨ ਕੁਮਾਰ, ਸਰਬਜੀਤ ਸਿੰਘ ਰਾਣਾ, ਸਮੂਹ ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਪ੍ਰੋ. ਪਿਆਰਾ ਸਿੰਘ ਭੋਗਲ ਯਾਦਗਾਰੀ ਪੁਰਸਕਾਰ ਵਰਿੰਦਰ ਸਿੰਘ ਵਾਲੀਆ ਤੇ ਮਾਣਮੱਤਾ ਪੰਜਾਬੀ ਪੱਤਰਕਾਰ ਪੁਰਸਕਾਰ ਅਮਨਪ੍ਰੀਤ ਸਿੰਘ ਬਰਾੜ ਨੂੰ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬੀ ਵਿਰਸਾ ਟਰੱਸਟ ਵੱਲੋਂ ਪ੍ਰੋਫੈਸਰ ਪਿਆਰਾ ਸਿੰਘ ਭੋਗਲ ਦੀ ਯਾਦ ਵਿੱਚ ਯਾਦਗਾਰੀ ਪੁਰਸਕਾਰ ਅਤੇ ਮਾਣਮੱਤਾ ਪੰਜਾਬੀ ਪੱਤਰਕਾਰ ਪੁਰਸਕਾਰ ਸਮਾਗਮ ਬੜੀ ਸ਼ਾਨੋ-ਸ਼ੌਕਤ ਨਾਲ ਆਯੋਜਿਤ ਕੀਤਾ ਗਿਆ, ਜਿਸ ਵਿੱਚ ਲਗਭਗ 80 ਤੋਂ ਵੱਧ ਵਿਦਵਾਨਾਂ, ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਨੇ ਸ਼ਿਰਕਤ ਕੀਤੀ। ਇਸ ਸਮਾਗਮ ਦੀ ਪ੍ਰਧਾਨਗੀ ਵਰਿਆਮ ਸਿੰਘ ਸੰਧੂ, ਸਤਨਾਮ ਸਿੰਘ ਮਾਣਕ, ਪ੍ਰੋ: ਜਸਵੰਤ ਸਿੰਘ ਗੰਡਮ, ਵਰਿੰਦਰ ਸਿੰਘ ਵਾਲੀਆ, ਡਾ: ਲਖਵਿੰਦਰ ਸਿੰਘ ਜੌਹਲ, ਗੁਰਸ਼ਰਨ ਸਿੰਘ ਰੰਧਾਵਾ, ਪ੍ਰਿੰ: ਗੁਰਮੀਤ ਸਿੰਘ ਪਲਾਹੀ, ਡਾ: ਅਮਨਪ੍ਰੀਤ ਸਿੰਘ ਬਰਾੜ ਨੇ ਕੀਤੀ।ਸਮਾਗਮ ਵਿੱਚ ਪ੍ਰਸਿੱਧ ਪੱਤਰਕਾਰ ਵਰਿੰਦਰ ਸਿੰਘ ਵਾਲੀਆ ਨੂੰ ਪ੍ਰੋ.ਪਿਆਰਾ ਸਿੰਘ ਭੋਗਲ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ, ਜਦਕਿ ਡਾ. ਅਮਨਪ੍ਰੀਤ ਸਿੰਘ ਬਰਾੜ ਨੂੰ ਮਾਣਮੱਤਾ ਪੰਜਾਬੀ ਪੱਤਰਕਾਰ ਪੁਰਸਕਾਰ ਨਾਲ ਨਿਵਾਜਿਆ ਗਿਆ। ਇਸ ਮੌਕੇ ਕਮਲੇਸ਼ ਸੰਧੂ ਵੱਲੋਂ ਵਰਿੰਦਰ ਸਿੰਘ ਵਾਲੀਆ ਦਾ ਮਾਣ ਪੱਤਰ ਅਤੇ ਬਲਦੇਵ ਰਾਜ ਕੋਮਲ ਵੱਲੋਂ ਡਾ: ਅਮਨਪ੍ਰੀਤ ਸਿੰਘ ਬਰਾੜ ਬਾਰੇ ਮਾਣ ਪੱਤਰ ਪੜ੍ਹ ਕੇ ਸਰੋਤਿਆਂ ਨਾਲ ਸਾਂਝਾ ਕੀਤਾ ਗਿਆ। ਪ੍ਰੋ.ਪਿਆਰਾ ਸਿੰਘ ਭੋਗਲ ਯਾਦਗਾਰੀ ਪੁਰਸਕਾਰ ਤਹਿਤ 31,000 ਰੁਪਏ ਨਗਦ, ਸਿਰੋਪਾ, ਮਾਣ ਪੱਤਰ ਅਤੇ ਸਨਮਾਨ ਚਿੰਨ੍ਹ ਅਤੇ ਮਾਣ ਮੱਤਾ ਪੰਜਾਬੀ ਪੱਤਰਕਾਰ ਪੁਰਸਕਾਰ ਲਈ 11,000 ਰੁਪਏ ਨਗਦ ਸਮੇਤ ਸਿਰੋਪਾ, ਮਾਣ ਪੱਤਰ ਅਤੇ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਵਰਿੰਦਰ ਸਿੰਘ ਵਾਲੀਆ ਵੱਲੋਂ ਸਮਾਜਿਕ ਪੁਰਸਕਾਰ ਦੀ ਪੂਰੀ ਰਾਸ਼ੀ ਆਰਥਿਕ ਤੌਰ 'ਤੇ ਕਮਜ਼ੋਰ ਪੱਤਰਕਾਰਾਂ ਦੀ ਸਹਾਇਤਾ ਲਈ ਮੌਕੇ 'ਤੇ ਹੀ ਦੇਣ ਦਾ ਫ਼ੈਸਲਾ ਕੀਤਾ ਗਿਆ। ਗੁਰਮੀਤ ਸਿੰਘ ਪਲਾਹੀ ਨੇ





ਵਰਿੰਦਰ ਸਿੰਘ ਵਾਲੀਆ ਦੀ ਸਰਲਤਾ, ਸਾਦਗੀ, ਨਿਮਰਤਾ ਅਤੇ ਨਿਡਰ ਪੱਤਰਕਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਸੱਚੇ ਅਰਥਾਂ ਵਿੱਚ ਬੁੱਧੀਜੀਵੀ ਅਤੇ ਲੋਕਾਂ ਦੀ ਆਵਾਜ਼ ਹਨ।ਸੰਸਥਾ ਦੇ ਪ੍ਰਧਾਨ ਜਸਵੰਤ ਸਿੰਘ ਗੰਡਮ ਨੇ ਕਿਹਾ ਕਿ ਇਹ ਟਰੱਸਟ ਹਮੇਸ਼ਾ ਉਹਨਾਂ ਸ਼ਖਸੀਅਤਾਂ ਨੂੰ ਸਨਮਾਨਿਤ ਕਰਦਾ ਹੈ ਜੋ ਸਮਾਜ ਵਿੱਚ ਸੱਚ, ਨਿਆਂ ਅਤੇ ਪੰਜਾਬੀਅਤ ਦੀ ਰੱਖਿਆ ਲਈ ਯੋਗਦਾਨ ਪਾਉਂਦੀਆਂ ਹਨ।ਡਾ. ਲਖਵਿੰਦਰ ਸਿੰਘ ਜੌਹਲ ਨੇ ਵਾਲੀਆ ਦੀ ਨਿਡਰ ਪੱਤਰਕਾਰਤਾ ਅਤੇ ਸਾਹਿਤਕ ਯੋਗਦਾਨ ਨੂੰ ਵਿਸ਼ੇਸ਼ ਤੌਰ 'ਤੇ ਉਜਾਗਰ ਕੀਤਾ।ਸਤਨਾਮ ਸਿੰਘ ਮਾਣਕ ਨੇ ਪ੍ਰੋ. ਭੋਗਲ ਦੇ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਸਿੱਖਿਆ, ਸਮਾਜਿਕ ਜਾਗਰੂਕਤਾ ਅਤੇ ਸੰਵਾਦ ਦੇ ਮਜ਼ਬੂਤ ਹਮਾਇਤੀ ਸਨ। ਡਾ. ਅਮਨਪ੍ਰੀਤ ਸਿੰਘ ਬਰਾੜ ਦੇ ਸੰਬੰਧ ਵਿੱਚ ਬੋਲਦਿਆਂ ਕਿਹਾ ਕਿ ਉਹ ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਦੇ ਮਸਲਿਆਂ ਨੂੰ ਬੇਬਾਕੀ ਨਾਲ ਉਠਾਉਂਦੇ ਹਨ ਅਤੇ ਸਮਾਜਕ ਨਿਆਂ ਲਈ ਲਗਾਤਾਰ ਆਵਾਜ਼ ਬੁਲੰਦ ਕਰ ਰਹੇ ਹਨ।ਕਹਾਣੀਕਾਰ ਵਰਿਆਮ ਸਿੰਘ ਸੰਧੂ ਅਤੇ ਹੋਰ ਵਿਦਵਾਨਾਂ ਨੇ ਵੀ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਸਮਾਜਕ ਮੁੱਲਾਂ ਦੀ ਰੱਖਿਆ ਲਈ ਇਕੱਠੇ ਹੋਣ ਦੀ ਲੋੜ ਉੱਤੇ ਜ਼ੋਰ ਦਿੱਤਾ।ਇਸ ਮੌਕੇ ਸਤਨਾਮ ਸਿੰਘ ਢਾਅ ਵੱਲੋਂ ਆਪਣੀਆਂ ਨਵੀਆਂ ਪ੍ਰਕਾਸ਼ਿਤ ਪੁਸਤਕਾਂ 'ਪੰਜਾਬ ਦੇ ਅਨਮੋਲ ਹੀਰੇ' ਅਤੇ 'ਰੰਗ ਆਪੋ-ਆਪਣੇ' ਭੇਟ ਕਰਦਿਆਂ ਸਾਹਿਤ ਪ੍ਰੇਮੀਆਂ ਨਾਲ ਸਾਂਝ ਪਾਈ ਗਈ। ਵਰਿੰਦਰ ਸਿੰਘ ਵਾਲੀਆ ਨੇ ਕਿਹਾ ਕਿ ਮਸਨੂਈ ਬੁੱਧੀ ਦੇ ਦੌਰ ਵਿੱਚ ਸਾਹਿਤ ਨੂੰ ਵਿਸ਼ਵ ਪੱਧਰ ਤੱਕ ਪਹੁੰਚਾਉਣ ਦੇ ਨਵੇਂ ਰਸਤੇ ਖੁੱਲ੍ਹੇ ਹਨ, ਪਰ ਲੇਖਕਾਂ ਲਈ ਆਪਣੀ ਅਸਲ ਸ਼ੈਲੀ ਅਤੇ ਮੂਲ ਚਿੰਤਨ ਨੂੰ ਕਾਇਮ ਰੱਖਣਾ ਵੀ ਬਹੁਤ ਜ਼ਰੂਰੀ ਹੈ।ਗੁਰਸ਼ਰਨ ਸਿੰਘ ਰੰਧਾਵਾ ਨੇ ਵਰਿੰਦਰ ਸਿੰਘ ਵਾਲੀਆ ਅਤੇ ਡਾ. ਅਮਨਪ੍ਰੀਤ ਸਿੰਘ ਬਰਾੜ ਨੂੰ ਪੁਰਸਕਾਰ ਮਿਲਣ 'ਤੇ ਅਤੇ ਪੰਜਾਬੀ ਵਿਰਸਾ ਟਰੱਸਟ ਨੂੰ ਵਧਾਈ ਦਿੱਤੀ।ਸਮਾਗਮ ਦਾ ਮੰਚ ਸੰਚਾਲਨ ਰਵਿੰਦਰ ਚੋਟ ਪ੍ਰਧਾਨ ਸਕੇਪ ਸਾਹਿਤਕ ਸੰਸਥਾ ਵੱਲੋਂ ਕੀਤਾ ਗਿਆ ਅਤੇ ਅੰਤ ਵਿੱਚ ਪੰਜਾਬੀ ਵਿਰਸਾ ਟਰੱਸਟ ਵੱਲੋਂ ਪਰਵਿੰਦਰਜੀਤ ਸਿੰਘ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

# ਛਿੰਝ ਮੇਲਾ ਸ਼ੇਰਪੁਰ 'ਚ ਅੱਜ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਇਤਿਹਾਸਕ ਕਸਬਾ ਨੂਰਮਹਿਲ ਨੇੜੇ ਪਿੰਡ ਸ਼ੇਰਪੁਰ ਵਿਖੇ ਛਿੰਝ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਲੱਖ ਦਾਤਾ ਪੀਰ ਦੀ ਯਾਦ ਵਿੱਚ 36ਵਾਂ ਸ਼ਾਨਦਾਰ ਛਿੰਝ ਮੇਲਾ 31 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਵੱਖ ਵੱਖ ਅਖਾੜਿਆਂ ਤੋਂ ਨਾਮਵਾਰ ਪਹਿਲਵਾਨ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ। 1 ਨੰਬਰ ਝੰਡੀ ਦੀ ਕੁਸ਼ਤੀ 111000 ? ਸ਼ਾਨਵੀਰ ਕੁਹਾਲੀ ਤੇ ਹਾਮਿਦ ਈਰਾਨੀ ਵਿਚਕਾਰ ਹੋਵੇਗੀ ਇਸ ਤੋਂ ਇਲਾਵਾ ਹੋਰ ਵੀ 51000, 33000, 31000 ਤੇ 21000 ਝੰਡੀ ਦੀਆਂ ਕੁਸ਼ਤੀਆਂ ਕਰਵਾਈਆਂ ਜਾਣਗੀਆਂ। ਗੁਰ ਕਾ ਲੰਗਰ ਅਟੁੱਟ ਵਰਤੇਗਾ। 31 ਮਾਰਚ ਰਾਤ 8 ਵਜੇ ਪਰਵੇਜ਼ ਆਲਮ ਕਵਾਲ ਵਲੋ ਪ੍ਰੋਗਰਾਮ ਮਹਿਫ਼ਲ-ਏ-ਕਵਾਲੀ ਸੂਫ਼ੀ ਕਲਾਮਾਂ ਨਾਲ ਹਾਜ਼ਰੀ ਭਰਨਗੇ। 1 ਅਪ੍ਰੈਲ ਸ਼ਾਮ ਨੂੰ ਨਗਰ ਵੱਲੋਂ ਬੇੜਾ ਤਾਰਿਆ ਜਾਵੇਗਾ।ਪ੍ਰੈਸ ਨੂੰ ਜਾਣਕਾਰੀ ਸਾਬਕਾ ਚੇਅਰਮੈਨ ਜਗਦੀਸ਼ ਸ਼ੇਰਪੁਰੀ ਵੱਲੋਂ ਦਿੱਤੀ ਗਈ।

# ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਨਾਂਅ 'ਤੇ ਚੌਂਕ ਸਥਾਪਤ ਕਰਨ ਲਈ ਦਿੱਤਾ ਧਰਨਾ




**ਫਿਲੌਰ, (ਹਰਜਿੰਦਰ ਕੌਰ ਚਾਹਲ, ਨਿਰਮਲ)**

ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵਲੋਂ ਸ਼ਹਿਰ ਦੇ ਅੰਦਰ ਸ਼ਹੀਦਾਂ ਦੇ ਨਾਂਅ 'ਤੇ ਚੌਂਕ ਦੀ ਸਥਾਪਤੀ ਅਤੇ ਬੁੱਤ ਲਾਉਣ ਦੀ ਮੰਗ ਨੂੰ ਲੈ ਕੇ ਸਥਾਨਕ ਨਗਰ ਕੌਂਸਲ ਸਾਹਮਣੇ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਸ ਦੀ ਪ੍ਰਧਾਨਗੀ ਮੱਖਣ ਸੰਗਰਾਮੀ, ਐਡਵੋਕੇਟ ਬਲਦੇਵ ਸਾਹਨੀ, ਗਗਨਦੀਪ ਫਿਲੌਰ ਨੇ ਕੀਤੀ।ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵਲੋਂ ਇਸ ਤੋਂ ਪਹਿਲਾ ਵੀ ਇਹ ਮੰਗ ਉਠਾਈ ਸੀ, ਜਿਸ ਦੇ ਸਿੱਟੇ ਵਜੋਂ ਸਥਾਨਕ ਨਗਰ ਕੌਂਸਲ ਨੇ ਗੜ੍ਹਾ ਰੋਡ 'ਤੇ ਅਟਵਾਲ ਕਾਲੋਨੀ ਚੌਂਕ 'ਚ ਬੁੱਤ ਲਾਉਣ ਲਈ ਬਕਾਇਦਾ ਮਤਾ ਤਾਂ ਪਾਸ ਕਰ ਦਿੱਤਾ ਪਰ ਮੰਗ ਪੂਰੀ ਨਹੀਂ ਕੀਤੀ। 29 ਜੁਲਾਈ 2024 ਨੂੰ ਮਤਾ ਪਾਉਣ ਉਪਰੰਤ ਕਈ ਵਾਰ ਜੁਬਾਨੀ ਯਾਦ ਕਰਵਾਉਣ ਦੇ ਬਾਵਜੂਦ ਕੋਈ ਕਾਰਵਾਈ ਨਾ ਹੋਣ ਕਾਰਨ ਇਕੱਤਰ ਨੌਜਵਾਨਾਂ ਨੇ ਮੁੜ ਤੋਂ ਆਪਣਾ ਰੋਸ ਪ੍ਰਗਟਾਇਆ।ਇਸ ਮੌਕੇ ਲਗਾਏ ਧਰਨੇ ਨੂੰ ਸੰਬੋਧਨ ਕਰਦਿਆਂ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਸਿੰਘ ਢੇਸੀ ਅਤੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ ਮੁਕੇਰੀਆਂ ਨੇ ਕਿਹਾ ਕਿ ਜੇ ਇੱਕ ਮਹੀਨੇ ਦੇ ਅੰਦਰ ਬੁੱਤ ਸਥਾਪਤ ਨਾ ਕੀਤੇ ਤਾਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਲੋਕਾਂ ਦੇ ਸਹਿਯੋਗ ਨਾਲ ਅਗਲਾ ਐਕਸ਼ਨ ਐਲਾਨੇਗੀ।ਇਸ ਮੌਕੇ ਸਭਾ ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਅਜੈ ਫਿਲੌਰ ਨੇ ਕਿਹਾ ਕਿ ਨਗਰ ਕੌਂਸਲ ਦੇ ਅਧਿਕਾਰੀਆਂ ਨਾਲ ਧਰਨੇ ਦੇ ਆਰੰਭ 'ਚ ਗੱਲਬਾਤ ਕੀਤੀ ਗਈ, ਜਿਥੇ ਮਤੇ ਦੇ ਸਟੇਟਸ ਤੋਂ ਜਾਣੂ ਕਰਵਾਉਣ ਦਾ ਯਕੀਨ ਦਵਾਇਆ ਗਿਆ। ਧਰਨੇ ਦੌਰਾਨ ਅਧਿਕਾਰੀਆਂ ਵਲੋਂ ਕੋਈ ਸੰਪਰਕ ਨਾ ਕਰਨ 'ਤੇ ਨੌਜਵਾਨਾਂ ਨੇ ਪਹਿਲਾ ਪਾਏ ਮਤੇ ਦੇ ਅਧਾਰ 'ਤੇ ਗੜ੍ਹਾ ਰੋਡ 'ਤੇ ਚੌਂਕ ਦੀ ਦਾਅਵੇਦਾਰੀ ਕਰਦਿਆਂ ਸਾਈਨ ਬੋਰਡ ਲਗਾ ਕੇ ਸ਼ਹੀਦ ਭਗਤ ਸਿੰਘ, ਸੁਖਦੇਵ ਰਾਜਗੁਰੂ ਚੌਂਕ ਦਾ ਐਲਾਨ ਕਰ ਦਿੱਤਾ।ਇਸ ਮੰਗ ਨੂੰ ਲੈ ਕੇ ਪਿਛਲੇ ਸਮੇਂ ਤੋਂ ਨੌਜਵਾਨ ਸਭਾ ਵਲੋਂ ਸੰਘਰਸ਼ ਕੀਤਾ ਜਾ ਰਿਹਾ ਹੈ, ਸੰਘਰਸ਼ ਦੀ ਬਦੌਲਤ ਕਮੇਟੀ ਵਲੋਂ ਮਤਾ ਪਾਇਆ ਜਾ ਚੁੱਕਾ ਹੈ ਪਰ ਅਜੇ ਤੱਕ ਬੁੱਤ ਲਗਾਉਣ ਸਬੰਧੀ ਕੋਈ ਫੰਡ ਸਰਕਾਰ ਵਲੋਂ ਮੁਹੱਈਆਂ ਨਹੀਂ ਕਰਵਾਇਆ ਗਿਆ। ਜਿਸ ਦੇ ਰੋਸ ਵਜੋਂ ਅੱਜ ਮਜ਼ਬੂਰੀ ਵੱਸ ਨਗਰ ਕੌਂਸਲ ਦਫ਼ਤਰ ਫਿਲੌਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਪਰਮਜੀਤ ਰੰਧਾਵਾ, ਗੁਰਦੀਪ ਗੋਗੀ, ਜਮਹੂਰੀ ਕਿਸਾਨ ਸਭਾ ਦੇ ਤਰਜਿੰਦਰ ਧਾਲੀਵਾਲ, ਕੁਲਜੀਤ ਫਿਲੌਰ, ਸਭਾ ਦੇ ਆਗੂ ਸਨੀ ਜੱਸਲ, ਜਸਵੀਰ ਢੇਸੀ, ਗੁਰਿੰਦਰਜੀਤ ਗੈਰੀ, ਅਮਰੀਕ ਰੁੜਕਾ, ਜੱਸਾ ਰੁੜਕਾ, ਲਵ ਵਿਰਦੀ, ਇੰਦਰਜੀਤ ਜੰਡੇ, ਮਨੂੰ, ਰੇਸ਼ਮ, ਗੁਰਦੇਵ, ਰਾਮ ਜੀ, ਧਰਮਿੰਦਰ, ਛਿੰਦੋ, ਪਿਆਰੀ, ਕਾਕਾ, ਲਾਹੌਰੀ ਰਾਮ, ਰਸ਼ਪਾਲ ਬੇਗਮਪੁਰ ਆਦਿ ਵੱਡੀ ਗਿਣਤੀ ਨੌਜਵਾਨ ਸ਼ਾਮਲ ਸਨ।

# ਐੱਮ ਕਾਮ ਪਹਿਲੇ ਤੇ ਤੀਜੇ ਸਮੈਸਟਰ ਦੇ ਨਤੀਜੇ ਰਹੇ ਸ਼ਾਨਦਾਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਚੱਲ ਰਹੇ ਪੋਸਟ-ਗ੍ਰੈਜੂਏਟ ਕੋਰਸ ਐੱਮ ਕਾਮ ਦੇ ਪਹਿਲੇ ਅਤੇ ਤੀਜੇ ਸਮੈਸਟਰ ਦੇ ਨਤੀਜੇ ਸ਼ਾਨਦਾਰ ਰਹੇ ਹਨ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਐੱਮ ਕਾਮ ਦੇ ਪਹਿਲੇ ਸਮੈਸਟਰ ਦੇ ਨਤੀਜੇ ਵਿਚ ਵਿਦਿਆਰਥਣ ਹਰਜਸਲੀਨ ਕੌਰ ਤੇ ਰਜਿੰਦਰ ਕੌਰ ਨੇ 79.71 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਅੰਜੂ ਨੇ 78.85 ਫੀਸਦੀ ਅੰਕ ਲੈ ਕੇ ਦੂਜਾ ਸਥਾਨ, ਮਾਨਸੀ ਨੇ 78.57 ਫੀਸਦੀ ਅੰਕ ਲੈ ਕੇ ਕਲਾਸ ਵਿਚੋਂ ਤੀਜਾ ਸਥਾਨ ਹਾਸਿਲ ਕੀਤਾ ਹੈ। ਇਸੇ ਤਰ੍ਹਾਂ ਐੱਮ.ਕਾਮ. ਤੀਜੇ ਸਮੈਸਟਰ ਦੇ ਨਤੀਜੇ ਵਿਚ ਲਵਪ੍ਰੀਤ ਨੇ 83.95 ਫੀਸਦੀ ਅੰਕ ਲੈ ਕੇ ਕਲਾਸ ਵਿਚੋਂ ਪਹਿਲਾ ਸਥਾਨ, ਦੀਆ ਚੌਧਰੀ ਨੇ 83.38 ਫੀਸਦੀ ਅੰਕ ਲੈ ਕੇ ਦੂਜਾ ਸਥਾਨ, ਡਿੰਪਲ ਨੇ 77.42 ਫੀਸਦੀ ਅੰਕ ਲੈ ਕੇ



ਕਲਾਸ ਵਿਚੋਂ ਤੀਜਾ ਸਥਾਨ ਹਾਸਿਲ ਕੀਤਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

# ਡੇਰਾਬੱਸੀ ਫਾਟਕ ਤੋਂ ਭਾਂਖਰਪੁਰ ਤੱਕ ਸੜਕ ਦੇ ਨਿਰਮਾਣ ਦੀ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਇਲਾਕੇ ਦੇ ਲੋਕਾਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਡੇਰਾਬੱਸੀ ਫਾਟਕ ਤੋਂ ਭਾਂਖਰਪੁਰ ਮੁੱਖ ਸੜਕ ਤੱਕ, ਵਾਇਆ ਇਸਾਪੁਰ, 4.1 ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮਹੱਤਵਪੂਰਨ ਪ੍ਰੋਜੈਕਟ 'ਤੇ ਕਰੀਬ 1.6 ਕਰੋੜ ਰੁਪਏ ਦੀ ਲਾਗਤ ਆਏਗੀ।ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਹਿੱਸੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਪਹਿਲੀ ਤਰਜੀਹ ਲੋਕਾਂ ਨੂੰ ਸੁਵਿਧਾਜਨਕ ਅਤੇ ਸੁਚੱਜੀ ਜ਼ਿੰਦਗੀ ਪ੍ਰਦਾਨ ਕਰਨੀ ਹੈ, ਜਿਸ ਲਈ ਸੜਕਾਂ, ਪਾਣੀ, ਸਿਹਤ ਅਤੇ ਸਿੱਖਿਆ ਵਰਗੇ ਖੇਤਰਾਂ ਵਿੱਚ ਲਗਾਤਾਰ ਨਿਵੇਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਡੇਰਾਬੱਸੀ ਫਾਟਕ ਤੋਂ ਭਾਂਖਰਪੁਰ ਤੱਕ ਬਣ ਰਹੀ ਇਹ ਸੜਕ ਇਲਾਕੇ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਵੇਗੀ। ਇਸ ਨਾਲ ਨਾ ਸਿਰਫ਼ ਰੋਜ਼ਾਨਾ ਆਵਾਜਾਈ ਸੁਖਦ ਹੋਵੇਗੀ, ਸਗੋਂ ਕਿਸਾਨਾਂ, ਵਪਾਰੀਆਂ ਅਤੇ ਆਮ ਲੋਕਾਂ ਨੂੰ ਆਪਣੇ ਕੰਮਕਾਜ ਵਿੱਚ ਵੀ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਇਹ ਸੜਕ ਇਲਾਕੇ ਦੇ ਆਰਥਿਕ ਵਿਕਾਸ ਨੂੰ



ਵੀ ਮਜ਼ਬੂਤੀ ਦੇਵੇਗੀ ਅਤੇ ਲੋਕਾਂ ਦੀ ਜ਼ਿੰਦਗੀ ਦੇ ਮਿਆਰ ਨੂੰ ਉੱਚਾ ਚੁੱਕੇਗੀ। ਇਸ ਮੌਕੇ ਨਗਰ ਕੌਂਸਲ ਪ੍ਰਧਾਨ, ਕੌਂਸਲਰ ਸਾਹਿਬਾਨ, ਪਿੰਡਾਂ ਦੇ ਸਰਪੰਚ, ਪੰਚਾਇਤ ਮੈਂਬਰ, ਬਲਾਕ ਪ੍ਰਧਾਨ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਵਾਸੀ ਮੌਜੂਦ ਰਹੇ, ਜਿਨ੍ਹਾਂ ਨੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਲਈ ਖੁਸ਼ੀ ਜਤਾਈ ਅਤੇ ਵਿਧਾਇਕ ਰੰਧਾਵਾ ਦਾ ਧੰਨਵਾਦ ਕੀਤਾ।

# ਵਿਚਾਰ-ਚਰਚਾ ਤੇ ਸੰਗੀਤਕ ਸਮਾਰੋਹ ਕਰਵਾਇਆ

**ਮਾਹਿਲਪੁਰ (ਸ਼ਫ਼ਰੀ)**

ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਬਾਨੀ ਪ੍ਰਿੰਸੀਪਲ ਹਰਭਜਨ ਸਿੰਘ ਦੀ ਯਾਦ ਨੂੰ ਸਮਰਪਿਤ ਪ੍ਰਿੰਸੀਪਲ ਹਰਭਜਨ ਸਿੰਘ ਵਿਚਾਰ ਮੰਚ ਵਲੋਂ ਸਾਲਾਨਾ ਵਿਚਾਰ ਚਰਚਾ ਅਤੇ ਸੰਗੀਤਕ ਸਮਾਰੋਹ ਕਾਲਜ ਦੇ ਗਦਰੀ ਬਾਬਾ ਹਰਜਾਪ ਸਿੰਘ ਯਾਦਗਾਰੀ ਕਨਵੈਨਸ਼ਨ ਹਾਲ ਵਿੱਚ ਕਰਵਾਇਆ ਗਿਆ। ਇਸ ਮੌਕੇ ਮੁੱਖ ਬੁਲਾਰਿਆਂ ਵਜੋਂ ਉੱਘੇ ਚਿੰਤਕ ਡਾ ਪਿਆਰੇ ਲਾਲ ਗਰਗ ਅਤੇ ਸਿੱਖਿਆ ਸ਼ਾਸਤਰੀ ਸੁੱਚਾ ਸਿੰਘ ਖੱਟੜਾ ਨੇ ਸ਼ਿਰਕਤ ਕੀਤੀ। ਸਮਾਰੋਹ ਦੀ ਸ਼ੁਰੂਆਤ ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀ ਪ੍ਰਭਅੰਸ਼ ਸਿੰਘ ਅਤੇ ਸਤਵੀਰ ਕੌਰ ਵਲੋਂ 'ਮਿੱਤਰ ਪਿਆਰੇ ਨੂੰ' ਦੇ ਸ਼ਬਦ ਗਾਇਣ ਨਾਲ ਹੋਈ। ਸਮਾਰੋਹ ਦੇ ਆਰੰਭ ਮੌਕੇ ਪ੍ਰੋਗਰਾਮ ਦੇ ਸੰਯੋਜਕ ਪ੍ਰੋ ਅਜੀਤ ਲੰਗੇਰੀ ਨੇ ਹਾਜ਼ਰ ਸ਼ਖ਼ਸੀਅਤਾਂ ਲਈ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਪ੍ਰਿੰਸੀਪਲ ਹਰਭਜਨ ਸਿੰਘ ਵਲੋਂ ਸਮਾਜ ਨੂੰ ਪਾਏ ਯੋਗਦਾਨ ਦੀ ਚਰਚਾ ਕੀਤੀ ਅਤੇ ਪ੍ਰੋਗਰਾਮ ਦੇ ਆਯੋਜਨ ਲਈ ਦੇਸ਼ਾਂ ਵਿਦੇਸ਼ਾਂ ਵਿੱਚ ਬੈਠੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਪਿਆਰੇ ਲਾਲ ਗਰਗ ਨੇ ਵਰਤਮਾਨ ਪੰਜਾਬੀ ਸਮਾਜ, ਰਾਜਨੀਤੀ, ਧਰਮ ਅਤੇ ਸਿੱਖਿਆ ਪ੍ਰਬੰਧ ਵਿੱਚ ਆ ਰਹੇ ਵਿਗਾੜ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸਭਿਆਚਾਰ ਬਾਬਾ ਫਰੀਦ ਵਲੋਂ ਦਿੱਤੇ ਜੀਵਨ ਮੁੱਲਾਂ ਦੀ ਪੈਰਵ੍ਹਾਈ ਕਰਨ ਵਾਲਾ ਹੈ ਜਿੱਥੇ 'ਬਾਰ




ਪਰਾਏ ਬੈਸਣਾ' ਪੰਜਾਬੀ ਬੰਦੇ ਲਈ ਮਰ ਮਿਟ ਜਾਣ ਵਰਗਾ ਹੈ ਪਰ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਆਪਣੀਆਂ ਵੋਟਾਂ ਦੇ ਲਾਲਚ ਵਿੱਚ ਪੰਜਾਬੀ ਲੋਕਾਂ ਨੂੰ ਲੁਭਾਵਣੇ ਨਾਅਰੇ ਦੇ ਕੇ ਮੁਫ਼ਤਖੋਰੇ ਬਣਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸਭਿਆਚਾਰਕ ਮਾਡਲ ਸਵੈ ਮਾਣ,ਮਿਲਵਰਤਨ, ਪਿਆਰ ਤੇ ਸਾਂਝ ਦੀਆਂ ਤੰਦਾਂ ਨਾਲ ਉਸਰਿਆ ਹੈ ਪਰ ਅੱਜ ਕੱਲ੍ਹ ਦੇ ਸਮੇਂ ਹਰ ਪੇਸ਼ੇ ਵਿੱਚ ਉਪਭੋਗਤਾਵਾਦ ਭਾਰੂ ਹੁੰਦਾ ਜਾ ਰਿਹਾ ਹੈ ਜਿਸਦੇ ਲਈ ਸਾਨੂੰ ਆਪਣੇ ਧਾਰਮਿਕ ਵਿਰਸੇ ਤੇ ਉਸਾਰੂ ਸਾਹਿਤ ਤੋਂ ਸੇਧ ਲੈਣ ਦੀ ਲੋੜ ਹੈ। ਕਾਲਜ ਦੇ ਪ੍ਰਿੰ. ਡਾ. ਪਰਵਿੰਦਰ ਸਿੰਘ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ ਤੇ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਸਕੱਤਰ ਪ੍ਰੋ. ਅਪਿੰਦਰ ਸਿੰਘ ਮਾਹਿਲਪੁਰੀ,ਮੋਹਨ ਸਿੰਘ ਬੈਂਸ, ਪ੍ਰਿੰ. ਸੁਖਚੈਨ ਸਿੰਘ, ਰਜਿੰਦਰ ਸਿੰਘ,ਪ੍ਰਿੰ. ਸੁਰਜੀਤ ਸਿੰਘ, ਪ੍ਰਿੰ. ਰਣਜੀਤ ਸਿੰਘ, ਬਲਦੇਵ ਸਿੰਘ, ਵਿਜੇ ਬੰਬੇਲੀ, ਬਲਜੀਤ ਸਿੰਘ ਬੈਂਸ, ਪ੍ਰਿੰ. ਕੁਲਵਿੰਦਰ ਕੌਰ, ਦਲਵਿੰਦਰ ਜੀਤ, ਜਸਵਿੰਦਰ ਕੌਰ ਬੈਂਸ,ਹਰਵਿੰਦਰ ਸਿੰਘ, ਜੀਵਨ ਚੰਦੇਲੀ, ਬੰਤ ਸਿੰਘ ਬੈਂਸ, ਪ੍ਰੋ. ਕੁਲਦੀਪ ਸਿੰਘ, ਪ੍ਰਿੰ. ਸਰਬਜੀਤ ਸਿੰਘ, ਪ੍ਰੋ. ਵਿਕਰਮ, ਰਘਬੀਰ ਸਿੰਘ ਕਲੋਆ, ਪ੍ਰੋ. ਤਜਿੰਦਰ ਸਿੰਘ, ਰੁਪਿੰਦਰਜੋਤ ਬੱਬੂ, ਬੱਗਾ ਸਿੰਘ ਆਰਟਿਸਟ, ਸੁਖਮਨ ਸਿੰਘ, ਮਲਕੀਤ ਸਿੰਘ ਰਾਣਾ, ਲਖਵਿੰਦਰ ਸਿੰਘ, ਪ੍ਰਿੰਸ ਮਹੇ, ਹਰਵੀਰ ਮਾਨ ਆਦਿ ਸਮੇਤ ਅਨੇਕਾਂ ਪਤਵੰਤੇ ਹਾਜ਼ਰ ਸਨ।

# ਨਗਰ ਕੌਂਸਲ ਅਲਾਵਲਪੁਰ ਦੀ ਮੀਟਿੰਗ 'ਚ ਸਾਰੇ ਮਤੇ ਪਾਸ



**ਅਲਾਵਲਪੁਰ, (ਮਦਨ ਬੰਗੜ)**

ਨਗਰ ਕੌਂਸਲ ਅਲਾਵਲਪੁਰ ਦੀ ਪਿਛਲੇ ਦਿਨੀ ਇਕ ਅਹਿਮ ਮੀਟਿੰਗ ਪ੍ਰਧਾਨ ਨੀਲਮ ਰਾਣੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਕੌਂਸਲਰ ਮੁਕੰਦਰ ਲਾਲ, ਨਰੇਸ਼ ਕੁਮਾਰ, ਪੰਕਜ ਸ਼ਰਮਾ, ਬਿਰਜ ਭੂਸ਼ਣ, ਜਸਵੀਰ ਕੌਰ, ਰਚਨਾ ਰਾਜ ਰਾਣੀ , ਕ੍ਰਿਸ਼ਨਾ ਦੇਵੀ ਦੇ ਇਲਾਵਾ ਈ ਓ ਰਾਮ ਜੀਤ, ਲੇਖਾਕਾਰ ਐਸ ਕੁਮਾਰ ਅਤੇ ਕਲਰਕ ਨਵੀਨ ਰਾਣਾ ਮੌਜੂਦ ਸਨ।ਮੀਟਿੰਗ ਦੇ ਦੌਰਾਨ ਪੇਸ਼ ਕੀਤੇ ਗਏ ਸਾਰੇ ਮਤਿਆਂ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਸਭ ਤੋਂ ਅਹਿਮ ਮੁੱਦਾ ਕਮਿਊਨਿਟੀ ਪੈਲੇਸ ਨਾਲ ਜੁੜਿਆ ਹੋਇਆ ਸੀ। ਪੁਰਾਣੇ ਠੇਕੇਦਾਰ ਨਾਲ ਲਗਭਗ ਡੇਢ ਕਰੋੜ ਰੁਪਏ ਦੇ ਲੈਣ-ਦੇਣ ਸਬੰਧੀ ਮਾਮਲਾ ਹਾਈਕੋਰਟ ਵਿੱਚ ਚੱਲ ਰਿਹਾ ਸੀ, ਜਿਸ ਵਿੱਚ ਕੌਂਸਲ ਦੇ ਹੱਕ ਵਿੱਚ ਫੈਸਲਾ ਆਇਆ । ਇਸ ਤੋਂ ਬਾਅਦ ਹਾਊਸ ਨੇ ਠੇਕੇਦਾਰ ਨੂੰ ਬਕਾਇਆ ਸਿਕਿਊਰਿਟੀ ਰਕਮ ਵਿਆਜ ਸਮੇਤ ਵਾਪਸ ਕਰਨ ਦਾ ਪ੍ਰਸਤਾਵ ਵੀ ਮਨਜ਼ੂਰ ਕਰ ਲਿਆ।ਸਰਕਾਰ ਵੱਲੋਂ ਨਗਰ ਕੌਂਸਲ ਨੂੰ ਭੰਗ ਨਾ ਕਰਨ ਸਬੰਧੀ ਪ੍ਰਸਤਾਵ ਵੀ ਪਾਸ ਕੀਤਾ ਗਿਆ। ਕੌਂਸਲਰਾਂ ਨੇ ਦੱਸਿਆ ਕਿ ਭਲੇ ਹੀ ਚੋਣਾਂ 17 ਫਰਵਰੀ 2021 ਨੂੰ ਹੋਈਆਂ ਸਨ, ਪਰ ਮੌਜੂਦਾ ਕੌਂਸਲ ਦਾ ਕਾਰਜਕਾਲ 2 ਸਤੰਬਰ 2022 ਤੋਂ ਮੰਨਿਆ ਜਾਵੇਗਾ, ਜੋ 1 ਸਤੰਬਰ 2027 ਤੱਕ ਪੂਰਾ ਹੋਵੇਗਾ।

# ਸੁਖਬੀਰ ਬਾਦਲ ਵੱਲੋਂ ਕਰਵਾਏ ਵਿਕਾਸ ਦੀ ਗਵਾਹੀ ਪੂਰਾ ਪੰਜਾਬ ਭਰ ਰਿਹੈ : ਲਾਲੀ ਬਾਜਵਾ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ ਨਾਲ ਪਾਰਟੀ ਵਰਕਰਾਂ ਅਤੇ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਹੈ। ਇਹ ਪ੍ਰਗਟਾਵਾ ਜਤਿੰਦਰ ਸਿੰਘ ਲਾਲੀ ਬਾਜਵਾ ਦਾ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਸਨਮਾਨ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ( ਬਾਦਲ ) ਦੇ ਆਗੂਆਂ ਵੱਲੋਂ ਕੀਤਾ ਗਿਆ। ਵਿਸ਼ੇਸ਼ ਤੌਰ 'ਤੇ ਬਰਿੰਦਰ ਸਿੰਘ ਪਰਮਾਰ ਸਕੱਤਰ ਜਨਰਲ, ਐਡਵੋਕੇਟ ਸੂਰਜ ਸਿੰਘ ਬਾਗਪੁਰ ਜ਼ਿਲ੍ਹਾ ਪ੍ਰਧਾਨ ਆਰ ਟੀ ਆਈ ਵਿੰਗ ਵੀ ਉਨ੍ਹਾਂ ਨਾਲ ਮੌਜੂਦ ਰਹੇ। ਆਗੂਆਂ ਨੇ ਕਿਹਾ ਕਿ ਲਾਲੀ ਬਾਜਵਾ ਨੇ ਹਮੇਸ਼ਾ ਅਕਾਲੀ ਦਲ ਦੀ ਮਜ਼ਬੂਤੀ ਲਈ ਕੰਮ ਕੀਤਾ, ਜਦੋਂ-ਜਦੋਂ ਵੀ ਪਾਰਟੀ ਉੱਪਰ ਸੰਕਟ ਖੜ੍ਹਾ ਹੋਇਆ ਲਾਲੀ ਬਾਜਵਾ ਨੇ ਤਦ-ਤਦ ਜ਼ਮੀਨੀ ਪੱਧਰ 'ਤੇ ਪਹੁੰਚ ਕਰਕੇ ਲੋਕਾਂ ਤੱਕ ਪਾਰਟੀ ਦੀ ਆਵਾਜ ਪਹੁੰਚਾਈ ਤੇ ਇਹੀ ਕਾਰਨ ਹੈ ਕਿ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਵੱਲੋਂ ਹਮੇਸ਼ਾ ਲਾਲੀ ਬਾਜਵਾ ਨੂੰ ਵੱਡੀਆਂ ਜ਼ਿੰਮੇਵਾਰੀਆਂ ਸੌਂਪੀਆਂ ਜਾਂਦੀਆਂ ਰਹੀਆਂ ਹਨ। ਇਸ ਸਮੇਂ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੂੰ ਪੰਜਾਬ ਦੇ ਲੋਕ ਪਿਆਰ ਕਰਦੇ ਹਨ ਅਤੇ 2027 ਵਿੱਚ ਸੂਬੇ ਦੇ ਲੋਕ ਅਕਾਲੀ ਦਲ ਦੀ ਸਰਕਾਰ ਬਣਾਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਨੇ 2007 ਤੋਂ 2017 ਤੱਕ ਪੰਜਾਬ ਦੀ ਨੁਹਾਰ ਬਦਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਅਤੇ ਇਸ ਗੱਲ ਦੀ ਗਵਾਹੀ ਹੁਣ ਪੂਰਾ ਪੰਜਾਬ ਭਰ ਰਿਹਾ ਹੈ। ਇਸ ਮੌਕੇ ਬਲਰਾਜ ਸਿੰਘ ਚੌਹਾਨ, ਨੰਬਰਦਾਰ ਤੀਰਥ ਸਿੰਘ ਸਤੌਰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਜਸਵਿੰਦਰ ਸਿੰਘ ਜੱਸੀ ਬਾਗਪੁਰ ਜ਼ਿਲ੍ਹਾ ਮੀਤ ਪ੍ਰਧਾਨ, ਰਜਵੰਤ ਸਿੰਘ ਜੇ.ਈ., ਤਰਲੋਚਨ ਸਿੰਘ, ਮਨੋਹਰ ਸਿੰਘ ਮਹਿੰਦੀਪੁਰ, ਜਸਵਿੰਦਰ ਸਿੰਘ ਪੰਚ ਮਹਿੰਦੀਪੁਰ, ਅਵਤਾਰ ਸਿੰਘ, ਧਰਮਵੀਰ ਸਿੰਘ ਸਤੌਰ, ਐਡਵੋਕੇਟ ਅੰਕੁਸ਼ ਕੁਮਾਰ, ਮਨਦੀਪ ਸਿੰਘ ਢੀਂਡਸਾ, ਐਡਵੋਕੇਟ ਰਮਨਪ੍ਰੀਤ ਰਿਯਾਤ, ਮੈਨੇਜਰ ਅਵਤਾਰ ਸਿੰਘ, ਦਵਿੰਦਰ ਸਿੰਘ ਡਿੰਪੀ ਬੋਦਲ ਆਦਿ ਵੀ ਮੌਜੂਦ ਸਨ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਸ਼ੋਕ ਸਭਾ

**ਜਲੰਧਰ (ਸ਼ੈਲੀ ਐਲਬਰਟ)**- ਪਿਛਲੇ ਦਿਨੀਂ ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਾਬਕਾ ਪ੍ਰੋ. ਤੇ ਮੁਖੀ ਡਾ. ਰਣਜੀਤ ਸਿੰਘ ਬਾਜਵਾ ਦੇ ਇਸ



ਫਾਨੀ ਸੰਸਾਰ ਤੋਂ ਰੁਖ਼ਸਤ ਹੋਣ ਨਾਲ ਪੰਜਾਬੀ ਸਾਹਿਤ ਜਗਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ। ਵਿਸ਼ਵ ਪੱਧਰ ਦੇ ਵਿਦਵਾਨ ਹੋਣ ਦੇ ਨਾਲ ਨਾਲ ਆਪ ਬੜੇ ਮਿਲਾਪੜੇ ਅਤੇ ਵਿਦਿਆਰਥੀਆਂ ਦੇ ਮਨਭਾਉਂਦੇ ਅਧਿਆਪਕ ਸਨ। ਅਧਿਆਪਨ ਦੌਰਾਨ ਲੋਕਧਾਰਾ ਅਤੇ ਸੱਭਿਆਚਾਰ ਦੇ ਖੇਤਰ ਵਿਚ ਵਿਦਿਆਰਥੀਆਂ ਨੂੰ ਐਮ. ਫਿਲ ਅਤੇ ਪੀਐੱਚ. ਡੀ ਵਰਗੇ ਉੱਚ ਪੱਧਰ ਦੇ ਖੋਜ ਕਾਰਜ ਸੰਪੰਨ ਕਰਵਾਏ। ਆਪਣੇ ਅਧਿਆਪਨ ਦੇ ਦੌਰ ਵਿੱਚ ਡਾ. ਸਾਹਿਬ ਨੇ ਲਾਇਲਪੁਰ ਖਾਲਸਾ ਕਾਲਜ ਜਲੰਧਰ ਵਿੱਚ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਆਪ ਦੇ ਕਾਲਜ ਨਾਲ ਬਹੁਤ ਗੂੜ੍ਹੇ ਸੰਬੰਧ ਸਨ। ਇਸ ਦੇ ਨਾਲ ਇਹ ਦੁਖ ਹੋਰ ਵੀ ਗਹਿਰਾ ਹੋ ਗਿਆ ਜਦੋਂ ਇਕ ਹੋਰ ਦੁਖਦਾਈ ਖ਼ਬਰ ਪ੍ਰਾਪਤ ਹੋਈ ਕਿ ਪੰਜਾਬੀ ਸਾਹਿਤ ਜਗਤ ਦੇ ਅਗਾਂਹਵਧੂ ਕਵੀ ਅਤੇ ਕਾਲਜ ਦੇ ਪੁਰਾਣੇ ਵਿਦਿਆਰਥੀ ਮੰਗਾ ਬਾਸੀ ਜੀ ਵੀ ਸਾਨੂੰ ਅਲਵਿਦਾ ਆਖ ਗਏ । ਸਾਹਿਤ ਜਗਤ ਵਿਚ ਉਨ੍ਹਾਂ ਦੀ ਇੱਕ ਵੱਖਰੀ ਪਹਿਚਾਣ ਅਤੇ ਹਸਤੀ ਸੀ। ਇਸ ਸੋਗਮਈ ਸਮੇਂ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਪੰਜਾਬੀ ਵਿਭਾਗ ਵੱਲੋਂ ਸ਼ੋਕ ਸਭਾ ਦਾ ਆਯੋਜਨ ਕੀਤਾ ਗਿਆ ਇਸ ਪ੍ਰਿੰਸੀਪਲ ਡਾ ਰਛਪਾਲ ਸਿੰਘ ਸੰਧੂ ਨੇ ਵਿਛੜੀ ਰੂਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਪੰਜਾਬੀ ਵਿਭਾਗ ਦੇ ਸਮੂਹ ਪ੍ਰੋਫੈਸਰ ਅਤੇ ਵਿਦਿਆਰਥੀਆਂ ਤੋਂ ਇਲਾਵਾ ਗਣਿਤ ਵਿਭਾਗ ਦੇ ਮੁਖੀ ਡਾ. ਹਰਜੀਤ ਸਿੰਘ , ਇਤਿਹਾਸ ਵਿਭਾਗ ਦੇ ਮੁਖੀ ਡਾ. ਅਮਨਦੀਪ ਕੌਰ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਮੁਖੀ ਤੇ ਅਧਿਆਪਕਾਂ ਨੇ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।

# ਮੋਰੋਂ 'ਚ ਅੱਖਾਂ ਦਾ ਮੁਫ਼ਤ ਕੈਂਪ, 325 ਮਰੀਜ਼ਾਂ ਦਾ ਮੁਆਇਨਾ

**ਨਕੋਦਰ (ਮਨਜੀਤ ਮਾਨ)**

ਪ੍ਰਵਾਸੀ ਸਮਾਜ ਸੇਵੀ ਪਰਮਜੀਤ ਸਿੰਘ ਰਾਏ ਯੂ. ਐਸ.ਏ., ਗੁਰਮੁਖ ਸਿੰਘ ਰਾਏ, ਬਲਦੇਵ ਸਿੰਘ ਰਾਏ, ਨਿਰਮਲ ਸਿੰਘ ਰਾਏ ਵੱਲੋਂ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਗੁਰਦਵਾਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਮੋਰੋਂ ਵਿਖੇ ਨਰਿੰਦਰ ਬੰਗਾ ਸਾਬਕਾ ਟੈਕਨੀਕਲ ਡਾਇਰੈਕਟਰ ਦੂਰਦਰਸ਼ਨ ਜਲੰਧਰ ਤੇ ਇੰਜ. ਜਸਵੀਰ ਸਿੰਘ ਮੋਰੋਂ ਦੀ ਪ੍ਰੇਰਨਾ ਅਤੇ ਦੇਖ ਰੇਖ ਵਿੱਚ ਅੱਖਾਂ ਦਾ ਮੁਫ਼ਤ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਬਲਦੇਵ ਸਿੰਘ ਰਾਏ ਤੇ ਹੋਰਾਂ ਵੱਲੋਂ ਕੀਤਾ ਗਿਆ। ਕੈਂਪ ਵਿੱਚ ਲੰਗਰ ਦੀ ਸੇਵਾ ਅਜੀਤ ਸਿੰਘ, ਮਰੀਜ਼ਾਂ ਨੂੰ ਹਸਪਤਾਲ ਲਿਜਾਣ ਤੇ ਲਿਆਉਣ ਦੀ ਸੇਵਾ ਸੁਰਿੰਦਰ ਸਿੰਘ ਢੀਂਡਸਾ ਤੇ ਸੋਧੀਆਂ ਪਰਵਾਰ ਵਲੋਂ ਕੀਤੀ ਗਈ। ਕੈਂਪ ਵਿੱਚ ਸਰਪੰਚ ਹਰਦੀਪ ਸਿੰਘ, ਕੁਲਵੰਤ ਸਿੰਘ, ਰਜਿੰਦਰ ਕੁਮਾਰ, ਧਰਮ ਸਿੰਘ, ਹਰਦਿਆਲ ਸਿੰਘ, ਜਸਵੰਤ ਸਿੰਘ, ਹਰਦੀਪ ਸਿੰਘ,ਪਰਮਜੀਤ ਕੌਰ, ਹਰਬੰਸ ਸਿੰਘ ਤੇ ਨਗਰ ਨਿਵਾਸੀ ਤੇ ਇਲਾਕਾ ਨਿਵਾਸੀ ਸ਼ਾਮਲ ਹੋਏ। ਅਰੋੜਾ ਹਸਪਤਾਲ ਜਲੰਧਰ ਤੋਂ ਡਾਕਟਰ ਚਰਨਜੀਤ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਮੁਆਇਨਾਂ ਕੀਤਾ ਗਿਆ। ਅੱਖਾਂ ਦੇ ਇਸ ਮੁਫ਼ਤ ਕੈਂਪ ਦੇ ਵਿੱਚ 325 ਦੇ ਕਰੀਬ ਮਰੀਜ਼ਾਂ ਦਾ ਮੁਆਇਨਾ ਹੋਇਆ, ਜਿਨ੍ਹਾਂ ਨੂੰ ਦਵਾਈਆਂ ਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ। 24 ਮਰੀਜ਼ਾਂ ਨੂੰ ਆਪਰੇਸ਼ਨ ਲਈ ਚੁਣਿਆ ਗਿਆ, ਜਿਨਾਂ ਦੇ ਅੱਖਾਂ ਵਿੱਚ ਲੈਂਜ਼ ਪਾਏ ਜਾਣਗੇ, ਜੋ ਕਿ ਮੁਫ਼ਤ ਹੋਣਗੇ ਅਤੇ ਮੁਫ਼ਤ ਹੀ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਵਿਵੇਕ ਵਿਕਾਸ ਲਹਿਰ ਪੰਜਾਬ ਦੇ ਮੁੱਖ ਪ੍ਰਬੰਧਕ ਇੰਜ. ਜਸਵੀਰ ਸਿੰਘ ਮੋਰੋਂ ਵਲੋਂ ਮਰੀਜ਼ਾਂ ਤੇ ਹੋਰਨਾਂ ਨੂੰ ਸਾਹਿਤਕ



ਕਿਤਾਬਾਂ ਵੰਡੀਆਂ ਗਈਆਂ। ਉੱਘੇ ਸਮਾਜ ਸੇਵੀ ਨਰਿੰਦਰ ਬੰਗਾ ਵਲੋਂ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ। ਨਾਮਧਾਰੀ ਬਲਦੇਵ ਸਿੰਘ ਮੋਰੋਂ ਤੇ ਸਮੂਹ ਪਰਵਾਰ ਵੱਲੋਂ ਡਾਕਟਰ ਚਰਨਜੀਤ ਸਿੰਘ ਤੇ ਸਟਾਫ਼, ਉੱਘੇ ਸਮਾਜ ਸੇਵੀ ਜੋੜੇ ਇੰਜੀ. ਨਰਿੰਦਰ ਬੰਗਾ, ਕਮਲਜੀਤ ਬੰਗਾ ਤੇ ਹੋਰਨਾਂ ਸਹਿਯੋਗੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਲੰਗਰ ਅਤੁੱਟ ਵਰਤਿਆ।

# ਥਿਆੜਾ ਦੀ ਅਗਵਾਈ ਹੇਠ ਨਵੇਂ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)** ਇਲਾਕੇ ਦੇ ਪਿੰਡਾਂ ਵਿੱਚ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਵੱਲੋਂ ਲਗਾਤਾਰ ਲੋਕ-ਹਿਤੈਸ਼ੀ ਪਹਿਲਾਂ ਕੀਤੀਆਂ ਜਾ ਰਹੀਆਂ ਹਨ।ਪਿੰਡ ਸਮਰਾਏ ਵਿੱਚ ਵੱਖ-ਵੱਖ ਨਵੇਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਪਿੰਡ ਦੇ ਸਮੂਹਿਕ ਵਿਕਾਸ ਨੂੰ ਹੋਰ ਗਤੀ ਮਿਲੇਗੀ। ਪਿੰਡ ਦੇ ਸਰਪੰਚ, ਪੰਚ, ਬਲਾਕ ਸੰਮਤੀ ਮੈਂਬਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਰਹੇ। ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਨੇ ਕਿਹਾ ਕਿ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਰ ਪਿੰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਪ੍ਰਾਥਮਿਕਤਾ ਹੈ। ਉਨ੍ਹਾਂ ਕਿਹਾ ਕਿ ਸੜਕਾਂ, ਪੀਣ ਵਾਲਾ ਪਾਣੀ, ਸਫ਼ਾਈ ਅਤੇ ਹੋਰ ਜ਼ਰੂਰੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪਿੰਡ ਦਾਦੂਵਾਲ ਵਿੱਚ ਵੀ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ। ਇੱਥੇ ਬਲਾਕ ਸੰਮਤੀ ਮੈਂਬਰ ਡਾ. ਜਸਵਿੰਦਰ ਦੀ ਅਗਵਾਈ



ਹੇਠ ਕਰੀਬ 5.50 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸੀ ਪ੍ਰੋਜੈਕਟ ਚਲ ਰਹੇ ਹਨ, ਜਿਨ੍ਹਾਂ ਨਾਲ ਪਿੰਡ ਦੀ ਆਧਾਰਭੂਤ ਢਾਂਚਾਗਤ ਸਹੂਲਤਾਂ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ। ਅੰਤ ਵਿੱਚ ਹਲਕਾ ਇੰਚਾਰਜ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਪਿੰਡ ਤੱਕ ਵਿਕਾਸ ਪਹੁੰਚਾਉਣਾ ਹੈ ਅਤੇ ਕਿਸੇ ਵੀ ਪਿੰਡ ਨੂੰ ਪਿੱਛੇ ਨਹੀਂ ਛੱਡਿਆ ਜਾਵੇਗਾ।

# ਜਲਾਲਪੁਰ ਨੇ ਪੰਚਾਇਤ ਨੂੰ ਸੌਂਪਿਆ ਡੇਢ ਲੱਖ ਦਾ ਚੈੱਕ

**ਬਲਾਚੌਰ, (ਜਸਵਿੰਦਰ ਬੈਂਸ)**- ਪੰਜਾਬ ਦੀ ਮਾਨ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ, ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਪਿੰਡ ਜਾਡਲੀ ਦੇ ਵਿਕਾਸ ਕਾਰਜਾਂ ਲਈ ਆਪਣੇ ਅਖਤਿਆਰੀ ਕੋਟੇ ਵਿੱਚੋਂ ਡੇਢ ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ। ਇਹ ਰਾਸ਼ੀ ਪਿੰਡ ਵਿੱਚ ਲੋੜੀਂਦੀ ਸ਼ੈਡ ਦੀ ਉਸਾਰੀ ਵਾਸਤੇ ਦਿੱਤੀ ਗਈ ਹੈ। ਪਿੰਡ ਪਹੁੰਚਣ 'ਤੇ ਪੰਚਾਇਤ ਅਤੇ ਪਿੰਡ ਦੇ ਮੋਹਤਬਰਾਂ ਵੱਲੋਂ ਚੇਅਰਮੈਨ ਸਤਨਾਮ ਜਲਾਲਪੁਰ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਗ੍ਰਾਂਟ ਦਾ ਚੈੱਕ ਪੰਚਾਇਤ ਨੂੰ ਸੌਂਪਦਿਆਂ ਚੇਅਰਮੈਨ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਪਿੰਡਾਂ ਦੀ ਨੁਹਾਰ ਬਦਲਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਿੰਡਾਂ ਦੀਆਂ ਸਾਂਝੀਆਂ ਥਾਵਾਂ 'ਤੇ ਸ਼ੈਡ ਅਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਮੁੱਖ ਪ੍ਰਾਥਮਿਕਤਾ ਹੈ। ? ?ਇਸ ਪ੍ਰੋਗਰਾਮ ਦੌਰਾਨ ਜਸਪਾਲ ਸਿੰਘ ਜਾਡਲੀ, ਸਰਪੰਚ ਸਤਵੰਤ ਕੌਰ, ਕਰਨ ਪੰਚ, ਸਰਬਜੀਤ ਰਾਮ ਪੰਚ, ਨਵਰੂਪ ਸਿੰਘ ਪੰਚ, ਮਨਦੀਪ ਕੌਰ ਪੰਚ, ਨਵਦੀਪ ਕੌਰ ਪੰਚ, ਗੀਨਾ ਕੁਮਾਰੀ ਪੰਚ, ਹਰੀ ਪਾਲ ਜਾਡਲੀ ਡਾਇਰੈਕਟਰ ਸ਼ੂਗਰ ਮਿੱਲ ਨਵਾਂ ਸ਼ਹਿਰ, ਗੁਰਮੁਖ ਸਿੰਘ ਸੂਬੇਦਾਰ ਪੰਚ, ਅਮਰਜੀਤ ਰਾਮ ਸਾਬਕਾ ਸਰਪੰਚ, ਭਜਨਾ ਰਾਮ ਸਾਬਕਾ ਪੰਚ, ਰਸ਼ਪਾਲ ਸਿੰਘ ਸਾਬਕਾ ਪੰਚ, ਬਲਵੀਰ ਸਿੰਘ, ਕੇਸਰ ਸਿੰਘ, ਗੁਰਨਾਮ ਰਾਮ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਆਰ ਬੀ ਯੂ 'ਚ ਰਾਸ਼ਟਰ ਪੱਧਰੀ ਮੂਟ ਕੋਰਟ ਮੁਕਾਬਲਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ ਲਾਅ ਵੱਲੋਂ ਐੱਚ ਐੱਸ ਮੱਤੇਵਾਲ ਮੈਮੋਰੀਅਲ ਨੈਸ਼ਨਲ ਮੂਟ ਕੋਰਟ ਮੁਕਾਬਲਾ 2026 ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਦੀਆਂ ਪ੍ਰਮੁੱਖ ਕਾਨੂੰਨੀ




ਸੰਸਥਾਵਾਂ ਦੀ ਨੁਮਾਇੰਦਗੀ ਕਰਦੀਆਂ 20 ਟੀਮਾਂ ਨੇ ਭਾਗ ਲਿਆ। ਇਸ ਸਮਾਗਮ ਨੇ ਉਭਰਦੇ ਕਾਨੂੰਨੀ ਪੇਸ਼ੇਵਰਾਂ ਨੂੰ ਆਪਣੀਆਂ ਵਕਾਲਤ, ਖੋਜ ਅਤੇ ਅਦਾਲਤੀ ਹੁਨਰਾਂ ਨੂੰ ਨਿਖਾਰਨ ਲਈ ਇੱਕ ਜੀਵੰਤ ਰਾਸ਼ਟਰੀ ਮੰਚ ਪ੍ਰਦਾਨ ਕੀਤਾ। ਦੋ ਦਿਨਾਂ ਮੁਕਾਬਲੇ ਵਿੱਚ ਸਖ਼ਤ ਸ਼ੁਰੂਆਤੀ, ਕੁਆਰਟਰ-ਫਾਈਨਲ, ਸੈਮੀ-ਫਾਈਨਲ ਅਤੇ ਫਾਈਨਲ ਦੌਰ ਸਨ, ਜਿੱਥੇ ਭਾਗੀਦਾਰਾਂ ਨੇ ਅਸਧਾਰਨ ਕਾਨੂੰਨੀ ਸੂਝ, ਵਿਸ਼ਲੇਸ਼ਣਾਤਮਕ ਯੋਗਤਾ ਅਤੇ ਬੋਲਣ ਦੀ ਯੋਗਤਾ ਦਾ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਓ ਪੀ ਜਿੰਦਲ ਗਲੋਬਲ ਯੂਨੀਵਰਸਿਟੀ ਦੀ ਟੀਮ ਜੇਤੂ ਰਹੀ, ਜਿਸ ਨੂੰ 21,000 ਰੁਪਏ ਦਾ ਨਕਦ ਇਨਾਮ ਅਤੇ ਪ੍ਰਸ਼ੰਸਾ ਪੱਤਰ ਮਿਲੇ। ਦੂਜੇ ਸਥਾਨ 'ਤੇ ਪੰਜਾਬ ਯੂਨੀਵਰਸਿਟੀ ਰੀਜਨਲ ਸੈਂਟਰ, ਲੁਧਿਆਣਾ ਰਿਹਾ, ਜਿਸ ਨੂੰ 11,000 ਰੁਪਏ ਅਤੇ ਸਰਟੀਫਿਕੇਟ ਮਿਲੇ।ਅੰਤਿਮ ਦੌਰ ਦਾ ਨਿਰਣਾ ਇੱਕ ਉੱਘੇ ਪੈਨਲ ਦੁਆਰਾ ਕੀਤਾ ਗਿਆ ਜਿਸ ਵਿੱਚ ਜਸਟਿਸ ਰਾਜੀਵ ਸ਼ਰਮਾ ਸਾਬਕਾ ਕਾਰਜਕਾਰੀ ਚੀਫ਼ ਜਸਟਿਸ ਉੱਤਰਾਖੰਡ ਹਾਈ ਕੋਰਟ, ਜਸਟਿਸ ਐਚ.ਐਸ. ਸਿੱਧੂ ਸਾਬਕਾ ਜੱਜ, ਡਾ. ਤ੍ਰਿਸ਼ਾ ਸ਼ਰਮਾ (ਪੀ ਯੂ) , ਡਾ. ਦੀਪਕ ਜਿੰਦਲ ਅਤੇ ਐਡਵੋਕੇਟ ਸਿੰਘ ਜੋਗਿੰਦਰ ਸਿੰਘ ਮਾਨ ਸ਼ਾਮਲ ਸਨ। ਉਨ੍ਹਾਂ ਦੇ ਮਾਹਰ ਨਿਰੀਖਣਾਂ ਅਤੇ ਰਚਨਾਤਮਕ ਫੀਡਬੈਕ ਨੇ ਭਾਗੀਦਾਰਾਂ ਦੇ ਸਿੱਖਣ ਦੇ ਅਨੁਭਵ ਨੂੰ ਕਾਫ਼ੀ ਅਮੀਰ ਬਣਾਇਆ।ਸਮਾਪਤੀ ਸੈਸ਼ਨ ਵਿੱਚ ਜਸਟਿਸ ਆਲੋਕ ਜੈਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

# ਸ਼ਿਵ ਸੈਨਾ ਦੇ ਸਥਾਪਨਾ ਦਿਵਸ 'ਤੇ ਕੀਤਾ ਹਵਨ ਯੱਗ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼ਿਵ ਸੈਨਾ ਹਿੰਦੁਸਤਾਨ ਸੰਗਠਨ ਦੀ ਸਥਾਪਨਾ 30 ਮਾਰਚ 2003 ਨੂੰ ਜਲੰਧਰ ਵਿਖੇ ਕੀਤੀ ਗਈ ਸੀ। ਸੰਗਠਨ ਦੇ 23ਵੇਂ ਸਥਾਪਨਾ ਦਿਵਸ ਮੌਕੇ ਤੇ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੇ ਨਿਰਦੇਸ਼ਾਂ ਅਧੀਨ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਠਾਕੁਰ ਦੁਆਰਾ ਮੰਦਿਰ ਵਿਖੇ ਵਿਸ਼ਵ ਸ਼ਾਂਤੀ ਲਈ ਹਵਨ ਯੱਗ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਪੰਡਿਤ ਭਗਵਤ ਪ੍ਰਸਾਦ ਵੱਲੋਂ ਪੂਰੀ ਵਿਧੀ ਪੂਰਵਕ ਪੂਜਾ ਅਰਚਨਾ ਕਰਨ ਉਪਰੰਤ ਹਵਨ ਯੱਗ ਕੀਤਾ ਗਿਆ ਜਿਸ ਵਿੱਚ ਰਾਹੁਲ ਖੰਨਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲਾ ਚੇਅਰਮੈਨ ਵਿਵੇਕ ਵਿਜਨ, ਯੁਵਾ ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਯੁਵਾ ਪ੍ਰਧਾਨ ਪੁਨੀਤ ਢੀਂਦਰਾ, ਗੌਰਵ ਬੇਦੀ, ਸੰਜੀਵ ਖੰਨਾ, ਰਜੀਵ ਖੰਨਾ, ਹਰਦੀਪ ਸਿੰਘ, ਅਰੁਣ ਸੇਠੀ, ਬਿਸ਼ਨ ਦੇਵਰਾਜ, ਪਰਮਜੀਤ ਸਿੰਘ, ਮਨਜੋਤ ਸਿੰਘ, ਬਬਲੂ ਕੁਮਾਰ, ਬੰਟੀ ਰਾਜਪੂਤ ਅਤੇ ਹੋਰ ਸ਼ਿਵ ਸੈਨਿਕਾਂ ਨੇ ਪੂਰਨ ਆਹੂਤੀ ਪਾ ਕੇ ਹਵਨ ਯੱਗ ਸੰਪੂਰਨ ਕੀਤਾ। ਇਸ ਮੌਕੇ ਤੇ ਰਾਹੁਲ ਖੰਨਾ ਨੇ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਹਰ ਵਰਗ ਦਾ ਆਦਰ ਸਤਿਕਾਰ ਕਰਦਾ ਹੈ ਅਤੇ ਹਿੰਦੂਆਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਆਵਾਜ਼ ਬੁਲੰਦ ਕਰਦਾ ਰਿਹਾ ਹੈ ਤੇ ਅੱਗੇ ਵੀ ਕਰਦਾ ਰਹੇਗਾ।



# ਮਾਤਾ ਸ਼ੀਤਲਾ ਦੇਵੀ ਮੰਦਰ ਵਿੱਚ ਪ੍ਰੋਗਰਾਮ ਕਰਵਾਇਆ



**ਬਲਾਚੌਰ (ਜਸਵਿੰਦਰ ਬੈਂਸ)**- ਰੈਲ ਮਾਜਰਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਾਤਾ ਸ਼ੀਤਲਾ ਦੇਵੀ ਮੰਦਰ ਵਿੱਚ ਪ੍ਰੋਗਰਾਮ ਕਰਵਾਇਆ ਗਿਆ ਜਿੱਥੇ ਮੁੱਖ ਮਹਿਮਾਨ ਸੀਨੀਅਰ ਕਾਂਗਰਸੀ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਅਜੇ ਕੁਮਾਰ ਮੰਗੂਪੁਰ ਉਚੇਚੇ ਤੌਰ ਪਹੁੰਚੇ। ਉਨ੍ਹਾਂ ਨੇ ਝੰਡੇ ਦੀ ਰਸਮ ਅਦਾ ਕੀਤੀ ਗਈ ਹੈ ਤੇ ਭਗਤ ਬਾਬਾ ਵਿਨੋਦ ਕੁਮਾਰ ਨੇ ਅਜੇ ਮੰਗੂਪੁਰ ਦਾ ਮਾਤਾਂ ਦੀ ਚੁਨਰੀ ਦੇ ਨਾਲ ਸਨਮਾਨਤ ਕੀਤਾ। ਅਜੇ ਮੰਗੂਪੁਰ ਵਲੋਂ ਕਮੇਟੀ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ। ਇਸ ਸਥਾਨ ਤੇ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਦਲੀਪ ਘਈ ਪੰਚ, ਨੇਤਰ ਪੰਚ, ਸੁਖਦੇਵ ਕੁਮਾਰ ਬੋਬੀ, ਗੁਰਦੀਪ ਘਈ, ਦਰਸ਼ਨ ਪੰਚ, ਪ੍ਰਧਾਨ ਸੁਰਿੰਦਰ ਸ਼ਿੰਦਾ ਰੈਲ ਮਾਜਰਾ ਤੇ ਰੱਤੇਵਾਲ ਦੇ ਸਰਪੰਚ ਅਮਰਨਾਥ ਨਾਥੀ ਸਮੇਤ ਸੰਗਤਾਂ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸ੍ਰੀ ਰਾਮ ਨੌਮੀ ਨੂੰ ਸਮਰਪਤ ਵਿਸ਼ਾਲ ਸ਼ੋਭਾ ਯਾਤਰਾ ਸਜਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਨਡਾਲੋ ਵਿਖੇ ਸ੍ਰੀ ਰਾਮ ਮੰਦਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ 1008 ਧੰਨ ਧੰਨ ਬਾਬਾ ਧਿਆਨ ਦਾਸ ਜੀ ਦੇ ਅਸਥਾਨ ਤੇ ਸ੍ਰੀ ਰਾਮ ਨੌਮੀ ਦਿਹਾੜੇ ਧਾਰਮਿਕ ਸਮਾਗਮ 26



ਮਾਰਚ ਤੋਂ 2 ਅਪ੍ਰੈਲ ਤੱਕ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਚਤੁਰਭੁਜ ਦਾਸ ਜੀ ਨਡਾਲੋਂ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਮੰਦਰ ਦੀ ਮੁੱਖ ਸੇਵਾਦਾਰ ਮਹੰਤ ਚਤੁਰਭੁਜ ਦਾਸ ਜੀ ਨਡਾਲੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ੍ਰੀ ਰਾਮ ਨੌਮੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਇਹ ਵਿਸ਼ਾਲ ਸ਼ੋਭਾ ਯਾਤਰਾ ਮੰਦਰ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦੀ ਸ਼ਾਮ ਨੂੰ ਸਮਾਪਤੀ ਹੋਈ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਸੰਗਤਾਂ ਵੱਲੋਂ ਵੱਖ ਵੱਖ ਮੁਹੱਲਿਆਂ ਵਿਚ ਲੰਗਰ ਲਗਾਏ ਗਏ।ਸ਼ੋਭਾ ਯਾਤਰਾ ਮੌਕੇ ਵੱਖ ਵੱਖ ਪੜਾਵਾਂ ਤੇ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਚਤੁਰਭੁਜ ਦਾਸ ਨਡਾਲੋ ਨੇ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਸਹਿਯੋਗ ਦੇਣ ਤੇ ਧੰਨਵਾਦ ਕੀਤਾ।ਇਸ ਮੌਕੇ ਸ੍ਰੀ ਰਾਮ ਨੌਮੀ ਦਿਹਾੜੇ ਮੌਕੇ ਮਹੰਤ ਚਤੁਰਭੁਜ ਦਾਸ ਨਡਾਲੋਂ, ਪੰਡਤ ਜਸਪਾਲ ਸ਼ਰਮਾ ਨਡਾਲੋ, ਭਾਈ ਭਗਤ ਸਿੰਘ ਬੱਡੋ ਨੇ ਪ੍ਰਭੂ ਸ੍ਰੀ ਰਾਮ ਚੰਦਰ ਜੀ ਦੇ ਗੁਣਗਾਨ ਕੀਤੇ। ਇਸ ਮੌਕੇ ਸ੍ਰੀ ਰਾਮ ਨੌਮੀ ਦਿਹਾੜੇ ਨੂੰ ਸਮਰਪਿਤ 2 ਅਪ੍ਰੈਲ ਨੂੰ ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਮਹੰਤ ਚਤੁਰਭੁਜ ਦਾਸ ਨਡਾਲੋਂ, ਜਸਪਾਲ ਸ਼ਰਮਾ, ਰਣਬੀਰ ਸਿੰਘ, ਧਰਮਜੀਤ ਸਿੰਘ ਗੋਪੀ, ਮਨਵੀਰ ਸਿੰਘ, ਬਲਵੀਰ ਸਿੰਘ ਬਿੰਜੋ, ਜਗਦੀਸ਼ ਦਾਸ ਬੱਡਲਾ, ਕੇਵਲ ਸਿੰਘ ਨੰਬਰਦਾਰ, ਓਕਾਰ ਸਿੰਘ, ਪਰਮਜੀਤ ਸਿੰਘ ਠੰਡਲਾ, ਸੁਨੀਤਾ ਦੇਵੀ, ਰਾਜ ਪਰਮਾਰ, ਸੋਮੋ ਅਮਨਦੀਪ ਸ਼ਰਮਾ, ਹਰਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸਾਹਿਤ ਵਿਚਾਰਾਂ ਦੀ ਦਿਸ਼ਾ ਬਦਲਣ ਦੇ ਸਮਰੱਥ ਹੁੰਦਾ : ਇੰਜੀ. ਜਸਵੀਰ ਮੋਰੋਂ

**ਬੰਗਾ (ਅਵਤਾਰ ਕਲੇਰ)**

ਵਿਵੇਕ ਵਿਕਾਸ ਲਹਿਰ ਪੰਜਾਬ, ਮੁੱਖ ਦਫਤਰ ਬੰਗਾ ਵੱਲੋਂ ਗਿਆਨ ਵੰਡਣ ਦੀ ਮੁਹਿੰਮ, ਮੁਫ਼ਤ ਪੁਸਤਕਾਂ ਦੇਣ ਰਾਹੀਂ ਸ਼ੁਰੂ ਕੀਤੀ ਹੋਈ ਹੈ। ਇਸ ਲੜੀ ਤਹਿਤ ਪਿੰਡ ਮੋਰੋਂ ਵਿਖੇ ਅੱਖਾਂ ਦੇ ਚੈੱਕਅੱਪ ਤੇ ਅਪਰੇਸ਼ਨ ਕੈਂਪ ਮੌਕੇ ਹਾਜ਼ਰ ਲੋਕਾਂ ਨੂੰ ਸਾਹਿਤਕ ਕਿਤਾਬਾਂ ਵੰਡੀਆਂ। ਸੰਸਥਾ ਵਲੋਂ ਇਹ ਅਠਾਰਵਾਂ ਪੁਸਤਕ ਵੰਡ ਸਮਾਗਮ ਸੀ । ਇਸ ਮੌਕੇ ਇੰਜੀ. ਜਸਵੀਰ ਸਿੰਘ ਮੋਰੋਂ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਹੁਣ ਤੱਕ ਲਗਭਗ ਇੱਕ ਲੱਖ ਰੁਪਏ ਤੋਂ ਵੱਧ,ਮੁੱਲ ਦੀਆਂ ਕਿਤਾਬਾਂ ਮੁਫ਼ਤ ਵੰਡੀਆਂ ਗਈਆਂ ਹਨ। ਪੰਜਾਬ ਦੀ ਇਹ ਇੱਕੋ ਇੱਕ ਸੰਸਥਾ ਹੈ, ਜੋ ਮੁਫ਼ਤ ਸਾਹਿਤਕ, ਗਿਆਨ, ਵਿਗਿਆਨ ਨਾਲ ਸੰਬੰਧਤ ਕਿਤਾਬਾਂ ਪਾਠਕਾਂ ਤੱਕ ਘਰ-ਘਰ ਪਹੁੰਚਾ ਰਹੀ ਹੈ। ਸੰਸਥਾ ਪੁਸਤਕ ਸਭਿਆਚਾਰ ਪੈਦਾ ਕਰਨ ਲਈ ਯਤਨਸ਼ੀਲ ਹੈ। ਸਾਹਿਤ ਵਿਚਾਰਾਂ ਦੀ ਦਿਸ਼ਾ ਬਦਲਣ ਦੇ ਸਮਰੱਥ ਹੁੰਦਾ ਹੈ। ਚੰਗੀਆਂ ਕਿਤਾਬਾਂ ਚੰਗਾ ਮਾਹੌਲ ਸਿਰਜਣ ਵਿੱਚ ਸਾਕਾਰਾਤਮਕ ਭੂਮਿਕਾ ਨਿਭਾਉਂਦੀਆਂ ਹਨ। ਡਿਜਿਟਲ ਜ਼ਮਾਨੇ ਵਿੱਚ ਵੀ ਕਿਤਾਬਾਂ ਦੀ ਅਹਿਮੀਅਤ ਬਣੀ ਹੋਈ ਹੈ ਤੇ ਰਹੇਗੀ। ਇਸ



ਮੌਕੇ ਬਲਦੇਵ ਸਿੰਘ ਨਾਮਧਾਰੀ, ਜਸਵਿੰਦਰ ਸਿੰਘ, ਜਸਵੰਤ ਸਿੰਘ ਰਾਏ ,ਅਜੀਤ ਸਿੰਘ , ਕੁਲਵੰਤ ਸਿੰਘ , ਇੰਜ. ਨਰਿੰਦਰ ਬੰਗਾ, ਕਮਲਜੀਤ ਕੌਰ ਬੰਗਾ, ਕੁਲਵੰਤ ਕੌਰ, ਬਲਵੀਰ ਕੌਰ,ਹਰਦੀਪ ਸਿੰਘ, ਕੇਵਲ ਰਾਮ, ਕੁਲਵਿੰਦਰ ਕੌਰ ਪੰਚ, ਪਰਮਜੀਤ ਕੌਰ ਢੀਂਡਸਾ, ਜਸਵਿੰਦਰ ਕੌਰ ਆਦਿ ਹਾਜ਼ਰ ਸਨ।

# ਹਿੰਦੀ, ਅੰਗਰੇਜ਼ੀ ਦੇ ਵਧਦੇ ਪ੍ਰਭਾਵ ਕਾਰਨ ਲੋਕ ਪੰਜਾਬੀ ਦੀ ਵਰਤੋਂ ਘੱਟ ਕਰ ਰਹੇ : ਡਾ. ਆਸ਼ੀਸ਼ ਸਰੀਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਆਧੁਨਿਕ ਯੁੱਗ ਵਿੱਚ ਪੰਜਾਬੀ ਭਾਸ਼ਾ ਕੁਝ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਅੰਗਰੇਜ਼ੀ ਅਤੇ ਹੋਰ ਭਾਸ਼ਾਵਾਂ ਦੇ ਵਧਦੇ ਪ੍ਰਭਾਵ ਕਾਰਨ ਲੋਕ ਪੰਜਾਬੀ ਦੀ ਵਰਤੋਂ ਘੱਟ ਕਰ ਰਹੇ ਹਨ। ਸ਼ਹਿਰੀ ਇਲਾਕਿਆਂ ਵਿੱਚ ਖ਼ਾਸ ਕਰਕੇ ਨਵੀਂ ਪੀੜ੍ਹੀ ਪੰਜਾਬੀ ਦੀ ਬਜਾਏ ਅੰਗਰੇਜ਼ੀ ਅਤੇ ਹਿੰਦੀ ਭਾਸ਼ਾ ਵੱਲ ਵੱਧ ਧਿਆਨ ਦੇ ਰਹੀ ਹੈ। ਇਸ ਨਾਲ ਪੰਜਾਬੀ ਭਾਸ਼ਾ ਦੇ ਭਵਿੱਖ 'ਤੇ ਸਵਾਲ ਉਠਦੇ ਹਨ। ਇਸ ਦੇ ਨਾਲ ਹੀ, ਪੰਜਾਬੀ ਲਿਪੀ (ਗੁਰਮੁਖੀ) ਦੀ ਜਾਣਕਾਰੀ ਵਿੱਚ ਵੀ ਕਮੀ ਆ ਰਹੀ ਹੈ, ਜੋ ਇੱਕ ਗੰਭੀਰ ਮਸਲਾ ਹੈ। ਇਨ੍ਹਾਂ ਚੁਣੌਤੀਆਂ ਦਾ ਹੱਲ ਕਰਨਾ ਸਾਡੀ ਸੱਭਦੀ ਸਾਂਝੀ ਜ਼ਿੰਮੇਵਾਰੀ ਹੈ। ਇਹ ਵਿਚਾਰ ਹਿਜ਼ ਐਕਸੀਲੇਂਟ ਇਸਟੀਚਿਊਟ ਅਤੇ ਸੇਂਟ ਕਬੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਚੱਗਰਾਂ ਹੁਸ਼ਿਆਰਪੁਰ ਦੇ ਐਮ ਡੀ ਡਾ. ਆਸ਼ੀਸ਼ ਸਰੀਨ ਨੇ ਕੁਝ ਪੱਤਰਕਾਰਾਂ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਸਾਂਝੇ ਕੀਤੇ। ਉਹਨਾਂ ਕਿਹਾ ਕਿ ਸਭ ਤੋਂ ਪਹਿਲਾਂ ਘਰ ਵਿੱਚ ਪੰਜਾਬੀ ਬੋਲਣ ਦੀ ਆਦਤ ਨੂੰ ਵਧਾਇਆ ਜਾਣਾ ਚਾਹੀਦਾ ਹੈ ਅਤੇ ਮਾਪੇ ਆਪਣੇ ਬੱਚਿਆਂ ਨੂੰ ਪੰਜਾਬੀ ਸਿੱਖਣ ਅਤੇ ਬੋਲਣ ਲਈ ਪ੍ਰੇਰਿਤ ਕਰਨ। ਉਹਨਾ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਪੰਜਾਬੀ ਨੂੰ ਯੋਗ ਮਾਣ-ਸਨਮਾਨ ਅਤੇ ਸਥਾਨ ਮਿਲਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸਰਕਾਰ ਅਤੇ ਸੰਸਥਾਵਾਂ ਨੂੰ ਵੀ ਪੰਜਾਬੀ ਦੇ ਪ੍ਰਚਾਰ-ਪ੍ਰਸਾਰ ਲਈ ਪੁਰਜ਼ੋਰ ਯਤਨ ਕਰਨੇ ਚਾਹੀਦੇ ਹਨ। ਇਸ ਦੇ ਨਾਲ ਹੀ, ਨਵੀਂ ਤਕਨਾਲੋਜੀ ਦੇ ਨਾਲ ਪੰਜਾਬੀ ਨੂੰ ਜੋੜਨਾ ਬਹੁਤ ਜ਼ਰੂਰੀ ਹੈ, ਤਾਂ ਜੋ



ਪੰਜਾਬੀ ਭਾਸ਼ਾ ਸਮੇਂ ਦੇ ਨਾਲ-ਨਾਲ ਅੱਗੇ ਵੱਧ ਸਕੇ। ਉਹਨਾ ਕਿਹਾ ਕਿ ਪੰਜਾਬੀ ਭਾਸ਼ਾ ਸਿਰਫ਼ ਸੰਚਾਰ ਦਾ ਸਾਧਨ ਨਹੀਂ ਹੈ, ਸਗੋਂ ਸਾਡੀ ਪਹਿਚਾਣ ਸੱਭਿਆਚਾਰ ਅਤੇ ਵਿਰਾਸਤ ਦਾ ਇੱਕ ਅਹਿਮ ਹਿੱਸਾ ਹੈ। ਉਹਨਾ ਕਿਹਾ ਕਿ ਅਸੀਂ ਪੰਜਾਬੀ ਭਾਸ਼ਾ ਨੂੰ ਸਿਰਫ਼ ਵਰਤੋਂ ਵਿੱਚ ਹੀ ਨਾ ਲਿਆਈਏ, ਸਗੋਂ ਇਸ ਨੂੰ ਸੰਭਾਲਣ ਅਤੇ ਅੱਗੇ ਵਧਾਉਣ ਲਈ ਵੀ ਯਤਨ ਕਰੀਏ। ਉਹਨਾਂ ਕਿਹਾ ਕਿ ਜੇਕਰ ਅਸੀਂ ਪੰਜਾਬੀ ਭਾਸ਼ਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਈ ਰੱਖਾਂਗੇ, ਤਾਂ ਸਾਡੀ ਪੰਜਾਬੀ ਮਾਤਰ ਭਾਸ਼ਾ ਸਦਾ ਜੀਵੰਤ ਰਹੇਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਮਾਣ ਦਾ ਕਾਰਨ ਬਣੇਗੀ। ਉਹਨਾ ਕਿਹਾ ਕਿ ਪੰਜਾਬੀ ਭਾਸ਼ਾ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਲਈ ਆਪਣੀਆ ਜੜ੍ਹਾਂ ਨਾਲ ਜੁੜੇ ਰਹਿਣ ਦਾ ਵੀ ਇੱਕ ਸਾਧਨ ਹੈ ਕਿਉਂਕਿ ਕੈਨੇਡਾ, ਇੰਗਲੈਂਡ, ਅਮਰੀਕਾ ਅਤੇ ਆਸਟ ?ਰੇਲੀਆ ਵਰਗੇ ਦੇਸ਼ਾਂ ਵਿੱਚ ਵੱਡੀ ਗਿਣਤੀ ਵਿੱਚ ਪੰਜਾਬੀ ਵੱਸਦੇ ਹਨ। ਉਥੇ ਪੰਜਾਬੀ ਭਾਸ਼ਾ ਸਿੱਖਿਆ, ਮੀਡੀਆ ਅਤੇ ਧਾਰਮਿਕ ਸਥਾਨਾਂ ਰਾਹੀਂ ਜੀਵੰਤ ਰੱਖੀ ਜਾ ਰਹੀ ਹੈ।

# ਨਵੇਂ ਮੁਹੱਲਾ ਕਲੀਨਿਕ ਦਾ ਕੈਬਨਿਟ ਮੰਤਰੀ ਸੌਂਦ ਨੇ ਕੀਤਾ ਉਦਘਾਟਨ

## ਪੰਜਾਬ 'ਚ ਜਲਦ 400 ਹੋਰ ਮੁਹੱਲਾ ਕਲੀਨਿਕ ਖੋਲ੍ਹੇ ਜਾਣਗੇ : ਸੌਂਦ

**ਖੰਨਾ/ਲੁਧਿਆਣਾ (ਸੁਖਵਿੰਦਰ ਭਾਦਲਾ/ਰਾਜ ਸਿੰਗਲਾ)** : ਹਲਕਾ ਖੰਨਾ ਦੇ ਵਿਧਾਇਕ ਤੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਸ਼ਨੀਵਾਰ ਨੂੰ ਨਿਊ ਮਾਡਲ ਟਾਊਨ, ਅਮਲੋਹ ਰੋਡ, ਵਾਰਡ ਨੰਬਰ 8, ਖੰਨਾ ਵਿਖੇ ਕਰੀਬ 27 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਤਿਆਰ ਕੀਤੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਅੱਜ ਪੂਰੇ ਪੰਜਾਬ ਵਿੱਚ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਵੱਲੋਂ 109 ਹੋਰ ਮੁਹੱਲਾ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ ਹੈ।ਹੁਣ ਪੂਰੇ ਪੰਜਾਬ ਵਿੱਚ ਕੁੱਲ 990 ਮੁਹੱਲਾ ਕਲੀਨਿਕ ਬਣ ਚੁੱਕੇ ਹਨ।ਇਨ੍ਹਾਂ ਮੁਹੱਲਾ ਕਲੀਨਿਕਾਂ ਵਿੱਚੋਂ 5 ਕਰੋੜ ਤੋਂ ਵੱਧ ਲੋਕ ਲਾਭ ਉਠਾ ਚੁੱਕੇ ਹਨ।ਇਨ੍ਹਾਂ ਮੁਹੱਲਾ ਕਲੀਨਿਕਾਂ ਵਿੱਚ 107 ਕਿਸਮ ਦੀਆਂ ਦਵਾਈਆਂ ਉਪਲਬਧ ਹਨ।ਇੱਥੇ ਡਾਕਟਰ ਹਾਜ਼ਰ ਰਹਿੰਦੇ ਹਨ, ਉਨ੍ਹਾਂ ਦੀ ਸਲਾਹ ਵੀ ਬਿਲਕੁਲ ਮੁਫ਼ਤ ਹੈ।ਖੰਨਾ ਦੇ ਇਸ ਇਲਾਕੇ ਨੂੰ ਬਹੁਤ ਵੱਡੀ ਰਾਹਤ ਮਿਲੇਗੀ।ਸਾਡੇ ਬਜ਼ੁਰਗਾਂ, ਮਾਤਾਵਾਂ-ਭੈਣਾਂ ਨੂੰ ਇਸ ਨਾਲ ਬਹੁਤ ਵੱਡੀ ਸਹੂਲਤ ਮਿਲੀ ਹੈ। ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕ ਪੱਖੀ ਸਰਕਾਰ ਹੈ, ਜੋ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਦੀਆਂ ਜ਼ਰੂਰਤਾਂ ਨੂੰ ਸਮਝਦੀ ਹੈ। ਮੰਤਰੀ ਸੌਂਦ ਨੇ ਦੱਸਿਆ ਕਿ ਖੰਨਾ ਹਲਕੇ ਵਿੱਚ 7 ਮੁਹੱਲਾ ਕਲੀਨਿਕ ਹੋ ਗਏ ਹਨ, ਜਿਨ੍ਹਾਂ ਵਿੱਚੋਂ 3 ਪਿੰਡਾਂ ਵਿੱਚ ਚੱਲ ਰਹੇ ਸੀ, 3 ਖੰਨਾ ਸ਼ਹਿਰ ਵਿੱਚ ਚੱਲ ਰਹੇ ਸੀ ਤੇ ਅੱਜ ਇੱਕ ਹੋਰ ਮੁਹੱਲਾ ਕਲੀਨਿਕ ਖੁੱਲ੍ਹ ਗਿਆ ਹੈ।ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੂਰੇ ਪੰਜਾਬ ਵਿੱਚ 400 ਹੋਰ ਮੁਹੱਲਾ ਕਲੀਨਿਕ ਖੋਲ੍ਹੇ ਜਾਣਗੇ।ਇਸ ਮੌਕੇ ਸਿਵਲ ਹਸਪਤਾਲ ਖੰਨਾ ਦੇ ਐੱਸ.ਐੱਮ.ਓ. ਡਾ. ਮਨਿੰਦਰ ਭਸੀਨ, ਡਾ. ਰਮਨਦੀਪ ਕੌਰ, ਕੌਂਸਲਰ ਸੁਰਿੰਦਰ ਬਾਵਾ, ਵਾਰਡ ਨੰਬਰ 8 ਦੇ ਇੰਚਾਰਜ ਬਲਵੰਤ ਲੋਹਟ, ਕੁਲਵੰਤ ਸਿੰਘ ਮਹਿਮੀ, ਪੁਨੀਤ ਖੱਟਰ, ਅਵਤਾਰ ਮਾਨ, ਗੁਰਸੀਰਤ ਬਾਦਸ਼ਾਹ, ਰਾਜ ਲਖੀਆ, ਦਰਸ਼ਨ ਸਿੰਘ ਅਰੋੜਾ ਆਦਿ ਹਾਜ਼ਰ ਸਨ।



# ਹਜ਼ਾਰਾ ਸਿੰਘ ਵਾਲਾ 'ਚ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਜਲਦ ਹੋਵੇਗਾ ਹੱਲ : ਦਹੀਆ

**ਮਮਦੋਟ, (ਜਸਬੀਰ ਸਿੰਘ ਕੰਬੋਜ)**- ਹਲਕਾ ਫਿਰੋਜ਼ਪੁਰ ਦਿਹਾਤੀ ਦੇ ਬਲਾਕ ਮਮਦੋਟ ਅਧੀਨ ਆਉਂਦੇ ਪਿੰਡ ਹਜ਼ਾਰਾ ਸਿੰਘ ਵਾਲਾ ਵਿੱਚ ਪੀਣ ਵਾਲੇ ਪਾਣੀ ਦੀ ਗੰਭੀਰ ਸਮੱਸਿਆ ਲੰਬੇ ਸਮੇਂ ਤੋਂ ਪਿੰਡ ਵਾਸੀਆਂ ਲਈ

**● ਵਿਧਾਇਕ ਦਹੀਆ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ**

ਵੱਡੀ ਚਿੰਤਾ ਦਾ ਕਾਰਨ ਬਣੀ ਹੋਈ ਹੈ।ਪਿੰਡ ਦੇ ਜਲ-ਘਰ ਦੀਆਂ ਪਾਈਪਾਂ ਵਿੱਚ ਸੀਵਰੇਜ ਦਾ ਪਾਣੀ ਮਿਕਸ ਹੋਣ 'ਤੇ ਪਿੰਡ ਵਿੱਚ ਬਿਮਾਰੀ ਫੈਲਣ ਕਾਰਨ ਪਿਛਲੇ ਕਈ ਦਿਨਾਂ ਤੋਂ ਜਿੱਥੇ ਸਿਹਤ ਵਿਭਾਗ ਤੇ ਪ੍ਰਸ਼ਾਸਨ ਵੱਲੋਂ ਬਿਮਾਰੀ 'ਤੇ ਕਾਬੂ ਪਾਉਣ ਵਾਸਤੇ ਜੱਦੋ ਜਹਿਦ ਕੀਤੀ ਜਾ ਰਹੀ ਹੈ, ਉੱਥੇ ਪੰਚਾਇਤ ਵੱਲੋਂ ਪਿੰਡ ਦੇ ਵਾਟਰ ਵਰਕਸ ਰਾਹੀਂ ਘਰਾਂ ਨੂੰ ਦਿੱਤੀ ਜਾ ਰਹੀ ਪਾਣੀ ਦੀ ਸਪਲਾਈ ਨੂੰ ਬੰਦ ਕਰਕੇ ਪਿੰਡ ਦੇ ਲੋਕਾਂ ਨੂੰ ਟੈਂਕਰਾਂ ਰਾਹੀਂ ਪੀਣ ਯੋਗ ਸਾਫ ਪਾਣੀ ਮੁਹੱਈਆ ਕਰਾਇਆ ਜਾ ਰਿਹਾ ਹੈ। ਪਿੰਡ ਵਾਸੀਆਂ ਨੂੰ ਨਿਰਵਿਘਨ ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਮੁੜ ਤੋਂ ਬਹਾਲ ਕਰਨ ਦੇ ਉਦੇਸ਼ ਨਾਲ ਹਲਕਾ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਵੱਲੋਂ ਤੁਰੰਤ ਕਦਮ ਚੁੱਕਦੇ ਹੋਏ ਪਿੰਡ ਹਜ਼ਾਰਾ ਸਿੰਘ ਵਾਲਾ ਦਾ ਦੌਰਾ ਕਰਨ ਉਪਰੰਤ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਵਿਧਾਇਕ ਦਹੀਆ ਨੇ ਅਧਿਕਾਰੀਆਂ ਨਾਲ ਮਿਲ ਕੇ ਪਿੰਡ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕਰਦੇ ਹੋਏ ਮੌਕੇ 'ਤੇ ਹਾਲਾਤਾਂ ਦਾ ਜਾਇਜ਼ਾ ਲਿਆ ਤੇ ਪਾਣੀ ਦੀ ਸਮੱਸਿਆ ਦੇ ਸਥਾਈ ਹੱਲ ਲਈ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਕਿ ਪਿੰਡ ਵਾਸੀਆਂ ਨੂੰ ਸਾਫ਼ ਤੇ ਲੋੜੀਂਦੀ ਮਾਤਰਾ ਵਿੱਚ ਪੀਣ ਵਾਲਾ ਪਾਣੀ ਜਲਦ ਤੋਂ ਜਲਦ ਉਪਲਬਧ ਕਰਵਾਇਆ ਜਾਵੇ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸ੍ਰੀ ਦਹੀਆ ਨੇ ਦੱਸਿਆ ਕਿ ਪਿੰਡ ਵਿੱਚ ਦੁਬਾਰਾ ਨਵੀਆਂ ਪਾਣੀ ਦੀ ਸਪਲਾਈ ਵਾਲੀਆਂ ਪਾਈਪਾਂ ਪਾਉਣ ਦਾ ਕੰਮ ਜਲਦ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਐਸਟੀਮੇਟ ਵਗੈਰਾ ਬਣਾ ਕੇ ਭੇਜ ਦਿੱਤਾ ਗਿਆ ਹੈ ਤੇ ਆਉਣ ਵਾਲੇ ਕੁਝ ਦਿਨਾਂ ਤੱਕ ਇਹ ਕੰਮ ਸ਼ੁਰੂ ਹੋ ਜਾਵੇਗਾ।



## ਵਿਧਾਇਕ ਬੱਗਾ ਵੱਲੋਂ ਤਰਸੇਮ ਕਾਲੋਨੀ 'ਚ ਨਵੇਂ ਟਿਊਬਵੈੱਲ ਦਾ ਉਦਘਾਟਨ

**ਲੁਧਿਆਣਾ (ਰਾਜ ਸਿੰਗਲਾ)**- ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਸਥਾਨਕ ਨਿਵਾਸੀਆਂ ਦੀ ਮੌਜੂਦਗੀ ਵਿੱਚ ਵਾਰਡ 66 ਦੇ ਮੁਹੱਲਾ ਤਰਸੇਮ ਕਲੋਨੀ ਵਿੱਚ ਇੱਕ ਨਵੇਂ ਲਗਾਏ ਗਏ 25 ਹਾਰਸ ਪਾਵਰ ਟਿਊਬਵੈੱਲ ਦਾ ਉਦਘਾਟਨ ਕੀਤਾ।ਨਵੇਂ ਟਿਊਬਵੈੱਲ ਤੋਂ ਸ਼ੁੱਧ ਪਾਣੀ ਦੀ ਸਪਲਾਈ ਬਾਰੇ ਜਾਣਕਾਰੀ ਦਿੰਦੇ ਹੋਏ ਵਿਧਾਇਕ ਬੱਗਾ ਨੇ ਕਿਹਾ ਕਿ ਤਰਸੇਮ ਕਲੋਨੀ ਤੇ ਆਲੇ ਦੁਆਲੇ ਦੇ ਇਲਾਕਿਆਂ ਦੇ ਸੈਂਕੜੇ ਪਰਿਵਾਰਾਂ ਨੂੰ ਸ਼ੁੱਧ ਪੀਣ ਵਾਲੇ ਪਾਣੀ ਦੀ ਪਹੁੰਚ ਹੋਵੇਗੀ।ਇਲਾਕੇ ਵਿੱਚ ਚੱਲ ਰਹੇ ਕਈ ਵਿਕਾਸ ਪ੍ਰੋਜੈਕਟਾਂ ਬਾਰੇ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਟੀਚਾ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਭੇਦਭਾਵ ਦੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ।ਇਸ ਮੌਕੇ ਓ ਐਂਡ ਐੱਮ ਵਿਭਾਗ ਦੇ ਐੱਸ ਡੀ ਓ ਅੰਸ਼ੁਲ ਗਰਚਾ, ਜੇ ਈ ਗੁਰਦੀਪ, 'ਆਪ' ਮਹਿਲਾ ਜੈਂਡਰ ਪ੍ਰਧਾਨ ਮਨੀਸ਼ਾ ਕਪੂਰ, 'ਆਪ' ਬਲਾਕ ਪ੍ਰਧਾਨ ਨਰਿੰਦਰ ਮੱਕੜ, 'ਆਪ' ਦੇ ਵਾਰਡ ਸਕੱਤਰ ਸੁਨੀਲ ਸ਼ਰਮਾ, ਜੁਗਲ ਗੋਇਲ, ਅਦੈ ਕਾਲੜਾ, ਮੋਹਨ ਲਾਲ ਸ਼ਰਮਾ, ਚਮਨ ਲਾਲ ਸ਼ਰਮਾ, ਪੁਸ਼ਪਾ, ਕਮਲੇਸ਼, ਸੋਨੀਆ, ਸੁਮਨ ਬੱਗਾ, ਕਾਂਤਾ ਰਾਣੀ, ਲੀਲਾ ਦੇਵੀ, ਜੋਤੀ ਬਾਲਾ, ਮਾਤਾ ਆਸ਼ੂ ਜੀ, ਟਿੰਕਾ ਕੁਮਾਰ, ਤੇ ਹੋਰ ਹਾਜ਼ਰ ਸਨ।



## ਲੋਕਾਂ ਨੂੰ ਘਰ ਦੇ ਨੇੜੇ ਮੁਫ਼ਤ ਸਿਹਤ ਸਹੂਲਤਾਂ ਮਿਲਣਗੀਆਂ : ਸੇਖੋਂ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 109 ਨਵੇਂ ਆਮ ਆਦਮੀ ਕਲਿਨਿਕਾਂ ਦੇ ਉਦਘਾਟਨ ਦੇ ਨਾਲ ਹੀ ਫਰੀਦਕੋਟ ਹਲਕੇ ਵਿੱਚ ਵੀ 3 ਨਵੇਂ ਕਲਿਨਿਕਾਂ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦੇ ਵਰਚੁਲੀ ਉਦਘਾਟਨ ਵਿੱਚ ਵਿਧਾਇਕ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਸ਼ਿਰਕਤ ਕੀਤੀ।ਇਸ ਮੌਕੇ ਵਿਧਾਇਕ ਸ੍. ਸੇਖੋਂ ਨੇ ਕਿਹਾ ਕਿ ਇਸ ਉਪਰਾਲੇ ਨਾਲ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਇਲਾਜ ਦੀ ਸਹੂਲਤ ਉਪਲਬਧ ਹੋਵੇਗੀ।ਉਨ੍ਹਾਂ ਦੱਸਿਆ ਕਿ ਅੱਜ ਦੇ ਉਦਘਾਟਨਾਂ ਨਾਲ ਪੰਜਾਬ ਵਿੱਚ ਆਮ ਆਦਮੀ ਕਲਿਨਿਕਾਂ ਦੀ ਕੁੱਲ ਗਿਣਤੀ ਲਗਭਗ 990 ਤੱਕ ਪਹੁੰਚ ਗਈ ਹੈ ਤੇ ਆਉਣ ਵਾਲੇ ਸਮੇਂ ਵਿੱਚ, ਖ਼ਾਸ ਕਰਕੇ ਵਿਸਾਖੀ ਤੱਕ, ਹੋਰ ਕਲੀਨਿਕ ਖੋਲ੍ਹੇ ਜਾਣਗੇ।ਵਿਧਾਇਕ ਸੇਖੋਂ ਨੇ ਕਿਹਾ ਕਿ ਫਰੀਦਕੋਟ ਵਿੱਚ ਪਹਿਲਾਂ ਚੱਲ ਰਹੇ ਕਲੀਨਿਕਾਂ ਦੇ ਨਾਲ ਅੱਜ 3 ਹੋਰ ਨਵੇਂ ਕਲੀਨਿਕ ਸ਼ੁਰੂ ਕੀਤੇ ਗਏ ਹਨ, ਜਿਸ ਨਾਲ ਡੋਗਰ ਬਸਤੀ, ਗੁਰੂ ਤੇਗ ਬਹਾਦਰ ਨਗਰ, ਬਰਾੜ ਇਨਕਲੇਵ, ਸਾਈਂ ਕਲੇਵ ਤੇ ਕੱਕੜ ਕਲੋਨੀ ਸਮੇਤ ਕਈ ਇਲਾਕਿਆਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਅਮਨਦੀਪ ਸਿੰਘ ਬਾਬਾ, ਅਮਰਜੀਤ ਸਿੰਘ ਪਰਮਾਰ, ਸਰਬਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।



## ਵਿਧਾਇਕ ਰਾਏ ਨੇ ਇਤਿਹਾਸਕ ਰੈਲੀ ਲਈ ਹਲਕੇ ਦੇ ਲੋਕਾਂ ਦਾ ਕੀਤਾ ਧੰਨਵਾਦ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬ ਸਰਕਾਰ ਵੱਲੋਂ ਅਨਾਜ ਮੰਡੀ ਸਰਹੰਦ ਵਿਖੇ ਕੀਤੀ ਗਈ ਰੈਲੀ ਇਤਿਹਾਸਕ ਹੋ ਗਈ, ਜਿਸ ਸਦਕਾ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਹਲਕਾ ਫਤਿਹਗੜ੍ਹ ਸਾਹਿਬ ਦੇ ਲੋਕਾਂ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਹਲਕਾ ਫਤਿਹਗੜ੍ਹ ਸਾਹਿਬ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਜੋ ਪਿਆਰ ਦਿੱਤਾ ਗਿਆ ਹੈ, ਉਸ ਲਈ ਉਹ ਹਮੇਸ਼ਾ ਰਿਣੀ ਰਹਿਣਗੇ ਤੇ ਹਮੇਸ਼ਾ ਆਮ ਲੋਕਾਂ ਦੀ ਸੇਵਾ ਦੇ ਵਿੱਚ ਕੰਮ ਕਰਦੇ ਰਹਿਣਗੇ।ਉਨ੍ਹਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਆਮਦ 'ਤੇ ਹਲਕਾ ਫਤਿਹਗੜ੍ਹ ਸਾਹਿਬ ਦੇ ਲੋਕਾਂ ਨੇ ਬਹੁਤ ਪਿਆਰ ਦਿੱਤਾ ਹੈ।ਉਨ੍ਹਾਂ ਦੀ ਸੋਝੀ ਦੇ ਵਿੱਚ ਅਨਾਜ ਮੰਡੀ ਸਰਹੰਦ ਵਿਖੇ ਇੰਨਾ ਵੱਡਾ ਇਕੱਠ ਕਦੇ ਵੀ ਨਹੀਂ ਹੋਇਆ।ਇਹ ਪਹਿਲੀ ਵਾਰ ਹੋਵੇਗਾ, ਜਦੋਂ ਇੱਕ ਰੈਲੀ ਮਹਾਂਰੈਲੀ ਦਾ ਰੂਪ ਧਾਰਨ ਕਰ ਗਈ ਹੋਵੇ।ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿੱਤੇ ਸਹਿਯੋਗ ਲਈ ਵੀ ਧੰਨਵਾਦੀ ਹਨ ਕਿ ਉਨ੍ਹਾਂ ਵੱਲੋਂ ਬਹੁਤ ਹੀ ਸੁਚੱਜੇ ਪ੍ਰਬੰਧ ਕੀਤੇ ਗਏ ਸਨ।ਲੋਕ ਖੁਸ਼ੀ ਖੁਸ਼ੀ ਆਏ ਤੇ ਆਪਣੇ ਹਰਮਨ ਪਿਆਰੇ ਨੇਤਾ ਦੇ ਵਿਚਾਰ ਸੁਣ ਕੇ ਖੁਸ਼ੀ ਖੁਸ਼ੀ ਘਰਾਂ ਨੂੰ ਵਾਪਸ ਪਰਤ ਗਏ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਜੋ ਪਿਆਰ ਇਸ ਰੈਲੀ ਵਿੱਚ ਦਿੱਤਾ ਗਿਆ ਹੈ, ਇਸ ਦੇ ਨਾਲ ਉਨ੍ਹਾਂ ਵਿੱਚ ਕੰਮ ਕਰਨ ਦੀ ਤਾਕਤ ਹੋਰ ਵੱਧ ਗਈ ਹੈ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਦਿਨ ਰਾਤ ਮਿਹਨਤ ਕਰਦੇ ਰਹਿਣਗੇ।

# ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਵਿਚਾਰਧਾਰਾ 'ਤੇ ਚਰਚਾ

**ਲੌਂਗੋਵਾਲ (ਪ੍ਰਦੀਪ ਸੱਪਲ)** : ਪਿਛਲੇ ਦੋ ਦਹਾਕਿਆਂ ਤੋਂ ਸਮਾਜ ਵਿੱਚ ਚੇਤਨਾ ਦਾ ਚਾਨਣ ਬਖੇਰਦੀ ਸੰਸਥਾ ਦੇਸ਼ ਭਗਤ ਯਾਦਗਾਰ ਲੌਂਗੋਵਾਲ ਵਿਖੇ 23 ਮਾਰਚ ਦੇ ਸ਼ਹੀਦਾਂ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ ਵਿੱਚ ਉਨ੍ਹਾਂ ਦੀ ਪਾਰਟੀ ਦਾ ਮਿਸ਼ਨ ਤੇ ਭਗਤ ਸਿੰਘ ਦੀ ਵਿਚਾਰਧਾਰਾ 'ਤੇ ਖੁੱਲ੍ਹ ਕੇ ਚਰਚਾ ਹੋਈ।ਯਾਦਗਾਰ ਵਿੱਚ ਹੀ ਬਣੀ ਸ਼ਹੀਦ ਭਗਤ ਸਿੰਘ ਲਾਇਬ੍ਰੇਰੀ ਵਿੱਚ ਮੰਚ ਸੰਚਾਲਨ ਕਰਦਿਆਂ ਜਨਰਲ ਸਕੱਤਰ ਜੁਝਾਰ ਲੌਂਗੋਵਾਲ ਨੇ ਸਭ ਤੋਂ ਪਹਿਲਾਂ ਵਿਚਾਰ ਚਰਚਾ ਦੀ ਮਹੱਤਤਾ ਤੇ ਸ਼ਹੀਦ ਦੇ ਜੀਵਨ ਵਾਰੇ ਦੱਸਦਿਆਂ ਇਸ ਦੀ ਸ਼ੁਰੂਆਤ ਕੀਤੀ।ਸਭ ਤੋਂ ਪਹਿਲਾਂ ਸੰਸਥਾ ਦੀ ਅਗਵਾਈ ਕਰ ਰਹੇ ਉੱਘੇ ਲੇਖਕ ਬਲਬੀਰ ਲੌਂਗੋਵਾਲ ਨੇ ਗੱਲਬਾਤ ਦੌਰਾਨ ਭਗਤ ਸਿੰਘ ਦੇ ਪਰਿਵਾਰਕ ਪਿਛੋਕੜ, ਉਨ੍ਹਾਂ ਦਾ ਰਾਜਨੀਤਕ ਵਿਕਾਸ, ਪਾਰਟੀ ਦਾ ਕਾਰਜ ਖੇਤਰ, ਇਨਕਲਾਬੀ ਪਾਰਟੀ ਦਾ ਮਿਸ਼ਨ, ਲਿਖਤਾਂ, ਸ਼ਹਾਦਤ ਦੇ ਨਾਲ ਜੋੜਦਿਆਂ ਚਰਚਾ ਦਾ ਮੁੱਢ ਬੰਨਿਆ। ਇਸ ਤੋਂ ਬਾਅਦ ਸੰਸਥਾ ਵਿੱਤ ਸਕੱਤਰ ਅਨਿਲ ਸ਼ਰਮਾ, ਕਮਲਜੀਤ ਵਿੱਕੀ, ਸੁਖਪਾਲ ਬਾਜਵਾ, ਬੱਗਾ ਸਿੰਘ ਨਮੋਲ, ਮਾ. ਜਸਵੀਰ ਨਮੋਲ, ਬਲਬੀਰ ਬੱਬੀ, ਬੀਰਬਲ ਸਿੰਘ, ਜਸਵੰਤ ਰਾਏ ਆਦਿ ਨੇ ਚਰਚਾ ਨੂੰ ਅੱਗੇ ਵਧਾਉਂਦਿਆਂ ਆਪਣੇ ਵਿਚਾਰ ਰੱਖੇ।ਪੂਰੀ ਚਰਚਾ ਵਿੱਚ ਇਨਕਲਾਬ ਤੇ ਸਾਮਰਾਜਵਾਦ ਦੀਆਂ ਹਾਲਤਾਂ, ਜਮਾਤੀ ਸਮਾਜ, ਵਿਗਿਆਨਕ, ਤਰਕਸ਼ੀਲ ਵਿਚਾਰਧਾਰਾ, ਫਿਰਕਾਪ੍ਰਸਤੀ, ਜਾਤੀ ਵਿਵਸਥਾ, ਭਾਸ਼ਾ ਤੇ ਖੇਤਰੀਵਾਦ ਵਰਗੇ ਵਿਸ਼ਿਆਂ 'ਤੇ ਸ਼ਹੀਦ ਭਗਤ ਸਿੰਘ ਦੀ ਕਮਾਲ ਦੀ ਸਮਝ ਨੂੰ ਛੂਹਿਆ ਗਿਆ, ਜੋ ਚਿੰਤਨ 'ਤੇ ਵਿਸ਼ੇਸ਼ ਜ਼ੋਰ ਦਿੰਦੇ ਸਨ।ਇਸ ਮੌਕੇ ਸੀਨੀਅਰ ਮੈਂਬਰ ਗੁਰਮੇਲ, ਸੰਦੀਪ ਸਿੰਘ, ਚਰਨਾ ਸਿੰਘ, ਕੇਵਲ ਸਿੰਘ, ਗੁਰਮੇਲ ਚੋਟੀਆਂ ਐੱਮ ਸੀ, ਗੁਰਜੰਟ ਸਿੰਘ, ਬਲਵੰਤ ਬੀਟਾ, ਗੋਲਡੀ ਲੰਬੂ, ਸੁਖਪ੍ਰੀਤ ਸਿੰਘ ਆਦਿ ਆਗੂ ਹਾਜ਼ਰ ਸਨ ਅਤੇ ਆਗੂਆਂ ਵੱਲੋਂ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।



# 'ਇੱਕ ਹੋਰ ਰੇਪ ਕੇਸ' ਉੱਪਰ ਗੋਸ਼ਟੀ ਸਮਾਗਮ 5 ਨੂੰ

**ਸੰਗਰੂਰ (ਪ੍ਰਵੀਨ ਸਿੰਘ)**- ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ 5 ਅਪ੍ਰੈਲ ਨੂੰ ਸਵੇਰ 10:00 ਵਜੇ ਲੇਖਕ ਭਵਨ ਸੰਗਰੂਰ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਹੋ ਰਿਹਾ ਹੈ। ਇਸ ਸਮਾਗਮ ਵਿੱਚ ਨਾਮਵਰ ਲੇਖਿਕਾ ਹਰਦੀਪ ਬਾਵਾ ਦੇ ਚਰਚਿਤ ਨਾਵਲ 'ਇੱਕ ਹੋਰ ਰੇਪ ਕੇਸ' ਉੱਪਰ ਗੋਸ਼ਟੀ ਕਰਵਾਈ ਜਾਵੇਗੀ, ਜਿਸ ਦੀ ਪ੍ਰਧਾਨਗੀ ਸਿਰਮੌਰ ਪੰਜਾਬੀ ਸਾਹਿਤਕਾਰ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਕਰਨਗੇ। ਪੁਸਤਕ ਸਬੰਧੀ ਪਰਚੇ ਡਾ. ਕਰਮਵੀਰ ਕੌਰ ਅਤੇ ਡਾ. ਦੇਵਿੰਦਰ ਕੌਰ ਐਡਵੋਕੇਟ ਪੜ੍ਹਨਗੇ। ਨਾਵਲ ਸਬੰਧੀ ਵਿਚਾਰ-ਚਰਚਾ ਵਿੱਚ ਡਾ. ਸੰਪੂਰਨ ਸਿੰਘ ਟੱਲੇਵਾਲੀਆ, ਡਾ. ਮੀਤ ਖਟੜਾ, ਤੇਜਾ ਸਿੰਘ ਤਿਲਕ ਅਤੇ ਜਸਵਿੰਦਰ ਪੰਜਾਬੀ ਹਿੱਸਾ ਲੈਣਗੇ। ਇਸ ਮੌਕੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਪ੍ਰਫੁੱਲਤਾ ਵਿੱਚ ਪਾਏ ਵਡਮੁੱਲੇ ਯੋਗਦਾਨ ਲਈ ਉਨ੍ਹਾਂ ਨੂੰ ਸਭਾ ਵੱਲੋਂ ਸਨਮਾਨਤ ਵੀ ਕੀਤਾ ਜਾਵੇਗਾ। ਵਿਸਾਖੀ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਵੀ ਹੋਵੇਗਾ।




## ਠੁੱਲੀਵਾਲ ਵਿਖੇ ਕਬੱਡੀ ਖੇਡ ਮੇਲਾ ਜੋਸ਼ੋ-ਖਰੋਸ਼ ਨਾਲ ਕਰਵਾਇਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪਿੰਡ ਠੁੱਲੀਵਾਲ ਵਿਖੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਖੇਡ ਮੈਦਾਨ 'ਚ ਛੇਵਾਂ ਸਾਲਾਨਾ ਇੱਕ ਰੋਜ਼ਾ ਕਬੱਡੀ ਖੇਡ ਮੇਲਾ ਪੂਰੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਖੇਡ ਮੇਲੇ ਦਾ ਉਦਘਾਟਨ ਥਾਣਾ ਠੁੱਲੀਵਾਲ ਦੇ ਮੁਖ ਅਫਸਰ ਗੁਰਪਾਲ ਸਿੰਘ ਤੇ ਸਮੂਹ ਪ੍ਰਬੰਧਕਾਂ ਸਾਂਝੇ ਤੌਰ 'ਤੇ ਕੀਤਾ।ਖੇਡ ਮੇਲੇ ਦੇ ਅੰਤਿਮ ਨਤੀਜੇ ਅਨੁਸਾਰ ਕਬੱਡੀ 25 ਕਿੱਲੋ ਵਰਗ 'ਚ ਮੇਜ਼ਬਾਨ ਟੀਮ ਠੁੱਲੀਵਾਲ ਨੇ ਪਿੰਡ ਭੂਦਨ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਕਬੱਡੀ 30 ਕਿੱਲੋ 'ਚ ਮੌੜ ਨਾਭਾ ਦੀ ਟੀਮ ਪਹਿਲੇ ਤੇ ਬੁਰਜ ਮਾਨਸਾ ਦੀ ਟੀਮ ਦੂਜੇ ਸਥਾਨ 'ਤੇ ਰਹੀ।ਲੜਕੀਆਂ ਦੇ 40 ਕਿੱਲੋ ਵਰਗ ਵਿੱਚ ਐਥਲੈਟਿਕ ਕਲੱਬ ਛੰਨਾ ਨੇ ਪਹਿਲਾ ਤੇ ਸ਼ਹੀਦ ਬਾਬਾ ਤਾਰੂ ਸਿੰਘ ਕੱਟੂ ਦੀ ਟੀਮ ਨੇ ਦੂਜਾ ਇਨਾਮ ਜਿੱਤਿਆ।ਦਿਲਚਸਪ ਮੁਕਾਬਲੇ 'ਚ 40 ਕਿੱਲੋ ਵਰਗ ਲੜਕੇ ਪਿੰਡ ਠੁੱਲੀਵਾਲ ਦੀ ਮੇਜ਼ਬਾਨ ਟੀਮ ਨੇ ਪਿੰਡ ਦੀਵਾਨਾ ਦੀ ਟੀਮ ਨੂੰ ਹਰਾ ਕੇ ਪਹਿਲਾ ਇਨਾਮ ਪ੍ਰਾਪਤ ਕਰਕੇ ਝੰਡੀ ਗੱਡੀ।ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਪ੍ਰਧਾਨ ਹਰਤੇਜ ਸਿੰਘ ਸਿੱਧੂ, ਸੰਮਤੀ ਮੈਂਬਰ ਹਰਜੀਤ ਸਿੰਘ, ਪ੍ਰਿੰਸੀਪਲ ਜੋਗਿੰਦਰ ਸਿੰਘ, ਹਰਜਿੰਦਰ ਸਿੰਘ ਸੋਹੀ, ਜਸਵਿੰਦਰ ਸਿੰਘ ਜੱਸੀ, ਪੰਚ ਲਖਬੀਰ ਸਿੰਘ, ਪੰਚ ਹਰਜੀਤ ਸਿੰਘ ਹੈਪੀ ਆਦਿ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।ਸਮੂਹ ਪ੍ਰਬੰਧਕਾਂ ਵੱਲੋਂ ਮੇਲੇ ਦੀ ਸਫਲਤਾ ਲਈ ਸਹਿਯੋਗ ਦੇਣ ਤੇ ਦਾਨੀ ਸੱਜਣਾਂ, ਵੱਖ-ਵੱਖ ਸ਼ਖਸੀਅਤਾਂ, ਕੋਚ ਰਾਜ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਖੇਡ ਮੇਲੇ ਦੀ ਕੁਮੈਂਟਰੀ ਪ੍ਰਸਿੱਧ ਕਬੱਡੀ ਕੁਮੈਂਟੇਟਰ ਲੱਖਾ ਖਿਆਲੀ, ਪ੍ਰੀਤ ਲਿਖਾਰੀ ਵੱਲੋਂ ਬਾਖੂਬੀ ਕੀਤੀ ਗਈ।



## ਸਰਕਾਰੀ ਸਕੂਲ ਤਾਮਕੋਟ ਵਿਖੇ ਮਾਪੇ-ਅਧਿਆਪਕ ਮਿਲਣੀ




**ਮਾਨਸਾ (ਆਤਮਾ ਸਿੰਘ ਪਮਾਰ)**- ਸਰਕਾਰੀ ਹਾਈ ਸਕੂਲ ਤਾਮਕੋਟ ਵਿਖੇ ਮੁੱਖ-ਅਧਿਆਪਕ ਸਵਾਤੀ ਜਿੰਦਲ ਦੀ ਅਗਵਾਈ ਹੇਠ ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਲਈ ਸਿੱਖਿਆ ਵਿਭਾਗ ਪੰਜਾਬ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਨੀਲਮ ਰਾਣੀ ਵੱਲੋਂ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਸਨ।ਇਸ ਪ੍ਰੋਗਰਾਮ ਦੌਰਾਨ ਇਸ ਸਮੇਂ ਸਾਲਾਨਾ ਪ੍ਰੀਖਿਆਵਾਂ ਤੋਂ ਇਲਾਵਾ ਵੱਖ-ਵੱਖ ਗਤੀਵਿਧੀਆਂ 'ਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਸਮੇਂ ਵਿਭਾਗ ਵੱਲੋਂ ਭੇਜੇ ਗਏ ਪੈਨਲਾਂ ਦਾ ਪੰਚਾਇਤ ਤੇ ਐੱਸ ਐੱਮ ਸੀ ਵੱਲੋਂ ਉਦਘਾਟਨ ਵੀ ਕੀਤਾ ਗਿਆ।ਪ੍ਰੋਗਰਾਮ ਦੇ ਸ਼ੁਰੂ 'ਚ ਸਕੂਲ ਇੰਚਾਰਜ ਜਸਵੀਰ ਕੌਰ ਨੇ ਹਾਜ਼ਰ ਮਾਪਿਆਂ, ਪਿੰਡ ਦੇ ਸੱਜਣਾਂ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਅਹੁਦੇਦਾਰਾਂ ਨੂੰ ਜੀ ਆਇਆਂ ਕਹਿੰਦਿਆਂ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।

ਅਧਿਆਪਕਾਂ ਨੇ ਮਾਪਿਆਂ ਨੂੰ ਵਿਦਿਆਰਥੀਆਂ ਦੀ ਸਾਲਾਨਾ ਕਾਰਗੁਜ਼ਾਰੀ ਸਬੰਧੀ ਜਾਣੂ ਕਰਵਾਇਆ।ਡੀ ਡੀ ਓ ਸਵਾਤੀ ਜਿੰਦਲ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ 'ਚ ਹੀ ਦਾਖਲ ਕਰਵਾਉਣ।ਸਮਾਗਮ ਦੌਰਾਨ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਮਾਪੇ, ਪਤਵੰਤੇ ਸੱਜਣ, ਐੱਸ ਐੱਮ ਸੀ ਦੇ ਅਹੁਦੇਦਾਰ ਤੇ ਸਮੂਹ ਸਟਾਫ ਤੋਂ ਇਲਾਵਾ ਵਿਦਿਆਰਥੀ ਵੀ ਹਾਜ਼ਰ ਸਨ।

## ਮੰਡਲ ਰੇਲਵੇ ਹਸਪਤਾਲ 'ਚ ਮੁਫ਼ਤ ਫਾਈਬਰੋਸਕੈਨ ਕੈਂਪ ਲਗਾਇਆ

**ਫਿਰੋਜ਼ਪੁਰ (ਗੁਰਬਚਨ ਸਿੰਘ)** ਮੰਡਲ ਰੇਲਵੇ ਹਸਪਤਾਲ ਫਿਰੋਜ਼ਪੁਰ ਵਿਖੇ ਬੀਤੇ ਦਿਨ ਮੁੱਖ ਚਿਕਿਤਸਾ ਅਧੀਖਿਅਕ ਡਾ. ਰੰਜਨਾ ਸਹਿਗਲ ਦੀ ਯੋਗ ਅਗਵਾਈ ਹੇਠ ਲਿਵਰ (ਜਿਗਰ) ਦੀਆਂ ਬਿਮਾਰੀਆਂ ਦੀ ਜਾਂਚ ਲਈ ਇਕ ਵਿਸ਼ੇਸ਼ 'ਫਾਈਬਰੋਸਕੈਨ' ਚੈੱਕਅਪ ਕੈਂਪ ਲਾਇਆ ਗਿਆ।ਇਹ ਕੈਂਪ ਅਮਨਦੀਪ ਹਸਪਤਾਲ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਵਿੱਚ ਆਧੁਨਿਕ ਮਸ਼ੀਨਾਂ ਰਾਹੀਂ ਮਰੀਜ਼ਾਂ ਦੇ ਜਿਗਰ ਦੀ ਸਿਹਤ ਦੀ ਜਾਂਚ ਕੀਤੀ ਗਈ।ਇਸ ਕੈਂਪ ਦੀ ਸਭ ਤੋਂ ਖਾਸ ਗੱਲ ਇਹ ਰਹੀ ਕਿ ਮਰੀਜ਼ਾਂ ਦਾ ਫਾਈਬਰੋਸਕੈਨ ਟੈਸਟ ਬਿਲਕੁਲ ਮੁਫ਼ਤ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਪਹੁੰਚ ਕੇ ਆਪਣੀ ਜਾਂਚ ਕਰਵਾਈ ਤੇ ਮਾਹਰ ਡਾਕਟਰਾਂ ਤੋਂ ਸਲਾਹ ਲਈ।ਇਸ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਡਾ. ਤਨੂ ਅਗਰਵਾਲ, ਡਾ. ਕਮਲ ਕੁਮਾਰ ਤੇ ਡਾ. ਹਤਿੰਦਰ ਸਹਿਗਲ ਨੇ ਅਹਿਮ ਭੂਮਿਕਾ ਨਿਭਾਈ।ਉਨ੍ਹਾਂ ਦੱਸਿਆ ਕਿ ਫਾਈਬਰੋਸਕੈਨ ਇੱਕ ਅਤਿ-ਆਧੁਨਿਕ ਤਕਨੀਕ ਹੈ, ਜਿਸ ਰਾਹੀਂ ਜਿਗਰ ਦੀ ਸੋਜ਼ਿਸ਼ ਜਾਂ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਦਾ ਬਿਨਾਂ ਕਿਸੇ ਚੀਰ-ਫਾੜ ਦੇ ਸਹੀ ਪਤਾ ਲਗਾਇਆ ਜਾ ਸਕਦਾ ਹੈ।ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪਾਂ ਦਾ ਮੁੱਖ ਉਦੇਸ਼ ਆਮ ਲੋਕਾਂ ਤੇ ਰੇਲਵੇ ਕਰਮਚਾਰੀਆਂ ਨੂੰ ਉੱਨਤ ਤੇ ਸਸਤੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਸਿਹਤ ਜਾਗਰੂਕਤਾ ਕੈਂਪ ਲਗਾਏ ਜਾਂਦੇ ਰਹਿਣਗੇ ਤਾਂ ਜੋ ਸਮਾਜ ਨੂੰ ਨਿਰੋਗ ਬਣਾਇਆ ਜਾ ਸਕੇ।





# ਸਰਕਾਰੀ ਪ੍ਰਾਇਮਰੀ ਸਕੂਲ ਛਾਂਗਾ ਰਾਏ ਹਿਠਾੜ ਨੇ ਸਾਲਾਨਾ ਨਤੀਜਾ ਐਲਾਨਿਆ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਪ੍ਰਾਇਮਰੀ ਸਕੂਲ ਛਾਂਗਾ ਰਾਏ ਹਿਠਾੜ ਸਕੂਲ ਵਿਖੇ ਪ੍ਰੀ ਪ੍ਰਾਇਮਰੀ ਦੇ ਵਿਦਿਆਰਥੀਆਂ ਦੀ ਗ੍ਰੈਜੂਏਸ਼ਨ ਸੈਰਾਮਨੀ, ਪਹਿਲੀ ਦੂਸਰੀ ਜਮਾਤ ਦਾ ਐਫ ਐਲ ਐਨ ਮੇਲਾ ਅਤੇ ਸਾਲਾਨਾ ਨਤੀਜਾ ਐਲਾਨਿਆ ਗਿਆ। ਪਹਿਲੀ ਟੀਮ ਦੇ ਜ਼ੋਨਲ ਅਸਿਸਟੈਂਟ ਕੋਆਰਡੀਨੇਟਰ ਹਰਮੀਤ ਸਿੰਘ ਅਤੇ ਅਸਿਸਟੈਂਟ ਜ਼ਿਲ੍ਹਾ ਕੋਆਰਡੀਨੇਟਰ ਹਰਜਿੰਦਰ ਸਿੰਘ ਵੀ ਮੌਜੂਦ ਰਹੇ। ਸਕੂਲ ਮੁਖੀ ਅਸ਼ੋਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ ਸਕੂਲ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ।

ਸਾਲਾਨਾ ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਪ੍ਰੀ-ਪ੍ਰਾਇਮਰੀ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਵੇਖਦੇ ਹੋਏ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਜੋਗਿੰਦਰ ਸਿੰਘ ਆਦਿ ਅਧਿਆਪਕ ਹਾਜ਼ਰ ਸਨ।

## ਰੋਟਰੀ ਕਲੱਬ ਦੇ ਡੈਲੀਗੇਟਸ ਨੇ ਆਗਰਾ ਦੇ ਮਹਾਂਉਤਸਵ 'ਚ ਹਿੱਸਾ ਲਿਆ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਰੋਟਰੀ ਡਿਸਟ੍ਰਿਕਟ 3090 ਵੱਲੋਂ ਤਿੰਨ ਦਿਵਸੀ 'ਮਹਾਂਉਤਸਵ' ਦਾ ਆਯੋਜਨ ਆਗਰਾ ਦੇ ਤਾਜ ਹੋਟਲ ਵਿੱਚ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਰੋਟਰੀ ਕਲੱਬ ਮਾਲੇਰਕੋਟਲਾ ਦੇ ਡੈਲੀਗੇਟਸ ਨੇ ਸ਼ਿਰਕਤ ਕੀਤੀ। ਇਸ ਆਯੋਜਨ ਦਾ ਮੁੱਖ ਉਦੇਸ਼ ਰੋਟਰੀ ਇੰਟਰਨੈਸ਼ਨਲ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਏ ਜਾ ਰਹੇ ਰੋਲ ਬਾਰੇ ਜਾਣਕਾਰੀ ਦੇਣਾ ਸੀ। ਰੋਟਰੀ ਡਿਸਟ੍ਰਿਕ 3090 ਦੇ ਗਵਰਨਰ ਭੂਪੇਸ਼ ਮਹਿਤਾ ਦੀ ਅਗਵਾਈ ਵਿੱਚ ਹੋਏ ਇਸ ਪ੍ਰੋਗਰਾਮ ਵਿੱਚ ਕਨਵੀਨਰ ਦੀ ਜ਼ਿੰਮੇਵਾਰੀ ਪੀ.ਡੀ.ਜੀ. ਅਮਜਦ ਅਲੀ ਨੂੰ ਸੌਂਪੀ ਗਈ। ਇਸ ਮੌਕੇ ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ, ਏ.ਜੀ.ਐਨ. ਰਾਸ਼ਿਦ ਸ਼ੇਖ ਤੇ ਜ਼ੋਨਲ ਕੋਆਰਡੀਨੇਟਰ ਪ੍ਰਿੰਸੀਪਲ ਅਸਰਾਰ ਨਿਜਾਮੀ ਨੂੰ ਵੀ ਇਸ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾਵਾਂ ਮਿਲੀਆਂ, ਜੋ ਕਿ ਰੋਟਰੀ ਕਲੱਬ ਮਾਲੇਰਕੋਟਲਾ ਲਈ ਬੜੇ ਮਾਣ ਦੀ ਗੱਲ ਹੈ। ਇਸ ਸਮਾਗਮ ਵਿੱਚ ਕੌਮੀ ਪੱਧਰ ਦੇ ਨੇਤਾ, ਫਿਲਮੀ ਕਲਾਕਾਰ ਤੇ ਸਮਾਜਿਕ ਕਾਰਕੁਨਾਂ ਨੇ ਸ਼ਿਰਕਤ ਕੀਤੀ। ਮਾਲੇਰਕੋਟਲਾ ਤੋਂ ਪਹੁੰਚੇ ਡੈਲੀਗੇਟਸ ਵਿੱਚ ਮੁਹੰਮਦ ਜਮੀਲ, ਅਬਦੁਲ ਗਫਾਰ, ਡਾਕਟਰ ਸਨਾ ਤਨਵੀਰ, ਅਜਰਾ ਸ਼ੇਖ (ਸਾਰੇ ਰੋਟੇਰੀਅਨ) ਦੇ ਨਾਂ ਸ਼ਾਮਲ ਹਨ। ਇਸ ਤੋਂ ਇਲਾਵਾ ਸੁਪ੍ਰੀਤ ਕੌਰ, ਫਾਤਿਮਾ, ਜੈਨਬ, ਹੁਮਾਯੂੰ ਸ਼ੇਖ ਤੇ ਸਈਅਦ ਮੁਸਤਫਾ ਦੇ ਨਾਂਅ ਵਰਨਣਯੋਗ ਹਨ।



## ਕੁਆਲਟੀ ਐਜੂਕੇਸ਼ਨ ਵਜੋਂ ਮੱਲਾਂ ਮਾਰਨ ਵਾਲੇ ਸਕੂਲ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸਿੱਖਿਆ ਸੁਨੀਤਾ ਰਾਣੀ, ਉੱਪ ਜ਼ਿਲ੍ਹਾ ਸਿੱਖਿਆ ਅਫਸਰ ਕੋਮਲ ਅਰੋੜਾ, ਪ੍ਰਿੰਸੀਪਲ ਡਾਇਟ ਸੀਮਾ ਦੀ ਯੋਗ ਅਗਵਾਈ ਹੇਠ ਸੈਸ਼ਨ 2025-26 ਦੌਰਾਨ ਮਿਸ਼ਨ ਸਮਰੱਥ ਤਹਿਤ ਵਧੀਆ ਪ੍ਰਦਰਸ਼ਨ ਕਰਨ ਵਾਲੇ ਸਕੂਲਾਂ ਤੇ ਅਧਿਆਪਕਾਂ ਦਾ ਸਨਮਾਨ ਸਮਾਰੋਹ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਵਿਖੇ ਰੱਖਿਆ ਗਿਆ। ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਸ਼ੁਭਾਸ਼ ਚੰਦਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਸਕੂਲਾਂ ਵਿਚ ਸੈਲਫ ਨੋਮੀਨੇਸ਼ਨ ਤਹਿਤ ਟੀਮ ਸਮਰਥ ਵੱਲੋਂ ਇੰਟਰ ਬਲਾਕ ਜਾਂਚ ਕਰਕੇ ਰਿਪੋਰਟ ਸਟੇਟ ਨੂੰ ਭੇਜੀ ਸੀ। ਵੱਖ-ਵੱਖ ਕੈਟਾਗਰੀ ਵਿਚ ਸਲੈਕਟ ਹੋਏ ਸਕੂਲਾਂ ਨੂੰ ਐੱਸ ਸੀ ਈ ਆਰ ਟੀ ਵੱਲੋਂ ਭੇਜੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਮੁਖੀਆਂ ਦੇ ਨਾਲ ਨਾਲ ਉਨ੍ਹਾਂ ਦੇ ਸੈਂਟਰ ਮੁਖੀ ਸਾਹਿਬਾਨ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਨੂੰ ਵੀ ਸਨਮਾਨਤ ਕੀਤਾ ਗਿਆ।

ਇਸ ਮੌਕੇ ਸਲੈਕਟ ਹੋਏ ਸਕੂਲਾਂ ਦੇ ਅਧਿਆਪਕਾ ਨੇ ਆਪਣੇ ਤਜਰਬੇ ਸਾਂਝੇ ਕੀਤੇ ਕਿ ਉਹ ਆਪਣੇ ਸਕੂਲ ਵਿਚ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕਿਸ ਤਰ੍ਹਾਂ ਦੇ ਉੱਦਮ ਕਰ ਰਹੇ ਹਨ, ਜਿਸ ਨਾਲ ਕੁਆਲਟੀ ਐਜੂਕੇਸ਼ਨ ਵਿਚ ਲਗਾਤਾਰ ਸੁਧਾਰ ਹੋ ਰਿਹਾ ਹੈ।

## ਐੱਸ ਡੀ ਐੱਮ ਵੱਲੋਂ ਐੱਸ ਆਈ ਆਰ ਸੰਬੰਧੀ ਸੁਪਰਵਾਈਜ਼ਰਾਂ ਤੇ ਬੀ ਐੱਲ ਓ ਨਾਲ ਮੀਟਿੰਗ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** : ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਐੱਸ ਡੀ ਐੱਮ ਪਾਤੜਾਂ ਕਾਲਾ ਰਾਮ ਕਾਂਸਲ ਨੇ ਸੁਪਰਵਾਈਜ਼ਰਾਂ ਤੇ ਬੂਥ ਲੈਵਲ ਅਧਿਕਾਰੀਆਂ ਨਾਲ ਮੀਟਿੰਗ ਕੀਤੀ।ਮੀਟਿੰਗ ਦੌਰਾਨ ਕੰਮ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ ਤੇ ਘੱਟ ਪ੍ਰਤੀਸ਼ਤ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ। ਐੱਸ ਡੀ ਐੱਮ ਕਾਂਸਲ ਨੇ ਸਪੱਸ਼ਟ ਕੀਤਾ ਕਿ ਵੋਟਰ ਲਿਸਟ ਨੂੰ ਅੱਪਡੇਟ ਤੇ ਸ਼ੁੱਧ ਕਰਨਾ ਬਹੁਤ ਹੀ ਮਹੱਤਵਪੂਰਨ ਕੰਮ ਹੈ ਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਾਰੇ ਕਰਮਚਾਰੀਆਂ ਨੂੰ ਆਪਣੇ-ਆਪਣੇ ਇਲਾਕਿਆਂ ਵਿੱਚ ਤੇਜ਼ੀ ਨਾਲ ਕੰਮ ਕਰਦੇ ਹੋਏ ਨਿਰਧਾਰਤ ਸਮੇਂ ਅੰਦਰ ਟੀਚਾ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਕੰਮ ਵਿੱਚ ਅਣਗਹਿਲੀ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਹਲਕਾ ਸ਼ੁਤਰਾਣਾ ਵਿੱਚ ਇਸ ਕੰਮ ਲਈ 22 ਸੁਪਰਵਾਈਜ਼ਰ ਤੇ 205 ਬੀਐੱਲਓ ਤਾਇਨਾਤ ਕੀਤੇ ਗਏ ਹਨ।ਐੱਸ ਡੀ ਐੱਮ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸਾਲ 2003 ਵਿੱਚ ਦੇਸ਼ ਭਰ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਕੀਤਾ ਗਿਆ ਸੀ ਤੇ ਹੁਣ ਉਸੇ ਸੂਚੀ ਨੂੰ ਆਧਾਰ ਬਣਾ ਕੇ ਮੌਜੂਦਾ ਵੋਟਰ ਲਿਸਟ ਦੀ ਜਾਂਚ ਕੀਤੀ ਜਾ ਰਹੀ ਹੈ, ਜਿਨ੍ਹਾਂ ਵੋਟਰਾਂ ਜਾਂ ਉਨ੍ਹਾਂ ਦੇ ਮਾਪਿਆਂ ਦੇ ਨਾਮ 2003 ਦੀ ਸੂਚੀ ਵਿੱਚ ਮਿਲ ਜਾਂਦੇ ਹਨ, ਉਨ੍ਹਾਂ ਦੀ ਮੈਪਿੰਗ ਆਸਾਨੀ ਨਾਲ ਹੋ ਜਾਂਦੀ ਹੈ। ਕਈ ਬੂਥਾਂ 'ਤੇ ਲਗਭਗ 70 ਫੀਸਦੀ ਤੱਕ ਮੈਪਿੰਗ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਪਰ ਕੁਝ ਮਾਮਲਿਆਂ ਵਿੱਚ ਮੁਸ਼ਕਲਾਂ ਵੀ ਆ ਰਹੀਆਂ ਹਨ, ਖ਼ਾਸ ਕਰਕੇ ਉਨ੍ਹਾਂ ਮਹਿਲਾਵਾਂ ਦੇ ਕੇਸਾਂ ਵਿੱਚ ਜਿਨ੍ਹਾਂ ਦੀ ਵਿਆਹ ਤੋਂ ਬਾਅਦ ਰਹਾਇਸ਼ ਬਦਲ ਗਈ ਹੈ ਜਾਂ ਜਿਨ੍ਹਾਂ ਦੀ ਉਮਰ 2003 ਵਿੱਚ ਘੱਟ ਹੋਣ ਕਾਰਨ ਉਸ ਸਮੇਂ ਨਾਮ ਦਰਜ ਨਹੀਂ ਸੀ।ਐਸੇ ਮਾਮਲਿਆਂ ਵਿੱਚ ਬੀਐੱਲਓ ਨੂੰ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰਨੀ ਪੈਂਦੀ ਹੈ ਤੇ ਪਰਿਵਾਰਾਂ ਤੋਂ ਫਾਰਮ ਭਰਵਾਏ ਜਾਂਦੇ ਹਨ। ਐਸਡੀਐਮ ਨੇ ਕਿਹਾ ਕਿ ਕਈ ਵਾਰ ਲੋਕ ਬੀਐੱਲਓ ਵੱਲੋਂ ਵਾਰ-ਵਾਰ ਸੰਪਰਕ ਕਰਨ ਨੂੰ ਪ੍ਰੇਸ਼ਾਨੀ ਸਮਝ ਲੈਂਦੇ ਹਨ, ਜਦਕਿ ਇਹ ਪੂਰੀ ਪ੍ਰਕਿਰਿਆ ਵੋਟਰ ਲਿਸਟ ਨੂੰ ਸਹੀ ਤੇ ਪਾਰਦਰਸ਼ੀ ਬਣਾਉਣ ਲਈ ਕੀਤੀ ਜਾ ਰਹੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਡੋਰ-ਟੂ-ਡੋਰ ਸਰਵੇ ਜਾਂ ਫੋਨ ਰਾਹੀਂ ਮੰਗੀ ਜਾਣ ਵਾਲੀ ਜਾਣਕਾਰੀ ਵਿੱਚ ਪੂਰਾ ਸਹਿਯੋਗ ਦੇਣ।



# ਸ੍ਰੀ ਸੁੰਦਰ ਕਾਂਡ ਪਾਠ ਦਾ ਅਯੋਜਨ ਅੱਜ ਤੋਂ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸ੍ਰੀ ਗਾਊ ਰਖਸ਼ਾ ਬਜਰੰਗ ਦਲ (ਰਜਿ:) ਰਾਮਪੁਰਾ ਫੂਲ ਅਤੇ ਸਮੂਹਕ ਧਾਰਮਿਕ ਸੰਸਥਾਵਾਂ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ 17ਵਾਂ 2101 ਸਮੂਹਕ ਸ੍ਰੀ ਸੁੰਦਰਕਾਂਡ ਪਾਠ ਦਾ ਅਯੋਜਨ ਕੀਤਾ ਜਾ ਰਿਹਾ ਹੈ।ਇਸ ਦੀ ਜਾਣਕਾਰੀ ਦਿੰਦਿਆਂ ਬਜਰੰਗ ਦਲ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਗੋਰਾ, ਵਾਇਸ ਚੇਅਰਮੈਨ ਸਚਿਨ ਕੁਮਾਰ, ਪ੍ਰਧਾਨ ਦੀਪਕ ਗੋਇਲ ਜੋਨੀ, ਮੀਤ ਪ੍ਰਧਾਨ ਗੁਰਦੀਪ ਸਿੰਘ ਤੇ ਜਸਪ੍ਰੀਤ ਸਿੰਘ ਜੱਸੀ ਨੇ ਦੱਸਿਆ ਕਿ ਇਲਾਕੇ ਦੀ ਸੁੱਖ ਸ਼ਾਂਤੀ ਤੇ ਤਰੱਕੀ ਲਈ ਇੱਕ ਅਪ੍ਰੈਲ ਨੂੰ ਸਵੇਰੇ 10 ਵਜੇ ਭਗਵਾਂ ਯਾਤਰਾ ਸਥਾਨ ਸ੍ਰੀ ਗੀਤਾ ਭਵਨ ਤੋਂ ਸ਼ੁਰੂ ਹੋ ਕੇ ਸਮੂਹ ਨਗਰ ਵਿੱਚ ਜਾ ਕੇ ਭੰਡਾਰਾ ਦੁਕਾਨ ਨੰਬਰ 218 ਨੇੜੇ ਪੁਲਸ ਸਟੇਸ਼ਨ, ਪਟਿਆਲਾ ਮੰਡੀ, ਰਾਮਪੁਰਾ ਫੂਲ ਵਿਖੇ ਹੋਵੇਗਾ, ਦੂਸਰੇ ਦਿਨ 2 ਅਪ੍ਰੈਲ ਨੂੰ ਗੀਤਾ ਭਵਨ ਫੈਕਟਰੀ ਰੋਡ ਵਿਖੇ ਸਮੂਹਕ ਸ੍ਰੀ ਸੁੰਦਰਕਾਂਡ ਪਾਠ ਸ਼ਾਮ 3 ਵਜੇ ਸ਼ੁਰੂ ਹੋ ਕੇ ਪ੍ਰਭੂ ਇੱਛਾ ਅਨੁਸਾਰ ਚੱਲੇਗਾ, ਉਸ ਤੋਂ ਬਾਅਦ ਅਟੁੱਟ ਭੰਡਾਰਾ ਵਰਤਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਮੌਕੇ ਉੱਘੀਆਂ ਧਾਰਮਿਕ, ਸਮਾਜ ਸੇਵੀ ਤੇ ਰਾਜਨੀਤਕ ਹਸਤੀਆਂ ਵੀ ਪਹੁੰਚ ਰਹੀਆਂ ਹਨ।

## ਮੁਫ਼ਤ ਮੈਡੀਕਲ ਕੈਂਪ ਦੌਰਾਨ 160 ਮਰੀਜ਼ਾਂ ਦੀ ਜਾਂਚ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਸਥਾਨਕ ਡਾ. ਸਟੈਫੀ ਮਹਿਤਾ ਹਸਪਤਾਲ ਵੱਲੋਂ ਮਾਨਵਤਾ ਦੀ ਸੇਵਾ ਨੂੰ ਸਮਰਪਤ ਇੱਕ ਵਿਸ਼ੇਸ਼ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਇਸ ਕੈਂਪ ਦੌਰਾਨ ਮਾਹਰ ਡਾਕਟਰਾਂ ਦੀ ਟੀਮ ਵੱਲੋਂ 160 ਦੇ ਕਰੀਬ ਮਰੀਜ਼ਾਂ ਦੀ ਜਾਂਚ ਕੀਤੀ ਗਈ।ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਡਾ. ਸਟੈਫੀ ਮਹਿਤਾ ਤੇ ਦਿਲ ਦੇ ਰੋਗਾਂ ਦੇ ਮਾਹਰ ਡਾ. ਹਰਸਿਮਰਨਜੀਤ ਸਿੰਘ ਨੇ ਆਪਣੀ ਪੇਸ਼ੇਵਰ ਟੀਮ ਸਮੇਤ ਸ਼ਿਰਕਤ ਕੀਤੀ।ਡਾ. ਸਟੈਫੀ ਮਹਿਤਾ ਨੇ ਸ਼ੂਗਰ, ਗਠੀਆ, ਚਿਕਨਗੁਨੀਆ ਸਮੇਤ ਹੋਰ ਪੀੜਤ ਲੋਕਾਂ ਦਾ ਇਲਾਜ ਕੀਤਾ ਅਤੇ ਡਾ. ਹਰਸਿਮਰਨਜੀਤ ਸਿੰਘ ਨੇ ਦਿਲ ਦੀਆਂ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਖ਼ੁਰਾਕ ਤੇ ਜੀਵਨ ਸ਼ੈਲੀ ਵਿੱਚ ਸੁਧਾਰ ਕਰਨ ਦੇ ਨੁਕਤੇ ਸਾਂਝੇ ਕੀਤੇ।ਡਾਕਟਰਾਂ ਨੇ ਦੱਸਿਆ ਕਿ ਅਜਿਹੇ ਕੈਂਪਾਂ ਦਾ ਮੁੱਖ ਮਕਸਦ ਉਨ੍ਹਾਂ ਲੋਕਾਂ ਤੱਕ ਮਿਆਰੀ ਸਿਹਤ ਸਹੂਲਤਾਂ ਪਹੁੰਚਾਉਣਾ ਹੈ, ਜੋ ਮਹਿੰਗੇ ਇਲਾਜ ਕਰਵਾਉਣ ਤੋਂ ਅਸਮਰੱਥ ਹਨ।ਚੈੱਕਅਪ ਦੇ ਨਾਲ-ਨਾਲ ਹਸਪਤਾਲ ਪ੍ਰਬੰਧਕਾਂ ਵੱਲੋਂ ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਗਈਆਂ।

## ਮਹਾਵੀਰ ਜੈਯੰਤੀ ਮੌਕੇ ਜ਼ਿਲ੍ਹੇ 'ਚ ਮੀਟ ਦੀਆਂ ਦੁਕਾਨਾਂ ਤੇ ਬੁੱਚੜਖਾਨੇ ਬੰਦ ਰੱਖਣ ਦੇ ਹੁਕਮ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**- ਭਗਵਾਨ ਮਹਾਵੀਰ ਜੈਯੰਤੀ ਦੇ ਪਾਵਨ ਦਿਹਾੜੇ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਕਦਮ ਚੁੱਕੇ ਗਏ ਹਨ। ਜ਼ਿਲ੍ਹਾ ਮੈਜਿਸਟਰੇਟ ਫ਼ਰੀਦਕੋਟ ਪੂਨਮਦੀਪ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 31 ਮਾਰਚ ਨੂੰ ਪੂਰੇ ਜ਼ਿਲ੍ਹੇ ਵਿੱਚ ਮੀਟ-ਮਾਸ ਦੀ ਵਿਕਰੀ 'ਤੇ ਪਾਬੰਦੀ ਲਗਾ ਦਿੱਤੀ ਹੈ।ਜ਼ਿਲ੍ਹੇ ਦੀ ਹਦੂਦ ਅੰਦਰ ਪੈਂਦੇ ਸਾਰੇ ਬੁੱਚੜਖਾਨੇ ਮੁਕੰਮਲ ਤੌਰ 'ਤੇ ਬੰਦ ਰਹਿਣਗੇ। ਮੀਟ ਅਤੇ ਆਂਡਿਆਂ ਦੀਆਂ ਸਾਰੀਆਂ ਦੁਕਾਨਾਂ ਖੋਲ੍ਹਣ ਦੀ ਮਨਾਹੀ ਹੋਵੇਗੀ।ਇਹ ਹੁਕਮ ਹੋਟਲਾਂ ਅਤੇ ਸ਼ਰਾਬ ਦੇ ਅਹਾਤਿਆਂ 'ਤੇ ਵੀ ਲਾਗੂ ਹੋਣਗੇ। ਜਿਨ੍ਹਾਂ ਥਾਵਾਂ 'ਤੇ ਸ਼ਰਾਬ ਪੀਣ ਜਾਂ ਵੇਚਣ ਦੀ ਕਾਨੂੰਨੀ ਇਜਾਜ਼ਤ ਹੈ, ਉੱਥੇ ਵੀ ਮੀਟ/ਆਂਡੇ ਵਰਤਾਉਣ 'ਤੇ ਪੂਰਨ ਪਾਬੰਦੀ ਰਹੇਗੀ। ਜ਼ਿਲ੍ਹਾ ਮੈਜਿਸਟਰੇਟ ਨੇ ਸਪੱਸ਼ਟ ਕੀਤਾ ਕਿ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਲਈ ਲਾਹੇਵੰਦ ਸਾਬਿਤ ਹੋਈ : ਚੇਅਰਮੈਨ ਜੱਸੀ

## ਭੜੀ ਪਨੈਚਾਂ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਬੱਸ ਨੂੰ ਕੀਤਾ ਰਵਾਨਾ

**ਨਾਭਾ (ਵਰਿੰਦਰ ਵਰਮਾ)**- ਆਮ ਆਦਮੀ ਪਾਰਟੀ ਹਲਕਾ ਨਾਭਾ ਦੇ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਹਲਕੇ ਦੇ ਪਿੰਡ ਭੜੀ ਪਨੈਚਾਂ ਤੋਂ ਸਰਪੰਚ ਹਰਿੰਦਰ ਸਿੰਘ ਦੀ ਹਾਜ਼ਰੀ ਵਿੱਚ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਿਰ ਤੇ ਰਾਮ ਤੀਰਥ ਦੇ ਦਰਸ਼ਨਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਬਜ਼ੁਰਗਾਂ ਨੂੰ ਗੁਰੂ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਲਈ ਲਾਹੇਵੰਦ ਸਾਬਿਤ ਹੋ ਰਹੀ ਹੈ, ਕਿਉਂਕਿ ਕਿ ਯਾਤਰਾ 'ਤੇ ਜਾਣ ਸਮੇਂ ਸਾਡੇ ਬਜ਼ੁਰਗਾਂ ਦੇ ਚਿਹਰਿਆਂ 'ਤੇ ਖੁਸ਼ੀ ਤੇ ਸੰਤੁਸ਼ਟੀ ਦੇ ਨਜ਼ਾਰੇ ਵੇਖ ਕੇ ਦਿਲ ਨੂੰ ਬਹੁਤ ਸਕੂਨ ਮਿਲਦਾ ਹੈ ਅਤੇ ਬਜ਼ੁਰਗਾਂ ਦੀਆਂ ਅਸੀਸਾਂ ਪ੍ਰਾਪਤ ਹੁੰਦੀਆਂ ਹਨ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ, ਸੁੱਖ-ਸਹੂਲਤਾਂ ਤੇ ਤਰੱਕੀ ਲਈ ਦਿਨ-ਰਾਤ ਕੰਮ ਕਰ ਰਹੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਿੰਦਰ ਸਿੰਘ ਸਰਪੰਚ, ਸਰਬਜੀਤ ਸਿੰਘ ਪੰਚ, ਸਤਬੀਰ ਕੌਰ ਪੰਚ, ਸੁਖਦੇਵ ਸਿੰਘ ਪੰਚ, ਸੌਦਾਗਰ ਸਿੰਘ ਨੰਬਰਦਾਰ, ਤਰਲੋਚਨ ਸਿੰਘ, ਮਨਜੀਤ ਸਿੰਘ, ਕੁਲਦੀਪ ਸਿੰਘ, ਬੂਟਾ ਸਿੰਘ, ਸੋਹਣ ਲਾਲ, ਪਲਵਿੰਦਰ ਸਿੰਘ, ਹਰਵਿੰਦਰ ਸਿੰਘ ਕਾਲਾ, ਮਲਕੀਤ ਸਿੰਘ, ਬਲਵੰਤ ਸਿੰਘ, ਪ੍ਰਗਟ ਸਿੰਘ, ਸੁਰਿੰਦਰ ਸਿੰਘ, ਪ੍ਰਗਟ ਸਿੰਘ, ਮਨਜੀਤ ਸਿੰਘ, ਵਿਰਾਸਤ ਸੇਵਾ ਸੰਗਠਨ ਦੇ ਹਲਕਾ ਕੋਆਰਡੀਨੇਟਰ ਦਵਿੰਦਰ ਸਿੰਘ ਨਰਮਾਣਾ ਆਦਿ ਮੌਜੂਦ ਸਨ।




# ਪੀ ਜੀ ਆਈ ਦੀ 'ਨਾਈਨ' ਨੇ 23ਵਾਂ ਸਥਾਪਨਾ ਦਿਵਸ ਮਨਾਇਆ

**ਸਮਰਾਲਾ (ਸੁਰਜੀਤ ਸਿੰਘ)**- ਪੀਜੀਆਈ ਚੰਡੀਗੜ੍ਹ ਦੀ ਨਰਸਿੰਗ ਸੰਸਥਾ ਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਐਜੂਕੇਸ਼ਨ (ਨਾਈਨ) ਨੇ ਆਪਣਾ 23ਵਾਂ ਸਥਾਪਨਾ ਦਿਵਸ ਨੂੰ ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ। ਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਐਜੂਕੇਸ਼ਨ ਦੀ ਸ਼ੁਰੂਆਤ 1964 ਵਿੱਚ ਆਲਮੀ ਸਿਹਤ ਸੰਸਥਾ ਦੀ ਸਹਾਇਤਾ ਨਾਲ 'ਕਾਲਜ ਆਫ ਨਰਸਿੰਗ ਫਾਰ ਪੋਸਟ ਬੇਸਿਕ ਐਜੂਕੇਸ਼ਨ ਪ੍ਰੋਜੈਕਟ, ਇੰਡੀਆ' ਵਜੋਂ ਕੀਤੀ ਗਈ ਸੀ, ਜੋ ਕਿ ਉਸ ਸਮੇਂ ਦੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਪ੍ਰਤਾਪ ਸਿੰਘ ਕੈਰੋਂ ਦੀ ਦੂਰਦਰਸ਼ਤਾ ਦਾ ਨਤੀਜਾ ਸੀ।ਸਾਲ 2003 ਵਿੱਚ ਇਸ ਕਾਲਜ ਨੂੰ ਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਐਜੂਕੇਸ਼ਨ ਦਾ ਦਰਜਾ ਮਿਲਿਆ, ਜੋ ਦੇਸ਼ ਵਿੱਚ ਆਪਣੇ ਕਿਸਮ ਦਾ ਇਕ ਵਿਲੱਖਣ ਸੰਸਥਾਨ ਹੈ। ਡਾ. ਸੁਖਪਾਲ ਕੌਰ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਸੰਸਥਾ ਵੱਲੋਂ ਵਰ੍ਹਿਆਂ ਦੌਰਾਨ ਪ੍ਰਾਪਤ ਕੀਤੀਆਂ ਮਹੱਤਵਪੂਰਨ ਉਪਲਬਧੀਆਂ ਨੂੰ ਉਜਾਗਰ ਕੀਤਾ।ਉਨ੍ਹਾਂ ਦੱਸਿਆ ਕਿ 'ਨਾਈਨ' ਹਰ ਸਾਲ ਉੱਚ-ਯੋਗਤਾ ਤੇ ਸਮਰਪਿਤ ਫੈਕਲਟੀ ਦੇ ਸਹਿਯੋਗ ਨਾਲ ਮਨੁੱਖਤਾ ਦੀ ਸੇਵਾ ਲਈ ਯੋਗ ਨਰਸਾਂ ਤਿਆਰ ਕਰਦਾ ਹੈ। ਉਨ੍ਹਾਂ ਸੰਸਥਾ ਦੇ ਭਵਿੱਖੀ ਵਿਜ਼ਨ ਬਾਰੇ ਵੀ ਜਾਣਕਾਰੀ ਦਿੱਤੀ, ਜਿਸ ਵਿੱਚ ਨਰਸ ਪ੍ਰੈਕਟੀਸ਼ਨਰ ਕੋਰਸ ਤੇ ਨਰਸਿੰਗ ਵਿਸ਼ੇਸ਼ਤਾਵਾਂ ਵਿੱਚ ਫੈਲੋਸ਼ਿਪ ਸ਼ੁਰੂ ਕਰਨ ਦੀ ਯੋਜਨਾ ਸ਼ਾਮਲ ਹੈ। ਸੰਸਥਾ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਮੁੱਖ ਮਹਿਮਾਨ ਵਜੋਂ ਸਮਾਰੋਹ ਵਿੱਚ ਸ਼ਾਮਲ ਹੋਏ।ਉਨ੍ਹਾਂ ਕਿਹਾ ਕਿ ਨਰਸਿੰਗ ਸਿਹਤ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹੈ ਤੇ ਉੱਭਰ ਰਹੀਆਂ ਨਰਸਾਂ ਦੀ ਹਮਦਰਦੀ ਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਪ੍ਰੋ. ਵਿਪਿਨ ਕੌਸ਼ਲ ਮੈਡੀਕਲ ਸੁਪਰਿੰਟੈਂਡੈਂਟ, ਰਵਿੰਦਰ ਸਿੰਘ ਆਈ ਏ ਐਂਡ ਏ ਐੱਸ ਫਾਇਨੈਂਸ਼ਲ ਐਡਵਾਈਜ਼ਰ ਤੇ ਉਮੀਦ ਮਾਥੁਰ ਰਜਿਸਟ੍ਰਾਰ ਪੀਜੀਆਈ ਹਾਜ਼ਰ ਰਹੇ। ਇਸ ਮੌਕੇ 'ਨਾਈਨ' ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਸਮਾਰੋਹ ਵਿੱਚ 'ਨਾਈਨ' ਦੇ ਸਾਬਕਾ ਅਧਿਆਪਕਾਂ ਦੀ ਹਾਜ਼ਰੀ ਨੇ ਵੀ ਗੌਰਵ ਤੇ ਵਿਰਾਸਤ ਦੀ ਭਾਵਨਾ ਨੂੰ ਮਜ਼ਬੂਤ ਕੀਤਾ।ਇਸ ਦੌਰਾਨ ਮੈਰੀਟੋਰੀਅਸ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਇਨਾਮ ਵੰਡ ਸਮਾਰੋਹ ਵੀ ਕੀਤਾ ਗਿਆ।



## ਸਰਵਹਿੱਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ

**ਮੱਖੂ, (ਰਛਪਾਲ ਸਿੰਘ ਸੰਧੂ)**- ਸਰਵਹਿੱਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਮੱਖੂ ਵੱਲੋਂ ਸ਼ੈਸ਼ਨ 2025-26 ਦਾ ਐਲਾਨਿਆ ਗਿਆ ਸਲਾਨਾ ਨਤੀਜਾ ਇਸ ਵਾਰ ਵੀ 100 ਫ਼ੀਸਦ ਰਿਹਾ। ਇਸ ਮੌਕੇ ਹਰੇਕ ਜਮਾਤ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਬੱਚਿਆਂ ਨੂੰ ਭਵਿੱਖ 'ਚ ਹੋਰ ਮਿਹਨਤ ਕਰਨ ਅਤੇ ਅੱਗੇ ਵਧਣ ਲਈ ਪ੍ਰੇਰਿਤ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਕੌਰ ਨੇ ਕਿਹਾ ਕਿ ਜ਼ਿੰਦਗੀ 'ਚ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹਣ ਅਤੇ ਸੁਪਨੇ ਸਾਕਾਰ ਕਰਨ ਲਈ ਪੜ੍ਹਾਈ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਦੇ ਚੰਗੇ ਪ੍ਰਦਰਸ਼ਨ ਲਈ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਕਾਮਯਾਬੀ ਅਧਿਆਪਕਾਂ ਦੀ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।



# ਪ੍ਰੈੱਸ ਕਲੱਬ ਦੀਨਾਨਗਰ ਦੀ ਮਹੀਨਾਵਾਰ ਇਕੱਤਰਤਾ 'ਚ ਨਿਰਪੱਖ ਪੱਤਰਕਾਰੀ ਦਾ ਸੁਨੇਹਾ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਪ੍ਰੈੱਸ ਕਲੱਬ ਦੀ ਇੱਕ ਵਿਸ਼ੇਸ਼ ਮੀਟਿੰਗ ਕਲੱਬ ਪ੍ਰਧਾਨ ਰਾਜਿੰਦਰ ਸੈਣੀ ਦੀ ਪ੍ਰਧਾਨਗੀ ਹੇਠ ਹੋਈ।ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਉਨ੍ਹਾਂ ਦੇ ਹੱਲ ਲਈ ਠੋਸ ਕਦਮ ਚੁੱਕਣ ਤੇ ਜ਼ੋਰ ਦਿੱਤਾ ਗਿਆ।ਮੀਟਿੰਗ ਵਿੱਚ ਖੇਤਰ ਦੇ ਕਈ ਪੱਤਰਕਾਰਾਂ ਨੇ ਹਿੱਸਾ ਲਿਆ,ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸੰਗਠਨ ਨੂੰ ਮਜ਼ਬੂਤ ਕਰਨ ਦੇ ਤਰੀਕੇ ਸੁਝਾਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੈਣੀ ਨੇ ਕਿਹਾ ਕਿ ਪੱਤਰਕਾਰੀ ਨੂੰ ਦੇਸ਼ ਦਾ ਚੌਥਾ ਥੰਮ੍ਹ ਮੰਨਿਆ ਜਾਂਦਾ ਹੈ, ਜੋ ਸਮਾਜ ਅਤੇ ਪ੍ਰਸ਼ਾਸਨ ਵਿਚਕਾਰ ਇੱਕ ਮਹੱਤਵਪੂਰਨ ਕੜੀ ਵਜੋਂ ਕੰਮ ਕਰਦਾ ਹੈ। ਵਿਡੰਬਨਾ ਇਹ ਹੈ ਕਿ ਜਦੋਂ ਕੋਈ ਪੱਤਰਕਾਰ ਕਿਸੇ ਸਮੱਸਿਆ ਜਾਂ ਮੁਸ਼ਕਲ ਦਾ ਸਾਹਮਣਾ ਕਰਦਾ ਹੈ ਤਾਂ ਬਹੁਤ ਘੱਟ ਲੋਕ ਸਮਰਥਨ ਵਿੱਚ ਖੜ੍ਹੇ ਹੁੰਦੇ ਹਨ ਜੋ ਕਿ ਪੂਰੇ ਪੱਤਰਕਾਰ ਭਾਈਚਾਰੇ ਲਈ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਇਸ ਸਥਿਤੀ ਨੂੰ ਬਦਲਣ ਲਈ ਪੱਤਰਕਾਰ ਭਾਈਚਾਰੇ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਕੋਈ ਵੀ ਸਾਥੀ ਪੱਤਰਕਾਰ ਮੁਸ਼ਕਲ ਸਮੇਂ ਵਿੱਚ ਇਕੱਲਾ ਮਹਿਸੂਸ ਨਾ ਕਰੇ।ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨੂੰ ਬਿਨਾਂ ਕਿਸੇ ਦਬਾਅ ਜਾਂ ਪੱਖਪਾਤ ਦੇ ਜਨਤਕ ਮੁੱਦਿਆਂ ਨੂੰ ਉਜਾਗਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਪ੍ਰਸ਼ਾਸਨ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਇਹ ਵੀ ਕਿਹਾ ਕਿ ਇੱਕ ਜ਼ਿੰਮੇਵਾਰ ਪੱਤਰਕਾਰ ਦਾ ਫਰਜ਼ ਸਿਰਫ਼ ਖ਼ਬਰਾਂ ਪ੍ਰਕਾਸ਼ਤ ਕਰਨਾ ਹੀ ਨਹੀਂ ਸਗੋਂ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣਾ ਵੀ ਹੈ।ਇਸ ਮੌਕੇ ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਦਾ ਜਨਮ ਦਿਨ ਮਨਾਇਆ ਗਿਆ। ਮੀਟਿੰਗ ਦੌਰਾਨ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਸਪੱਸ਼ਟ ਤੌਰ ਤੇ ਦਿਖਾਈ ਦਿੱਤੀ।ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਪੱਤਰਕਾਰਾਂ ਨੇ ਸਰਬਸੰਮਤੀ ਨਾਲ ਪੱਤਰਕਾਰੀ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਦੇ ਹੋਏ ਸਮਾਜ ਅਤੇ ਜਨਤਾ ਦੇ ਭਲੇ ਲਈ ਕੰਮ ਕਰਦੇ ਰਹਿਣ ਦਾ ਸੰਕਲਪ ਲਿਆ।ਸੀਨੀਅਰ ਪੱਤਰਕਾਰ ਸੀ. ਐੱਲ. ਕਪੂਰ, ਸਰਬਜੀਤ ਸਾਗਰ, ਕਮਲ ਮਹਾਜਨ, ਹਰਜਿੰਦਰ ਗੁਰਾਇਆ, ਕਮਲ ਸ਼ਰਮਾ, ਸੁਰਿੰਦਰ ਸੋਨੀ, ਪ੍ਰਿੰਸ ਆਨੰਦ, ਬਲਵਿੰਦਰ ਬਿੱਲਾ, ਸੰਜੀਵ ਟੋਨੀ, ਰਵਿੰਦਰ ਠਾਕੁਰ, ਹਰੀਸ਼ ਕੱਕੜ, ਨਿਤਿਨ ਟੰਡਨ, ਅਮਿਤ ਪੰਡੋਰੀ, ਰਾਜ ਕੁਮਾਰ, ਪ੍ਰਦੀਪ ਦੀਪ, ਵਿਪਿਨ ਪੰਡੋਰੀ, ਨਰੇਸ਼ ਸ਼ਰਮਾ, ਸੁਰਿੰਦਰ ਸ਼ਰਮਾ, ਰਵੀ ਕੁਮਾਰ ਮੰਗਲਾ, ਕੰਵਲਦੀਪ ਸਿੰਘ, ਸੁਰਿੰਦਰ ਸ਼ਰਮਾ ਘਰੋਟਾ, ਅਤੇ ਵੱਡੀ ਗਿਣਤੀ ਵਿੱਚ ਹੋਰ ਪੱਤਰਕਾਰ ਇਸ ਮੌਕੇ ਮੌਜੂਦ ਸਨ।

# ਪੁਲਸ ਵੱਲੋਂ ਹੈਰੋਇਨ ਬਰਾਮਦ, ਦੋ ਖਿਲਾਫ ਮਾਮਲੇ ਦਰਜ



ਗੁਰਦਾਸਪੁਰ (ਜਨਕ ਮਹਾਜਨ)-ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨੀ ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਤਹਿਤ ਮਾਨਯੋਗ ਡਾਇਰੈਕਟਰ ਜਨਰਲ ਪੁਲਸ, ਪੰਜਾਬ ਅਤੇ ਮਾਨਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਸਿਟੀ ਗੁਰਦਾਸਪੁਰ ਵਿਖੇ ਰਾਹੁਲ ਉਰਫ ਹੈਪੀ ਨੂੰ ਕਾਬੂ ਕਰਕੇ ਉਸ ਪਾਸੋਂ 07 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 21-61-85 ਥਾਣਾ ਸਿਟੀ ਗੁਰਦਾਸਪੁਰ ਵਿਖੇ ਦਰਜ ਰਜਿਸਟਰ ਕੀਤਾ ਗਿਆ।ਥਾਣਾ ਕਲਾਨੌਰ ਵਿਖੇ ਬਲਵਿੰਦਰ ਪਾਲ ਨੂੰ ਕਾਬੂ ਕਰਕੇ ਉਸ ਪਾਸੋਂ 06 ਗ੍ਰਾਮ 40 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 ਥਾਣਾ ਕਲਾਨੌਰ ਵਿਖੇ ਦਰਜ ਰਜਿਸਟਰ ਕੀਤਾ ਗਿਆ।ਆਦਿਤਯ ਆਈਪੀਐੱਸ ਸੀਨੀਅਰ ਕਪਤਾਨ ਪੁਲਸ, ਗੁਰਦਾਸਪੁਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਸ ਨੂੰ ਦਿੱਤੀ ਜਾਵੇ, ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਜ਼ਿਲ੍ਹਾ ਗੁਰਦਾਸਪੁਰ ਦੀ ਪੁਲਸ ਪੂਰੀ ਤਰ੍ਹਾਂ ਵਚਨਬੱਧ ਹੈ।

# ਰੰਧਾਵਾ ਨੇ ਅੰਮ੍ਰਿਤਸਰ-ਅਜਨਾਲਾ-ਡੇਰਾ ਬਾਬਾ ਨਾਨਕ ਸੜਕ ਦੀ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ ਰੱਖਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਲੋਕ ਨਿਰਮਾਣ ਵਿਭਾਗ ਅਧੀਨ ਅੰਮ੍ਰਿਤਸਰ-ਅਜਨਾਲਾ-ਡੇਰਾ ਬਾਬਾ ਨਾਨਕ ਰੋਡ ਦੀ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ।ਇਹ ਸੜਕ 3.2 ਕਿਲੋਮੀਟਰ ਲੰਬਾਈ ਵਿੱਚ ਲਗਭਗ 3 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਜਾਵੇਗੀ।ਇਸ ਪ੍ਰੋਜੈਕਟ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਸੁਵਿਧਾ ਮਿਲੇਗੀ ਅਤੇ ਖੇਤਰ ਦੇ ਵਿਕਾਸ ਨੂੰ ਹੋਰ ਤੇਜ਼ੀ ਮਿਲੇਗੀ।ਇਸ ਮੌਕੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪਿੰਡ ਵਾਸੀਆਂ ਨਾਲ ਮਿਲ ਬੈਠ ਕੇ ਹੋਰ ਵਿਕਾਸੀ ਕੰਮਾਂ ਬਾਰੇ ਵੀ ਚਰਚਾ ਕੀਤੀ ਗਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਉਨ੍ਹਾਂ ਕਿਹਾ ਸਾਡੀ ਕੋਸ਼ਿਸ਼ ਹੈ ਕਿ ਹਰ ਪਿੰਡ ਤੱਕ ਵਿਕਾਸ ਦੇ ਕੰਮ ਤੇਜ਼ੀ ਨਾਲ ਪਹੁੰਚਣ ਅਤੇ ਲੋਕਾਂ ਨੂੰ ਸੁਵਿਧਾਵਾਂ ਮਿਲਣ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਹਲਕੇ ਦੇ ਵਾਸੀਆਂ ਵੱਲੋਂ ਮੈਨੂੰ ਵਿਧਾਇਕ ਬਣਾ ਕੇ ਜੋ ਸੇਵਾ ਦਿੱਤੀ ਗਈ ਹੈ, ਉਸ ਸੇਵਾ ਸਦਕਾ ਹੀ ਉਹ ਹਲਕੇ ਦਾ ਵਿਕਾਸ ਕਰਨ ਵਿੱਚ ਲੱਗੇ ਹੋਏ ਹਨ ਚਾਹੇ ਉਹ ਸੜਕਾਂ ਦੇ ਸੁਧਾਰ ਦੀ ਗੱਲ ਹੋਵੇ, ਪਿੰਡਾਂ ਦੀਆਂ ਗਲੀਆਂ ਜਾਂ ਹੋਰ ਵਿਕਾਸ ਕਾਰਜ।ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾਵੇ ਅਤੇ ਹਲਕੇ ਦਾ ਸਰਬਪੱਖੀ ਵਿਕਾਸ ਹੋਵੇ, ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਰਗੀ ਭੈੜੀ ਲਾਹਨਤ ਦੇ ਖਿਲਾਫ ਮੁਹਿੰਮ ਛੇੜੀ ਗਈ ਹੈ ਤਾਂ ਜੋ ਨਸ਼ਿਆਂ ਦਾ ਖਾਤਮਾ ਕਰਕੇ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾ ਸਕੇ।ਉਨ੍ਹਾਂ ਦੁਹਰਾਇਆ ਕਿ ਉਹ ਹਲਕੇ ਦੇ ਲੋਕਾਂ ਨੂੰ ਹੋਰ ਬਿਹਤਰ ਸਹੂਲਤਾਂ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਮੁਹੱਈਆ ਕਰਵਾਉਣ ਲਈ ਵਚਨਬੱਧ ਹਨ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਮੀਂ ਨਹੀਂ ਛੱਡੀ ਜਾਵੇਗੀ।ਇਸ ਮੌਕੇ ਪਿੰਡਾਂ ਦੇ ਪੰਚ ਸਰਪੰਚ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ ਅਤੇ ਉਨ੍ਹਾਂ ਵਲੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿਨ ਰਾਤ ਹਲਕੇ ਦੇ ਵਿਕਾਸ ਲਈ ਕੰਮ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ।ਨਗਰ ਕੌਂਸਲ ਪ੍ਰਧਾਨ ਸ਼ਿਖਾ ਗੁਪਤਾ ਦੇ ਪਤੀ ਆਪ ਆਗੂ ਰਾਜੇਸ਼ ਗੁਪਤਾ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਜੁਗਨੂੰ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਬਲਕਾਰ ਸਿੰਘ ਫੌਜੀ, ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ ਟਾਹਲੀ ਸਾਹਿਬ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਪਿੰਡਾਂ ਦੇ ਮੋਹਤਬਰ ਹਾਜ਼ਰ ਸਨ।

## ਨੌਜਵਾਨ ਦੀ ਗੋਲੀਆਂ ਮਾਰ ਕੇ ਹੱਤਿਆ, ਦੋਸ਼ੀ ਫਰਾਰ

ਅਟਾਰੀ (ਸਤਬੀਰ ਭੀਲ)-ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਧੀਨ ਆਉਂਦੇ ਸਰਹੱਦੀ ਪਿੰਡ ਰਾਜਾਤਾਲ ਵਿਖੇ ਇਕ ਵਿਅਕਤੀ ਦੀ ਅਣ-ਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ।ਉਸ ਦੀ ਪਛਾਣ ਸੋਨੂੰ ਸਿੰਘ (30) ਪੁੱਤਰ ਮੇਜਰ ਸਿੰਘ ਵਾਸੀ ਪਿੰਡ ਰਾਜਾਤਾਲ ਵਜੋਂ ਹੋਈ ਹੈ।ਸੋਨੂੰ ਸਿੰਘ ਜਦੋਂ ਸਵੇਰੇ ਕਰੀਬ 10 ਵਜੇ ਰੋਜ਼ਾਨਾ ਦੀ ਤਰ੍ਹਾਂ ਮਜ਼ਦੂਰੀ ਕਰਨ ਲਈ ਜਾ ਰਿਹਾ ਸੀ ਤਾਂ ਪਹਿਲਾਂ ਤੋਂ ਹੀ ਬੈਠੇ ਹਮਲਾਵਰਾਂ ਵੱਲੋਂ ਉਸ ਨੂੰ ਪਿੰਡ ਗੱਲੂਵਾਲ ਦੇ ਨਜ਼ਦੀਕ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ।ਹਮਲਾਵਰ ਉਸ ਦਾ ਮੋਟਰਸਾਈਕਲ ਅਤੇ ਮੋਬਾਇਲ ਵੀ ਨਾਲ ਲੈ ਗਏ ਹਨ।ਪੁਲਸ ਵੱਲੋਂ ਲਾਸ਼ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਰਮਨਦੀਪ ਸਿੰਘ ਭਰੋਵਾਲ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਭਾਜਪਾ ਦੇ ਆਗੂਆਂ ਨੂੰ ਅਕਾਲੀ ਦਲ 'ਚ ਸ਼ਾਮਿਲ ਕਰਕੇ ਜਿਸ ਤਰ੍ਹਾਂ ਝਟਕੇ ਦਿੱਤੇ ਜਾ ਰਹੇ ਸਨ ਉਸੇ ਕੜੀ ਤਹਿਤ ਪੰਜਾਬ ਦੇ ਪੰਥਕ ਹਲਕੇ ਵਜੋਂ ਜਾਣੇ ਜਾਂਦੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਰਮਨਦੀਪ ਸਿੰਘ ਭਰੋਵਾਲ ਨੂੰ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ ਕਰ ਕੇ ਅਕਾਲੀ ਦਲ ਨੂੰ ਝਟਕਾ ਦਿੱਤਾ।ਵਰਨਣਯੋਗ ਹੈ ਕਿ ਭਰੋਵਾਲ 2011 ਤੋਂ 2014 ਤੱਕ ਪਾਰਟੀ ਦੇ ਜਨਰਲ ਸਕੱਤਰ ਰਹੇ ਤੇ 2014 ਤੋਂ ਹੁਣ ਤੱਕ ਲਗਾਤਾਰ ਮੀਤ ਪ੍ਰਧਾਨ ਚਲੇ ਆ ਰਹੇ ਸਨ। ਸ. ਭਰੋਵਾਲ ਇਮਾਨਦਾਰ, ਪੂਰਨ ਗੁਰਸਿੱਖ ਤੇ ਤਕੜੇ ਬੁਲਾਰੇ ਹੋਣ ਕਾਰਨ ਖਡੂਰ ਸਾਹਿਬ ਦੇ ਸ਼੍ਰੋਮਣੀ ਆਕਾਲੀ ਦਲ ਦੇ ਪ੍ਰਮੁੱਖ ਆਗੂਆਂ 'ਚੋਂ ਇੱਕ ਸਨ। ਉਨ੍ਹਾਂ ਦੀ ਭਾਜਪਾ 'ਚ ਸ਼ਮੂਲੀਅਤ ਨੇ ਹਲਕੇ 'ਚ ਸਿਆਸੀ ਹਲਚਲ ਛੇੜ ਦਿੱਤੀ ਹੈ। ਇਸ ਮੌਕੇ ਉਨ੍ਹਾਂ ਨਾਲ ਤਰਨਤਾਰਨ ਜ਼ਿਲ੍ਹੇ ਦੇ ਸੀਨੀਅਰ ਮੀਤ ਪ੍ਰਧਾਨ ਰਹੇ ਭੁਪਿੰਦਰ ਸਿੰਘ ਟੀਟੂ, ਬੀਸੀ ਵਿੰਗ ਦੇ ਮੀਤ ਪ੍ਰਧਾਨ ਤਰਸੇਮ ਸਿੰਘ ਛਾਪੜੀ ਨੇ ਵੀ ਸ਼ਮੂਲੀਅਤ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ, ਚਰਨਜੀਤ ਸਿੰਘ ਬਰਾੜ, ਵਨੀਤ ਜੋਸ਼ੀ, ਸੁਭਾਸ਼ ਸ਼ਰਮਾ ਹਾਜ਼ਰ ਸਨ

## ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਸ਼ਹਿਜ਼ਾਦਾ ਆਸ਼ਰਮ ਵਿਖੇ ਹਫਤਾਵਾਰੀ ਸਤਿਸੰਗ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਸ਼ਹਿਜ਼ਾਦਾ ਆਸ਼ਰਮ ਵਿਖੇ ਇੱਕ ਹਫਤਾਵਾਰੀ ਸਤਿਸੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਦਿਵਯ ਗੁਰੂ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਸਵਾਮੀ ਬਲਰਾਮ ਨੇ ਗੁਰੂ ਦੀ ਸੇਵਾ ਕਰਨ ਦੀ ਮਹੱਤਤਾ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਸਾਡੇ ਮਨ ਵਿੱਚ ਵਿਚਾਰ, ਬੋਲੇ ਗਏ ਸ਼ਬਦ ਅਤੇ ਕੀਤੇ ਗਏ ਕੰਮ ਹੀ ਕਰਮ ਅਤੇ ਇਸਦੇ ਫਲਦਾਇਕ ਕਰਮ ਨੂੰ ਬਣਾਉਂਦੇ ਹਨ।ਤਿੰਨ ਤਰ੍ਹਾਂ ਦੇ ਕਰਮ ਦੱਸੇ ਗਏ ਹਨ-ਸੰਚਿਤ, ਪ੍ਰਾਰਬਧ ਅਤੇ ਕ੍ਰਿਆਮਾਨ।ਕੁਦਰਤ ਖੁਦ ਨਿਰਧਾਰਤ ਕਰਦੀ ਹੈ ਕਿ ਹਰੇਕ ਕਰਮ ਕਦੋਂ, ਕਿੱਥੇ ਅਤੇ ਕਿਵੇਂ ਆਪਣੇ ਨਤੀਜੇ ਦੇਵੇਗਾ।ਕੁਦਰਤ ਦੇ ਦ੍ਰਿੜ ਇਰਾਦੇ ਅਨੁਸਾਰ ਸੰਚਿਤ ਕਰਮ ਦੁੱਖ ਅਤੇ ਖੁਸ਼ੀ ਦੇ ਰੂਪ 'ਚ ਸਾਡੇ ਸਾਹਮਣੇ ਆਉਂਦੇ ਹਨ। ਗੁਰੂ ਦੀ ਸੇਵਾ ਇਸ ਸਿਧਾਂਤ ਤੇ ਕੰਮ ਕਰਦੀ ਹੈ।ਜਦੋਂ ਕੋਈ ਸੇਵਕ ਆਪਣੇ ਗੁਰੂ ਦੀ ਪੂਰੀ ਲਗਨ, ਸ਼ਰਧਾ ਅਤੇ ਵਿਸ਼ਵਾਸ ਨਾਲ ਸੇਵਾ ਕਰਦਾ ਹੈ ਤਾਂ ਉਹ ਸੇਵਾ ਆਪਣੇ ਆਪ ਵਿੱਚ ਸਾਡੇ ਮੌਜੂਦਾ ਕੰਮਾਂ ਨੂੰ ਸੁਧਾਰਨ ਅਤੇ ਸੰਚਿਤ ਕਰਮ ਨੂੰ ਖਤਮ ਕਰਨ ਵਿੱਚ ਬਹੁਤ ਯੋਗਦਾਨ ਪਾਉਂਦੀ ਹੈ। ਆਪਣੀ ਅਧਿਆਤਮਕ ਸ਼ਕਤੀ ਅਤੇ ਕਿਰਪਾ ਦੁਆਰਾ ਗੁਰੂ ਆਪਣੇ ਸ਼ਿਸ਼ ਨੂੰ ਜਨਮ ਅਤੇ ਮੌਤ ਤੋਂ ਪਾਰ ਜਾਣ ਦੇ ਰਸਤੇ 'ਤੇ ਅਗਵਾਈ ਕਰਦਾ ਹੈ।ਗੁਰੂ ਕਦੇ ਵੀ ਆਪਣੇ ਸੇਵਕ ਤੋਂ ਆਪਣੀ ਨਿੱਜੀ ਸੇਵਾ ਕਰਨ ਦੀ ਮੰਗ ਨਹੀਂ ਕਰਦਾ। ਜਦੋਂ ਤੱਕ ਗੁਰੂ ਸੇਵਾ ਦੀ ਮਹੱਤਤਾ ਨੂੰ ਸਮਝਿਆ ਨਹੀਂ ਜਾਂਦਾ, ਗੁਰੂ ਦੀ ਸੇਵਾ ਕਰਨਾ ਇੱਕ ਸਧਾਰਨ ਕੰਮ ਜਾਪਦਾ ਹੈ, ਪਰ ਚੇਲਾ ਇਸ ਸਧਾਰਨ ਕਾਰਜ ਦੇ ਪਿੱਛੇ ਛੁਪੀ ਬ੍ਰਹਮ ਕਿਰਪਾ ਅਤੇ ਇਸਦੇ ਸਕਾਰਾਤਮਕ ਨਤੀਜਿਆਂ ਤੋਂ ਅਣਜਾਣ ਹੁੰਦਾ ਹੈ।ਜੇਕਰ ਗੁਰੂ ਸੇਵਾ ਦੀ ਮਹੱਤਤਾ ਨੂੰ ਇੱਕ ਵਾਕ ਵਿੱਚ ਸਮਝਾਇਆ ਜਾਵੇ ਤਾਂ ਸ਼ਾਇਦ ਇਹ ਕਹਿਣਾ ਕਾਫ਼ੀ ਹੋਵੇਗਾ ਕਿ ਗੁਰੂ ਸੇਵਾ ਹੀ ਕਰਮ ਅਤੇ ਕਿਸਮਤ ਦੀ ਪ੍ਰਾਪਤੀ ਦਾ ਇੱਕੋ ਇੱਕ ਸਰਲ ਤਰੀਕਾ ਹੈ।ਇਸ ਮੌਕੇ ਸਵਾਮੀ ਸੰਗਿਆਮਾਨੰਦ, ਰਾਜੇਸ਼ ਅਤੇ ਦਿਲਬਾਗ ਵੱਲੋਂ ਭਜਨ ਪੇਸ਼ ਕੀਤੇ ਗਏ।



**ਆਮ ਆਦਮੀ ਪਾਰਟੀ ਐੱਸ. ਸੀ. ਵਿਗ ਪੰਜਾਬ ਦੇ ਪ੍ਰਧਾਨ ਜੀ. ਪੀ. ਸਿੰਘ ਅੰਮ੍ਰਿਤਸਰ ਵਿਖੇ ਪੁੱਜੇ। ਇਸ ਮੌਕੇ ਉਨ੍ਹਾਂ ਦੇ ਨਾਲ ਪੀ. ਡਬਲਿਊ. ਡੀ. ਮੰਤਰੀ ਈ. ਟੀ. ਓ. ਹਰਭਜਨ ਸਿੰਘ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਨੂੰ 'ਆਪ' ਦੇ ਅੰਮ੍ਰਿਤਸਰ ਐੱਸ. ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰਪਾਲ ਨੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਨਿਰਮਲ ਸਿੰਘ, ਰਮੇਸ਼ ਥਾਪਾ, ਸੰਜੇ ਅਟਵਾਲ, ਗੁਰਿੰਦਰ ਸਿੰਘ, ਬੱਬੂ, ਸਾਹਿਬ ਸਿੰਘ ਵੀ ਮੌਜੂਦ ਸਨ। (ਤਸਵੀਰ ਤੇ ਵੇਰਵਾ:ਮਨੋਜ ਕੁਮਾਰ, ਛੇਹਰਟਾ)**

# ਗੁ. ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਦੋ ਰੋਜ਼ਾ ਸਾਲਾਨਾ ਜੋੜ ਮੇਲਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੱਚਖੰਡ ਵਾਸੀ ਭਗਤ ਬਾਬਾ ਗੁਰਬਚਨ ਸਿੰਘ ਅਤੇ ਸੱਚਖੰਡ ਵਾਸੀ ਭਗਤ ਬਾਬਾ ਪ੍ਰੀਤਮ ਸਿੰਘ ਦੇ ਚਰਨ ਸੇਵਕ ਅਤੇ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਮੌਜੂਦਾ ਮੁਖੀ ਸੰਤ ਬਾਬਾ ਗੁਰਦੇਵ ਸਿੰਘ ਦੀ ਅਗਵਾਈ ਹੇਠ 2 ਰੋਜ਼ਾ ਸਾਲਾਨਾ ਜੋੜ ਮੇਲਾ ਮਨਾਇਆ ਗਿਆ, ਜਿਸ ਦੌਰਾਨ ਰੋਜ਼ਾਨਾ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਗਏ, ਜਿਨ੍ਹਾਂ ਵਿੱਚ ਢਾਡੀ ਗਿਆਨੀ ਗੁਰਪ੍ਰਤਾਪ ਸਿੰਘ ਪਦਮ, ਢਾਡੀ ਬਲਬੀਰ ਸਿੰਘ ਪਾਰਸ, ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ, ਕਵੀਸ਼ਰ ਗਿਆਨੀ ਮੱਖਣ ਸਿੰਘ ਦਸਮੇਸ਼ ਨਗਰ ਅਤੇ ਰਾਗੀ ਬਾਬਾ ਮਨਜੀਤ ਸਿੰਘ ਗੁਰੂ ਨਾਨਕ ਦਲ ਬਟਾਲਾ ਨੇ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾ ਕੇ ਨਿਹਾਲ ਕੀਤਾ।ਮੇਲੇ ਦੇ ਦੋਵੇਂ ਦਿਨ ਸ਼ਾਮ 5 ਵਜੇ ਕਬੱਡੀ ਦੀਆਂ ਨਾਮਵਰ ਟੀਮਾਂ ਵਿਚਾਲੇ ਮੈਚ ਖੇਡੇ ਗਏ।ਜੇਤੂ ਟੀਮਾਂ ਨੂੰ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਬਾਬਾ ਜੁਝਾਰ ਲਹਿਰ (ਦੁਬਈ) ਵੱਲੋਂ ਦਸਤਾਰ ਸਿਖਲਾਈ ਕੈਂਪ ਵੀ ਲਗਾਇਆ ਗਿਆ।ਸੰਤ ਬਾਬਾ ਗੁਰਦੇਵ ਸਿੰਘ ਨੇ ਦੱਸਿਆ ਕਿ ਸਵੇਰੇ 10 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸੰਗਤਾਂ ਵੱਲੋਂ ਗੰਨੇ ਦਾ ਰਸ, ਚਾਹ ਪਕੌੜੇ, ਫਰੂਟ ਚਾਟ ਅਤੇ ਲੰਗਰ ਅਟੁੱਟ ਵਰਤੇ।ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੇ ਬਹੁਤ ਗਿਣਤੀ ਵਿੱਚ ਹਾਜ਼ਰੀਆ ਭਰੀਆਂ ਅਤੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਭਾਈ ਨਿਰਮਲ ਸਿੰਘ ਅਤੇ ਹੋਰ ਦਮਦਮੀ ਟਕਸਾਲ ਦੇ ਜ਼ਿੰਮੇਵਾਰ ਸਿੰਘਾਂ ਨੇ ਹਾਜ਼ਰੀਆਂ ਭਰੀਆਂ।ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਜਥੇਦਾਰ ਬਾਬਾ ਜੱਗਾ ਸਿੰਘ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਭਾਈ ਸੁਖਵਿੰਦਰ ਸਿੰਘ ਅਬਗਾਨ, ਸੰਤ ਬਾਬਾ ਸੁਖਵਿੰਦਰ ਸਿੰਘ, ਸੰਤ ਬਾਬਾ ਗੁਰਦੀਪ ਸਿੰਘ, ਸੰਤ ਬਾਬਾ ਸਰਦਾਰਾ ਸਿੰਘ, ਸੰਤ ਬਾਬਾ ਰਘਵੀਰ ਸਿੰਘ, ਸੰਤ ਬਾਬਾ ਅਮਰ ਸਿੰਘ, ਸੰਤ ਬਾਬਾ ਬਲਵਿੰਦਰ ਸਿੰਘ, ਬਾਬਾ ਦਰਸ਼ਨ ਦਾਸ, ਭਾਈ ਅਮਨਦੀਪ ਸਿੰਘ, ਸੰਤ ਬਾਬਾ ਪ੍ਰਮਾਨੰਦ ਉਪਲਾ, ਸੰਤ ਬਾਬਾ ਰਾਮ ਮੁਨੀ, ਭਾਈ ਜਗਤਾਰ ਸਿੰਘ, ਬਾਬਾ ਸੁਖਵੰਤ ਸਿੰਘ ਚੰਨਣਕੇ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ, ਸੰਤ ਬਾਬਾ ਲਖਬੀਰ ਸਿੰਘ ਭੰਗਾਲੀ, ਸੰਤ ਬਾਬਾ ਨਵਤੇਜ ਸਿੰਘ, ਸੰਤ ਬਾਬਾ ਕਵਲਜੀਤ ਸਿੰਘ, ਰਣਜੀਤ ਸਿੰਘ ਰਾਣਾ ਨੇ ਹਾਜ਼ਰੀਆਂ ਭਰੀਆਂ। ਸਟੇਜ ਸੈਕਟਰੀ ਦੀ ਸੇਵਾ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੌਹਲ ਨੇ ਬਾਖੂਬੀ ਨਾਲ ਨਿਭਾਈ।

# ਡਾ. ਉਬਰਾਏ ਵੱਲੋਂ ਮਨੁੱਖਤਾ ਨੂੰ ਬਚਾਉਣ ਲਈ ਕੀਤੇ ਜਾ ਰਹੇ ਨੇਕ ਕਾਰਜ ਲਾਮਿਸਾਲ : ਡਾ. ਹਰਨੇਕ ਟੋਨੀ



ਧਾਰੀਵਾਲ, (ਮਨਦੀਪ ਵਿੱਕੀ)-ਦੇਸ਼ ਵਿਦੇਸ਼ ਦੇ ਅੰਦਰ ਸਮਾਜ ਸੇਵਾ ਦੇ ਖੇਤਰ 'ਚ ਆਪਣੀ ਵਿਲੱਖਣ ਪਹਿਚਾਣ ਬਣਾ ਚੁੱਕੀ ਉੱਘੀ ਸਮਾਜ ਸੇਵੀ ਸ਼ਖ਼ਸੀਅਤ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਅਤੇ ਦੁਬਈ ਦੇ ਉੱਘੇ ਸਿੱਖ ਕਾਰੋਬਾਰੀ ਡਾ. ਐੱਸ. ਪੀ. ਸਿੰਘ ਓਬਰਾਏ ਦੀ ਯੋਗ ਸਰਪ੍ਰਸਤੀ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ ਅਤੇ ਸਮੂਹ ਟੀਮ ਮੈਂਬਰਾਂ ਵੱਲੋਂ ਵਿਧਵਾ ਔਰਤਾਂ, ਅੰਗਹੀਣਾਂ, ਗਰੀਬਾਂ, ਬੇਸਹਾਰਾ ਅਤੇ ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈੱਕ ਵੰਡਣ ਲਈ ਸਥਾਨਕ ਮਹਾਰਾਜਾ ਜੱਸਾ ਸਿੰਘ ਰਾਮਗੜੀਆ ਹਾਲ ਵਿਖੇ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਅਕਾਲੀ ਦਲ ਦੀ ਪੀਏਸੀ ਦੇ ਸੀਨੀਅਰ ਮੈਂਬਰ ਅਤੇ ਉੱਘੀ ਸਮਾਜਸੇਵੀ ਸ਼ਖ਼ਸੀਅਤ ਡਾ. ਹਰਨੇਕ ਸਿੰਘ ਟੋਨੀ ਅਤੇ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਸੁਸਾਇਟੀ ਦੇ ਜਨਰਲ ਸੈਕਟਰੀ ਅਤੇ ਪ੍ਰੈੱਸ ਕਲੱਬ ਬਟਾਲਾ ਦੇ ਪ੍ਰਧਾਨ ਰਜਿੰਦਰਪਾਲ ਸਿੰਘ ਧਾਲੀਵਾਲ ਸ਼ਾਮਿਲ ਹੋਏ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵਕ ਪ੍ਰਧਾਨ ਗੁਰਮੀਤ ਸਿੰਘ ਮਠਾਰੂ ਸ਼ਾਮਲ ਸਨ।ਇਸ ਮੌਕੇ ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈਕ ਭੇਂਟ ਕਰਦਿਆ ਸਮਾਜ ਸੇਵੀ ਸ਼ਖ਼ਸ਼ੀਅਤ ਡਾ. ਹਰਨੇਕ ਸਿੰਘ ਟੋਨੀ ਅਤੇ ਸਮਾਜ ਸੇਵੀ ਸ਼ਖ਼ਸ਼ੀਅਤ ਰਜਿੰਦਰਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਡਾ. ਐੱਸ. ਪੀ. ਸਿੰਘ ਓਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਗਰੀਬਾਂ ਅਤੇ ਲੋੜਵੰਦਾਂ ਦੀ ਭਲਾਈ ਵਾਸਤੇ ਖਰਚ ਕੀਤਾ ਜਾ ਰਿਹਾ ਹੈ ਜਦ ਕਿ ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ ਕੀਮਤਾਂ ਨੂੰ ਹੋਰ ਉਚਾ ਚੁੱਕਣ ਦੇ ਲਈ ਡਾ. ਉਬਰਾਏ ਵੱਲੋਂ ਦੇਸ਼-ਵਿਦੇਸ਼ ਦੇ ਅੰਦਰ ਬਹੁਤ ਹੀ ਨੇਕ ਤੇ ਸ਼ਲਾਘਾਯੋਗ ਕਾਰਜ ਕੀਤੇ ਜਾ ਰਹੇ ਹਨ। ਡਾ. ਹਰਨੇਕ ਸਿੰਘ ਟੋਨੀ ਅਤੇ ਰਜਿੰਦਰਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਡਾ. ਉਬਰਾਏ ਦੀ ਯੋਗ ਰਹਿਨੁਮਾਈ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ ਅਤੇ ਉਹਨਾਂ ਦੀ ਸਮੁੱਚੀ ਟੀਮ ਬਹੁਤ ਹੀ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਹੀ ਹੈ।ਇਸ ਦੌਰਾਨ ਪੈਨਸ਼ਨਾਂ ਦੇ ਚੈੱਕ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਡਾ. ਐੱਸ. ਪੀ. ਸਿੰਘ ਉਬਰਾਏ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਟਰੱਸਟ ਦੇ ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ, ਐਡਵੋਕੇਟ ਹਰਸ਼ਮੀਤ ਸਿੰਘ, ਰੋਹਿਤ ਕੁਮਾਰ, ਜੋਧਵੀਰ ਸਿੰਘ, ਕੇਵਲ ਕੁਮਾਰ ਤੇ ਹੋਰ ਵੀ ਆਗੂ ਹਾਜ਼ਰ ਸਨ।

# ਖਾਲਸਾ ਕਾਲਜ ਆਫ ਫਾਰਮੇਸੀ ਵਿਖੇ ਐੱਚ ਆਈ ਵੀ ਜਾਗਰੂਕਤਾ 'ਤੇ ਲੈਕਚਰ ਕਰਵਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ/ਵਿਜੇ ਸ਼ਰਮਾ)-ਖ਼ਾਲਸਾ ਯੂਨੀਵਰਸਿਟੀ ਵੱਲੋਂ ਖ਼ਾਲਸਾ ਕਾਲਜ ਆਫ਼ ਫ਼ਾਰਮੇਸੀ ਵਿਖੇ ਵਿਦਿਆਰਥੀਆਂ 'ਚ ਸਿਹਤ ਸਬੰਧੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਐੱਚ. ਆਈ. ਵੀ. ਸਬੰਧੀ ਇਕ ਮਹੱਤਵਪੂਰਨ ਗੈਸਟ ਲੈਕਚਰ ਕਰਵਾਇਆ ਗਿਆ।'ਵਰਸਿਟੀ ਦੇ ਸਕੂਲ ਆਫ਼ ਫਾਰਮੇਸੀ ਡੀਨ ਡਾ. ਆਰ. ਕੇ. ਧਵਨ ਦੀ ਸਰਪ੍ਰਸਤੀ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਮੁੱਖ ਬੁਲਾਰੇ ਵਜੋਂ ਸਰਕਾਰੀ ਮੈਡੀਕਲ ਕਾਲਜ ਤੋਂ ਡਾ. ਸਵੀਤਾ ਸ਼ਰਮਾ ਅਤੇ ਸ੍ਰੀਮਤੀ ਟੀਨਾ ਨੇ ਜਾਗਰੂਕਤਾ ਟੀਮ ਸਮੇਤ ਸ਼ਿਰਕਤ ਕੀਤੀ।ਇਸ ਸਬੰਧੀ ਡਾ. ਧਵਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਪ੍ਰੋਗਰਾਮ ਸੰਪੂਰਨ ਸੁਰੱਖਿਆ ਕੇਂਦਰ ਦੇ ਸਹਿਯੋਗ ਨਾਲ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਉਕਤ ਬੁਲਾਰਿਆਂ ਵੱਲੋਂ ਵਿਦਿਆਰਥੀਆਂ ਨੂੰ ਐੱਚ. ਆਈ. ਪੀ., ਏਡਜ਼ ਦੇ ਫੈਲਾਅ ਦੇ ਤਰੀਕਿਆਂ, ਬਚਾਅ ਦੇ ਉਪਾਵਾਂ ਅਤੇ ਇਸ ਨਾਲ ਜੁੜੀਆਂ ਗਲਤ ਧਾਰਨਾਵਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ।

ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਦੇ ਆਯੋਜਨ 'ਚ ਡਾ. ਤਾਜਪ੍ਰੀਤ ਕੌਰ, ਡਾ. ਸਤਿੰਦਰ ਕੌਰ, ਡਾ. ਜਸਜੀਤ ਕੌਰ, ਡਾ. ਅਮਨਦੀਪ ਸਿੰਘ, ਸ੍ਰੀਮਤੀ ਜਸਰੀਨ ਉਪਲ ਅਤੇ ਡਾ. ਕਵਿਤਾ ਭਗਤ ਵੱਲੋਂ ਸਰਗਰਮ ਭੂਮਿਕਾ ਨਿਭਾਈ।ਇਸ ਮੌਕੇ ਬੁਲਾਰਿਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਐੱਚ. ਆਈ. ਵੀ. ਇਕ ਸੰਕਰਾਮਕ ਰੋਗ ਹੈ, ਪਰ ਸਹੀ ਜਾਣਕਾਰੀ ਅਤੇ ਸੁਰੱਖਿਅਤ ਜੀਵਨ ਸ਼ੈਲੀ ਅਪਨਾਉਣ ਨਾਲ ਇਸ ਤੋਂ ਬਚਾਅ ਸੰਭਵ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੁਰੱਖਿਅਤ ਖ਼ੂਨ ਚੜ੍ਹਾਉਣ, ਸਟਰਲਾਈਜ਼ਡ ਸੂਈਆਂ ਦੇ ਇਸਤੇਮਾਲ ਅਤੇ ਜਾਗਰੂਕ ਰਹਿਣ ਦੀ ਮਹੱਤਤਾ ਬਾਰੇ ਵੀ ਸਮਝਾਇਆ ਗਿਆ।ਉਨ੍ਹਾਂ ਕਿਹਾ ਕਿ ਐੱਚ. ਆਈ. ਵੀ. ਪੀੜਤ ਮਰੀਜ਼ਾਂ ਪ੍ਰਤੀ ਸਮਾਜ 'ਚ ਮੌਜੂਦ ਗਲਤ ਧਾਰਨਾਵਾਂ ਅਤੇ ਭੇਦਭਾਵ ਉਨ੍ਹਾਂ ਦੀ ਜ਼ਿੰਦਗੀ ਨੂੰ ਹੋਰ ਵੀ ਮੁਸ਼ਕਿਲ ਬਣਾਉਂਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਭਵਿੱਖ ਦੇ ਸਿਹਤ ਪੇਸ਼ੇਵਰਾਂ ਵਜੋਂ ਇਨ੍ਹਾਂ ਮਰੀਜ਼ਾਂ ਨਾਲ ਸੰਵੇਦਨਸ਼ੀਲਤਾ ਅਤੇ ਮਨੁੱਖਤਾ ਨਾਲ ਪੇਸ਼ ਆਉਣ।

ਇਸ ਦੌਰਾਨ ਡਾ. ਧਵਨ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਨੂੰ ਨਾ ਸਿਰਫ਼ ਅਕਾਦਮਿਕ ਗਿਆਨ ਦਿੰਦੇ ਹਨ, ਸਗੋਂ ਉਨ੍ਹਾਂ 'ਚ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਕਰਦੇ ਹਨ।ਉਨ੍ਹਾਂ ਕਿਹਾ ਕਿ ਇਹ ਲੈਕਚਰ ਵਿਦਿਆਰਥੀਆਂ ਲਈ ਭਵਿੱਖ 'ਚ ਬਹੁਤ ਹੀ ਜਾਣਕਾਰੀਪੂਰਨ ਅਤੇ ਪ੍ਰੇਰਨਾਦਾਇਕ ਸਾਬਤ ਹੋਵੇਗਾ ਅਤੇ ਉਨ੍ਹਾਂ ਨੂੰ ਸਿਹਤ ਜਾਗਰੂਕਤਾ ਅਤੇ ਮਨੁੱਖੀ ਮੁੱਲਾਂ ਦੀ ਮਹੱਤਤਾ ਨੂੰ ਸਮਝਣ 'ਚ ਮਦਦ ਮਿਲੇਗੀ।

# ਲੋਕ ਅਫ਼ਵਾਹਾਂ ਵੱਲ ਧਿਆਨ ਨਾ ਦੇਣ : ਚੁੱਘ



ਛੇਹਰਟਾ, (ਮਨੋਜ ਕੁਮਾਰ) : ਵੱਡੀ ਗਿਣਤੀ ਵਿਚ ਭਾਜਪਾ ਵਰਕਰਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਿੱਧ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਦੇ 132ਵੇਂ ਐਪੀਸੋਡ ਨੂੰ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੀ ਮੌਜੂਦਗੀ ਵਿਚ ਉਨ੍ਹਾਂ ਦੇ ਦਫ਼ਤਰ ਵਿਚ ਸੁਣਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੁੱਘ ਨੇ ਕਿਹਾ ਕਿ ਆਪਣੇ ਸੰਬੋਧਨ ਵਿਚ ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਨੂੰ ਭਰੋਸਾ ਦਿੱਤਾ ਹੈ ਕਿ ਮੌਜੂਦਾ ਵਿਸ਼ਵਵਿਆਪੀ ਸਥਿਤੀ ਵਿਚ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਦੇਸ਼ ਵਿਚ ਬਾਲਣ ਜਾਂ ਜ਼ਰੂਰੀ ਵਸਤੂਆਂ ਦੀ ਕੋਈ ਕਮੀ ਨਹੀਂ ਹੈ, ਪਰ ਕੁਝ ਲੋਕ ਜਾਣਬੁੱਝ ਕੇ ਝੂਠ ਤੇ ਅਫ਼ਵਾਹਾਂ ਰਾਹੀਂ ਜਨਤਾ ਵਿਚ ਡਰ ਤੇ ਅਸਥਿਰਤਾ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਚੁੱਘ ਨੇ ਦੇਸ਼ ਵਾਸੀਆਂ ਨੂੰ ਅਫ਼ਵਾਹਾਂ ਨੂੰ ਨਜ਼ਰਅੰਦਾਜ਼ ਕਰਨ ਤੇ ਸਰਕਾਰ ਦੇ ਅਧਿਕਾਰਤ ਸੰਦੇਸ਼ਾਂ 'ਤੇ ਭਰੋਸਾ ਕਰਨ ਦੀ ਅਪੀਲ ਕੀਤੀ। ਚੁੱਘ ਨੇ ਕਿਹਾ ਕਿ ਆਪਣੇ ਸੰਬੋਧਨ ਵਿਚ ਪ੍ਰਧਾਨ ਮੰਤਰੀ ਨੇ ਦੇਸ਼ ਦੇ ਨੌਜਵਾਨਾਂ ਤੇ ਖੇਡ ਜਗਤ ਦੀਆਂ ਪ੍ਰਾਪਤੀਆਂ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ 'ਖੇਲੋ ਇੰਡੀਆ' ਵਰਗੀਆਂ ਮੁਹਿੰਮਾਂ ਕਾਰਨ ਦੇਸ਼ ਭਰ ਵਿੱਚ ਨਵੀਂ ਪ੍ਰਤਿਭਾ ਉੱਭਰ ਰਹੀ ਹੈ, ਖਾਸ ਕਰਕੇ ਧੀਆਂ ਹਰ ਖੇਤਰ ਵਿਚ ਤਰੱਕੀ ਕਰ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਵੀ ਮਦਦ ਕਰ ਰਹੀਆਂ ਹਨ। ਪੰਜਾਬ ਦੀ ਸਥਿਤੀ 'ਤੇ ਬੋਲਦਿਆਂ ਚੁੱਘ ਨੇ ਦੋਸ਼ ਲਾਇਆ ਕਿ ਸੂਬੇ ਵਿਚ ਕਾਨੂੰਨ ਵਿਵਸਥਾ ਦੀ ਸਥਿਤੀ ਪੂਰੀ ਤਰ੍ਹਾਂ ਢਹਿ ਢੇਰੀ ਹੋ ਗਈ ਹੈ ਅਤੇ ਮਾਫ਼ੀਆ ਸਿਸਟਮ ਖੁੱਲ੍ਹੇਆਮ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਚੁੱਘ ਨੇ ਕਿਹਾ ਕਿ ਪੰਜਾਬ ਵਿਚ ਹਾਲਾਤ ਅਜਿਹੇ ਬਣ ਗਏ ਹਨ ਕਿ ਇਨਸਾਫ਼ ਦੀ ਬਜਾਏ ਪੀੜਤ ਪਰਿਵਾਰਾਂ ਨੂੰ ਡਰਾਇਆ-ਧਮਕਾਇਆ ਜਾ ਰਿਹਾ ਹੈ। ਅੰਤ ਵਿਚ ਚੁੱਘ ਨੇ ਕਿਹਾ ਕਿ ਅੱਜ ਦਾ 'ਮਨ ਕੀ ਬਾਤ' ਐਪੀਸੋਡ ਦੇਸ਼ ਵਾਸੀਆਂ ਨੂੰ ਇੱਕਜੁੱਟ ਰਹਿਣ, ਸਕਾਰਾਤਮਕ ਸੋਚ ਅਪਣਾਉਣ ਤੇ ਅਫ਼ਵਾਹਾਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੰਦਾ ਹੈ, ਜਿਸ ਨੂੰ ਭਾਜਪਾ ਵਰਕਰ ਲੋਕਾਂ ਤਕ ਫ਼ੈਲਾਉਣ ਲਈ ਕੰਮ ਕਰਨਗੇ।

# '6ਵਾਂ ਟੀਚਰ ਆਫ਼ ਦਾ ਯੀਅਰ ਆਫ਼ ਪੰਜਾਬ ਐਵਾਰਡ' ਦਾ ਐਲਾਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਵਿਜੇ ਸ਼ਰਮਾ)-ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਵਿਖੇ ਖ਼ਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੀ ਅਗਵਾਈ ਹੇਠ ਖ਼ਾਲਸਾ ਗਲੋਬਲ ਰੀਚ ਫਾਊਂਡੇਸ਼ਨ ਯੂ. ਐੱਸ. ਏ. ਵੱਲੋਂ ਅਧਿਆਪਕਾਂ ਦੀ ਹੌਸਲਾ ਅਫ਼ਜ਼ਾਈ ਸਬੰਧੀ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਸਹਿਯੋਗ ਨਾਲ ਉਲੀਕੇ '6ਵਾਂ ਟੀਚਰ ਆਫ਼ ਦਾ ਯੀਅਰ ਆਫ਼ ਪੰਜਾਬ ਐਵਾਰਡ' ਦੀਆਂ ਤਿਆਰੀਆਂ ਸਬੰਧੀ ਇਕ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ ਮੌਕੇ ਫ਼ਾਊਂਡੇਸ਼ਨ ਦੇ ਕੋਆਰਡੀਨੇਟਰ ਡਾ. ਸਰਬਜੀਤ ਸਿੰਘ ਹੁਸ਼ਿਆਰ ਨਗਰ ਨੇ ਡਾ. ਕੁਮਾਰ ਤੇ ਹੋਰ ਸਟਾਫ਼ ਨਾਲ ਮਿਲ ਕੇ ਪੋਸਟਰ ਜਾਰੀ ਕਰਦਿਆਂ ਉਕਤ ਪ੍ਰੋਗਰਾਮ ਦਾ ਐਲਾਨ ਕੀਤਾ।ਇਸ ਸਬੰਧੀ ਡਾ. ਕੁਮਾਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਿੱਥੇ ਵਿਦਿਆਰਥੀਆਂ ਦੇ ਉਜਵਲ ਭਵਿੱਖ ਵਾਸਤੇ ਕਈ ਪ੍ਰੋਗਰਾਮ ਬਣਾਏ ਹਨ, ਉਥੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਰਹੀ ਉਕਤ ਸੰਸਥਾ ਵੱਲੋਂ ਮਹੱਤਵਪੂਰਨ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਦੀ ਹੌਸਲਾ ਅਫ਼ਜ਼ਾਈ ਸਬੰਧੀ ਉਪਰੋਕਤ 6ਵਾਂ ਟੀਚਰ ਐਵਾਰਡ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਸਾਲ ਉਕਤ ਐਵਾਰਡ ਦੇ ਪ੍ਰੋਗਰਾਮ ਲਈ ਈਮੇਲ ਰਾਹੀਂ ਅਰਜ਼ੀਆਂ ਲੈਣ ਦੀ ਆਖ਼ਰੀ ਮਿਤੀ 30 ਅਪ੍ਰੈਲ ਨਿਰਧਾਰਿਤ ਕੀਤੀ ਗਈ ਹੈ, ਜਦਕਿ ਇਸ ਸਬੰਧੀ ਦਸਤਾਵੇਜ਼ ਭੇਜਣ ਦੀ ਆਖ਼ਰੀ ਮਿਤੀ 15 ਮਈ ਹੈ। ਇਸ ਮੌਕੇ ਡਾ. ਹੁਸ਼ਿਆਰ ਨਗਰ ਨੇ ਕਿਹਾ ਕਿ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਅਤੇ ਗਲੋਬਲ ਫ਼ਾਊਂਡੇਸ਼ਨ ਦੇ ਫ਼ਾਊਂਡਰ ਡਾ. ਬਖ਼ਸ਼ੀਸ਼ ਸਿੰਘ ਦਾ ਸੁਪਨਾ ਹੈ ਕਿ ਅਧਿਆਪਕ ਦੇ ਕੀਤੇ ਕੰਮ ਦਾ ਮੁਲਾਂਕਣ ਕਰ ਕੇ ਉਨ੍ਹਾਂ ਨੂੰ ਉਤਸ਼ਾਹਿਤ ਕੀਤਾ ਜਾਵੇ ਤਾਂ ਕਿ ਉਹ ਆਪਣੇ ਕਾਰਜ ਹੋਰ ਵਧਿਆ ਢੰਗ ਨਾਲ ਕਰ ਸਕਣ, ਇਸੇ ਨੂੰ ਪੂਰਾ ਕਰਨਾ ਹੀ ਸਾਡਾ ਮੁੱਖ ਮਕਸਦ ਹੈ।ਉਨ੍ਹਾਂ ਕਿਹਾ ਕਿ 2020 ਤੋਂ ਆਗਾਜ਼ ਕੀਤੇ ਗਏ ਉਕਤ ਐਵਾਰਡ ਸਬੰਧੀ ਵੱਡੀ ਤਾਦਾਦ 'ਚ ਅਧਿਆਪਕਾਵਾਂ ਵੱਲੋਂ ਅਪਲਾਈ ਕੀਤਾ ਜਾਂਦਾ ਹੈ ਅਤੇ ਹੁਣ ਇਸ ਸਾਲ ਵੀ ਉਕਤ ਪ੍ਰੋਗਰਾਮ ਦੀਆਂ ਤਿਆਰੀਆਂ ਸਬੰਧੀ ਡਾ. ਕੁਮਾਰ ਅਤੇ ਸਬੰਧਿਤ ਸਟਾਫ਼ ਵੱਲੋਂ ਸਮੂਹ ਕੰਮ ਨੂੰ ਬੜੀ ਮਿਹਨਤ ਨਾਲ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਦੇ ਚੇਅਰਮੈਨ ਵੱਲੋਂ ਇਸ ਸਬੰਧੀ ਜ਼ਿਲ੍ਹਾ ਪੱਧਰ 'ਤੇ ਸੱਦਾ ਪੱਤਰ ਸਮੂਹ ਡੀ. ਓ. ਨੂੰ ਭੇਜਿਆ ਜਾਵੇਗਾ।ਇਸ ਸਬੰਧੀ ਡਾ. ਹੁਸ਼ਿਆਰ ਨਗਰ ਨੇ ਕੌਂਸਲ ਦੇ ਪ੍ਰਧਾਨ ਸ: ਸੱਤਿਆਜੀਤ ਸਿੰਘ ਮਜੀਠੀਆ ਅਤੇ ਸ: ਛੀਨਾ ਵੱਲੋਂ ਪ੍ਰੋਗਰਾਮ ਦੇ ਨੇਪਰੇ ਚਾੜ੍ਹਨ ਲਈ ਦਿੱਤੇ ਜਾ ਰਹੇ ਭਰਪੂਰ ਸਹਿਯੋਗ ਤੇ ਹੱਲਾਸ਼ੇਰੀ ਲਈ ਧੰਨਵਾਦ ਵੀ ਕੀਤਾ।ਉਨ੍ਹਾਂ ਕਿਹਾ ਕਿ ਐਵਾਰਡ ਜੇਤੂਆਂ ਨੂੰ 1 ਲੱਖ ਤੋਂ ਲੈ ਕੇ 10 ਹਜ਼ਾਰ ਰੁਪਏ ਤੱਕ ਦੇ ਚੈੱਕ ਇਨਾਮ ਵਜੋਂ ਦਿੱਤੇ ਜਾਣਗੇ।ਇਸ ਮੀਟਿੰਗ ਦੌਰਾਨ ਕਮੇਟੀ ਮੈਂਬਰ ਡਾ. ਨਿਰਮਲਜੀਤ ਕੌਰ, ਡਾ. ਗੁਰਜੀਤ ਕੌਰ, ਪ੍ਰੋ: ਰਾਜਵਿੰਦਰ ਕੌਰ, ਡਾ. ਅਵਨੀਤ ਕੌਰ, ਡਾ. ਹਰਸਿਮਰਨਜੀਤ ਕੌਰ ਸ਼ਾਮਿਲ ਹੋਏ।

# ਕਾਰ ਤੇ ਟਰੱਕ ਵਿਚਾਲੇ ਭਿਆਨਕ ਟੱਕਰ; ਜਾਨੀ ਨੁਕਸਾਨ ਤੋਂ ਬਚਾਅ



ਬਿਆਸ (ਪਰਮਜੀਤ ਸਿੰਘ ਰੱਖੜਾ)-ਬੀਤੀ ਰਾਤ ਜਲੰਧਰ-ਅੰਮ੍ਰਿਤਸਰ ਮੁੱਖ ਮਾਰਗ 'ਤੇ ਮੋੜ ਉਮਰਾਨੰਗਲ ਨੇੜੇ ਸੜਕ 'ਤੇ ਗਲਤ ਸਾਈਡ 'ਤੇ ਆ ਰਹੇ ਮੋਟਰਸਾਈਕਲ ਸਵਾਰ ਨੂੰ ਬਚਾਉਂਦੇ ਹੋਏ ਕਾਰ ਅਤੇ ਟਰੱਕ ਦਰਮਿਆਨ ਭਿਆਨਕ ਹਾਦਸਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ।ਇਸ ਹਾਦਸੇ ਦੌਰਾਨ ਪਰਮਾਤਮਾ ਦੀ ਕਿਰਪਾ ਸਦਕਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਿਆਸ ਦੇ ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਸੰਦੀਪ ਸਿੰਘ ਬੀਤੀ ਰਾਤ ਨਿੱਜੀ ਕੰਮ ਤੋਂ ਬਾਅਦ ਉਮਰਾਨੰਗਲ ਮੋੜ ਤੋਂ ਬਿਆਸ ਆ ਰਿਹਾ ਸੀ।

ਇਸ ਦਰਮਿਆਨ ਸਾਹਮਣੇ ਫੁੱਟਪਾਥ ਦੇ ਨਾਲ ਗ਼ਲਤ ਸਾਈਡ ਤੋਂ ਆ ਰਹੇ ਮੋਟਰਸਾਈਕਲ ਸਵਾਰ ਨੂੰ ਬਚਾਉਣ ਦੀ ਕੋਸ਼ਿਸ਼ ਕਰਦਿਆਂ ਇੱਕ ਅਣਪਛਾਤੇ ਟਰੱਕ ਚਾਲਕ ਵੱਲੋਂ ਕਾਰ ਨੂੰ ਜ਼ਬਰਦਸਤ ਫੇਟ ਮਾਰ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਹਾਦਸਾ ਇੰਨਾ ਭਿਆਨਕ ਸੀ ਕਿ ਇਸ ਦਰਮਿਆਨ ਕਾਰ ਦੇ ਏਅਰ ਬੈਗ ਤੱਕ ਖੁੱਲ੍ਹ ਗਏ ਅਤੇ ਕਾਰ ਦਾ ਇੰਜਣ ਅਤੇ ਬੈਟਰੀ ਫਟਣ ਕਾਰਨ ਕਾਰ ਦਾ ਕਾਫੀ ਨੁਕਸਾਨ ਹੋ ਗਿਆ।ਸ਼ੁਕਰ ਹੈ ਉਨ੍ਹਾਂ ਦੇ ਪੁੱਤਰ ਸੰਦੀਪ ਸਿੰਘ ਦਾ ਵਾਲ-ਵਾਲ ਬਚਾਅ ਹੋ ਗਿਆ, ਮਾਮੂਲੀ ਜਿਹੀਆਂ ਸੱਟਾਂ ਲੱਗੀਆਂ ਹਨ।ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਨੇ ਦੱਸਿਆ ਕਿ ਉਕਤ ਘਟਨਾ ਦੀ ਸੂਚਨਾ ਤੁਰੰਤ ਡੀਐੱਸਪੀ ਬਾਬਾ ਬਕਾਲਾ ਸਾਹਿਬ ਅਰੁਣ ਸ਼ਰਮਾ ਅਤੇ ਐੱਸਐੱਚਓ ਬਿਆਸ ਇੰਸਪੈਕਟਰ ਗੁਰਵਿੰਦਰ ਸਿੰਘ ਨੂੰ ਦਿੱਤੀ ਗਈ। ਉਨ੍ਹਾਂ ਵੱਲੋਂ ਤੁਰੰਤ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਸੰਭਾਲਿਆ ਗਿਆ।ਉਨ੍ਹਾਂ ਦੱਸਿਆ ਕਿ ਘਟਨਾ ਤੋਂ ਬਾਅਦ ਟਰੱਕ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਈ ਟੀ ਓ ਨੇ ਫਤਿਹਪੁਰ ਰਾਜਪੂਤਾਂ ਖ਼ੁਰਦ ਤੇ ਗਿੱਲ ਵਿਖੇ ਲੋਕਾਂ ਨਾਲ ਰਚਾਇਆ ਸਿੱਧਾ ਸੰਵਾਦ

## * ਪੰਜਾਬ ਸਰਕਾਰ ਦੇ ਚਾਰ ਸਾਲਾ ਸਾਸ਼ਨ ਦੌਰਾਨ ਕੀਤੇ ਵਿਕਾਸ ਕਾਰਜਾਂ ਦੀ ਖਿੱਚੀ ਤਸਵੀਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਪਿੰਡ ਫਤਿਹਪੁਰ ਰਾਜਪੂਤਾਂ ਖ਼ੁਰਦ ਅਤੇ ਗਿੱਲ ਵਿਖੇ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੇ ਪਿੰਡ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਹਲਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ।ਉਨ੍ਹਾਂ ਕਿਹਾ ਕਿ ਆਮ ਤੌਰ ਤੇ ਵੇਖਣ ਵਿੱਚ ਆਉਂਦਾ ਸੀ ਕਿ ਪਿਛਲੀਆਂ ਸਰਕਾਰਾਂ ਕੇਵਲ ਆਪਣੀ ਆਖਿਰੀ ਸਾਲ ਦੇ ਕੰਮ ਵਿੱਚ ਹੀ ਛੋਟੇ ਮੋਟੇ ਵਿਕਾਸ ਦੇ ਕੰਮ ਕਰਕੇ ਲੋਕਾਂ ਨੂੰ ਵਰਗਲਾ ਲੈਂਦੀਆਂ ਸਨ ਪਰ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ।ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐੱਸ.ਸੀ. ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ।ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ।ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੇ ਪੱਧਰ ਤੇ ਕਾਰਵਾਈਆਂ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ, ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ।ਇਸ ਮੌਕੇ ਬਲਾਕ ਪ੍ਰਧਾਨ/ਸਰਪੰਚ ਪਿੰਡ ਕਿਲ੍ਹਾ ਜੀਵਨ ਸਿੰਘ ਬਲਜਿੰਦਰ ਸਿੰਘ, ਸਰਪੰਚ ਮੰਗਲ ਸਿੰਘ, ਸਰਪੰਚ ਪਿੰਡ ਮੱਖਣਵਿੰਡੀ ਸ. ਸੁਖਵਿੰਦਰ ਸਿੰਘ (ਸੁੰਦਰ), ਸਰਪੰਚ ਪਿੰਡ ਫਤਿਹਪੁਰ ਰਾਜਪੂਤਾਂ ਖੁਰਦ, ਕੁਲਵਿੰਦਰ ਕੌਰ ਪਤਨੀ ਰਣਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਜਾਮਾਰਾਏ ਤੇ ਭੈਲ ਢਾਏ ਵਾਲਾ ਦੇ ਸਕੂਲਾਂ 'ਚ ਐੱਚ ਪੀ ਵੀ ਵੈਕਸੀਨੇਸ਼ਨ ਜਾਗਰੂਕਤਾ ਕੈਂਪ ਲਗਾਏ




ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਆਰਬੀਐੱਸਕੇ ਟੀਮ ਵੱਲੋਂ ਸਰਕਾਰੀ ਹਾਈ ਸਕੂਲ ਜਾਮਾਰਾਏ ਅਤੇ ਭੈਲ ਢਾਏ ਵਾਲਾ ਵਿਖੇ ਵਿਦਿਆਰਥੀਆਂ ਨੂੰ ਐੱਚਪੀਵੀ ਵੈਕਸੀਨੇਸ਼ਨ ਸਬੰਧੀ ਜਾਗਰੂਕਤਾ ਕੈਂਪ ਲਗਾਏ ਗਏ ਹਨ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡਾਕਟਰ ਕਰਮਬੀਰ ਸਿੰਘ ਆਯੁਰਵੈਦਿਕ ਮੈਡੀਕਲ ਅਫਸਰ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਕਵਲਜੀਤ ਕੌਰ ਸਟਾਫ ਨਰਸ ਅਤੇ ਅਮਨਦੀਪ ਕੌਰ ਸਟਾਫ ਨਰਸ ਵੱਲੋਂ ਸੀਐੱਚਸੀ ਸਰਹਾਲੀ ਅਧੀਨ ਆਉਂਦੇ ਸਰਕਾਰੀ ਹਾਈ ਸਕੂਲ ਜਾਮਾਰਾਏ ਅਤੇ ਭੈਲ ਢਾਏ ਵਾਲਾ ਵਿਖੇ ਸਕੂਲੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਐੱਚਪੀਵੀ ਵੈਕਸੀਨੇਸ਼ਨ ਸਬੰਧੀ ਜਾਗਰੂਕ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਟੀਕਾ ਜਿਨ੍ਹਾਂ ਕੁੜੀਆਂ ਦਾ 14 ਸਾਲ ਦਾ ਜਨਮ ਦਿਨ ਮਨਾਇਆ ਜਾ ਚੁੱਕਾ ਹੈ ਅਤੇ 15 ਸਾਲ ਦਾ ਜਨਮ ਦਿਨ ਮਨਾਉਣ ਵਾਲਾ ਰਹਿੰਦਾ ਹੈ ਉਨ੍ਹਾਂ ਨੂੰ ਲਗਵਾਉਣਾ ਬਹੁਤ ਜ਼ਰੂਰੀ ਹੈ ਕਿਉਂਕਿ ਇਹ ਟੀਕਾ ਕੁੜੀਆਂ ਨੂੰ ਵੱਖ-ਵੱਖ ਕੈਂਸਰ ਦੀਆਂ ਬਿਮਾਰੀਆਂ ਖਾਸ ਕਰਕੇ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਤੋਂ ਬਚਾਉਂਦਾ ਹੈ। ਇਸ ਲਈ ਇਹ ਟੀਕਾ ਲਗਵਾਉਣਾ ਬਹੁਤ ਜ਼ਰੂਰੀ ਹੈ ਜੋ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ ਲਗਾਇਆ ਜਾ ਰਿਹਾ ਹੈ।

# ਕਰਨਬੀਰ ਸਿੰਘ ਬੁਰਜ ਨੇ ਗੰਡੀਵਿੰਡ ਵਿਖੇ ਲਗਾਇਆ ਅੱਖਾਂ ਦਾ ਮੁਫਤ ਮੈਡੀਕਲ ਕੈਂਪ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਹਲਕੇ ਦੇ ਲੋਕਾਂ ਦੀ ਜ਼ਰੂਰੀ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਡਿਪਟੀ ਕਮਿਸ਼ਨਰ ਅਤੇ ਸਿਵਲ ਸਰਜਨ ਦੇ ਸਹਿਯੋਗ ਨਾਲ ਅੱਜ ਪਿੰਡ ਗੰਡੀਵਿੰਡ ਵਿਖੇ ਅੱਖਾਂ ਦਾ ਫਰੀ ਮੈਡੀਕਲ ਕੈਂਪ ਬਾਬਾ ਬੁੱਢਾ ਵੈੱਲਫੇਅਰ ਸੁਸਾਇਟੀ ਅਤੇ ਅੱਖਾਂ ਦੇ ਸਪੈਸ਼ਲਿਸਟ ਡਾਕਟਰਾਂ ਦੇ ਸਹਿਯੋਗ ਸਦਕਾ ਲਗਾਇਆ ਗਿਆ, ਜਿਸ ਵਿੱਚ ਡਾ. ਬਲਜੀਤ ਸਿੰਘ ਢਿੱਲੋਂ, ਬਲਵਿੰਦਰ ਸਿੰਘ ਬਾਠ, ਰਮਨਦੀਪ ਕੌਰ, ਰਜਤ ਸਿੰਘ, ਸੰਦੀਪ ਸਿੰਘ, ਮੈਡਮ ਰਿਤਕਾ, ਪਵਨਪ੍ਰੀਤ ਕੌਰ, ਸ਼ਰਨਜੀਤ ਸਿੰਘ ਆਦਿ ਸਪੈਸ਼ਲਿਸਟ ਅੱਖਾਂ ਦੇ ਡਾਕਟਰਾਂ ਦੀ ਟੀਮ ਨੇ ਕੋਈ 1000 ਦੇ ਕਰੀਬ ਲੋਕਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ।

ਇਸ ਕੈਂਪ ਦਾ ਉਦਘਾਟਨ ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਨੇ ਕਰਦਿਆਂ ਕਿਹਾ ਕਿ ਸਰਹੱਦੀ ਇਲਾਕੇ ਵਿੱਚ ਸਿਹਤ ਸਹੂਲਤਾਂ ਦਾ ਮੰਦਾ ਹਾਲ ਹੈ ਜਿਸ ਨੂੰ ਮੁੱਖ ਰੱਖ ਕੇ ਅਜਿਹੇ ਹੋਰ ਕੈਂਪ ਆਉਣ ਵਾਲੇ ਸਮੇਂ ਵਿੱਚ ਲਗਾਏ ਜਾਣਗੇ।ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਲਗਭਗ 125 ਦੇ ਕਰੀਬ ਲੋੜਵੰਦਾਂ ਦੇ ਮੁੱਫਤ ਅਪਰੇਸ਼ਨ ਕਰਕੇ ਦਵਾਈਆਂ ਤੇ ਐਨਕਾਂ ਦਿੱਤੀਆਂ ਜਾਣਗੀਆਂ।ਇਸ ਸਮੇਂ ਸੁਖਬੀਰ ਸਿੰਘ ਸੁੱਖੀ ਬੁਰਜ, ਸਾਬਕਾ ਸਰਪੰਚ ਹਰਜੀਤ ਕੌਰ ਗੰਡੀਵਿੰਡ, ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਜੇਈ ਨੌਨਿਹਾਲ ਸਿੰਘ ਕਸੇਲ, ਲਖਵਿੰਦਰ ਸਿੰਘ ਗੰਡੀਵਿੰਡ, ਸੁਖਵੰਤ ਸਿੰਘ, ਸਰਪ੍ਰੀਤ ਸਿੰਘ ਗੰਡੀਵਿੰਡ, ਮਾਹਬੀਰ ਸਿੰਘ ਗਹਿਰੀ, ਡਾ. ਹਰਪਾਲ ਸਿੰਘ ਬਿੱਟਾ, ਸਰਪੰਚ ਗੁਰਚਰਨ ਸਿੰਘ ਖੈਰਦੀ, ਗੁਰਦੇਵ ਸਿੰਘ ਰਿੰਟੂ ਸੋਹਲ, ਗੁਰਜੀਤ ਸਿੰਘ ਸੋਹਲ, ਮਖਤੂਲ ਸਿੰਘ ਸੋਹਲ, ਗੁਰਿੰਦਰ ਸਿੰਘ ਭਾਟੀਆ ਸੋਹਲ, ਬੱਬੂ ਸੋਹਲ, ਬੂਟਾ ਸਿੰਘ ਚਾਹਲ, ਸਾਬਕਾ ਸਰਪੰਚ ਸੁੱਚਾ ਸਿੰਘ, ਸਤਵਿੰਦਰ ਸਿੰਘ ਕਾਕਾ ਢਿੱਲੋਂ ਦਿੱਲੀ ਵਾਲੇ, ਡਾ. ਬਲਜੀਤ ਸਿੰਘ ਛਾਪਾ, ਠੇਕੇਦਾਰ ਮਖਤੂਲ ਸਿੰਘ ਸੋਹਲ, ਸਾਬਕਾ ਸਰਪੰਚ ਗੁਰਸੇਵਕ ਸਿੰਘ ਚੀਮਾ, ਗੁਰਲਾਲ ਸਿੰਘ ਲਹੀਆ, ਕੁਵਰਦੀਪ ਸਿੰਘ ਚੀਮਾ, ਭਲਵਿੰਦਰ ਸਿੰਘ ਚਾਹਲ, ਗੁਰਭੇਜ ਸਿੰਘ ਸਰਾਏ ਅਮਾਨਤ ਖਾਂ ਆਦਿ ਹਾਜ਼ਰ ਸਨ।

